R.N.I Regd. No. PUNPUN/2023/88634
ਫ਼ੋਨ -01633-358364 (ਮੋ. 62803-56564)
ਮੰਗਲਵਾਰ 26 ਨਵੰਬਰ - 2024 ਸ੍ਰੀ ਮੁਕਤਸਰ ਸਾਹਿਬ
ਸਾਲ (Year) : 01
ਮੁੱਲ (Rate) : 04 ਰੁ.
ਪੰਨੇ (Pages) : 8

# ਪੰਜਾਬ ਦਾ ਖੁਲਾਸਾ

ਮੁੱਖ ਸੰਪਾਦਕ : ਮਨਪ੍ਰੀਤ ਸਿੰਘ    ਸ੍ਰੀ ਮੁਕਤਸਰ ਸਾਹਿਬ    Weekly PUNJAB DA KHULASA

www.punjabdakhulasa.in    ww. facbook.com/punjabdakhulasa    E.mail.punjabdakhulasa1313@gmail.com

**ਪੱਤਰਕਾਰਾਂ ਦੀ ਲੋੜ**

40 ਮੁਕਤਿਆਂ ਦੀ ਪਵਿੱਤਰ ਧਰਤੀ ਸ੍ਰੀ ਮੁਕਤਸਰ ਸਾਹਿਬ ਤੋਂ ਪ੍ਰਕਾਸ਼ਿਤ ਹੋਏ ਨਵੇਂ ਅਖਬਾਰ

**ਪੰਜਾਬ ਦਾ ਖੁਲਾਸਾ**

ਨੂੰ ਵੱਖ-ਵੱਖ ਜਿਲ੍ਹਿਆਂ ਵਿਚੋਂ ਜਿਲ੍ਹਾ ਇੰਚਾਰਜ ਅਤੇ ਪੱਤਰਕਾਰਾਂ ਦੀ ਲੋੜ ਹੈ

ਸੰਪਰਕ
62803-56564
ਸੰਪਾਦਕ :
ਅਸ਼ੋਕ ਭਾਰਦਵਾਜ

## ਲਾਲ ਚੂੜੇ ਵਾਲੀ ਕੁੜੀ ਦੀ ਕਾਰ ਹੋਈ ਹਾਦਸੇ ਦਾ ਸ਼ਿਕਾਰ, 2 ਜਣਿਆਂ ਦੀ ਮੌਤ

ਪੰਜਾਬ ਦਾ ਖੁਲਾਸਾ

**ਫਰੀਦਕੋਟ** - ਫਰੀਦਕੋਟ ਸਾਦਿਕ ਰਾਜ ਮਾਰਗ 'ਤੇ ਦੇਰ ਰਾਤ ਭਿਆਨਕ ਸੜਕ ਹਾਦਸਾ ਵਾਪਰਿਆ, ਜਿਸ ਵਿਚ 2 ਲੋਕਾਂ ਦੀ ਮੌਕੇ 'ਤੇ ਮੌਤ ਹੋ ਗਈ ਜਦੋਂ ਕਿ ਇਕ ਗੰਭੀਰ ਰੂਪ ਵਿਚ ਜ਼ਖ਼ਮੀਂ ਹੋਇਆ। ਜਿਸ ਨੂੰ ਇਲਾਜ ਲਈ ਫਰੀਦਕੋਟ ਦੇ ਨਿੱਜੀ ਹਸਪਤਾਲ ਵਿਚ ਦਾਖਲ ਕਰਵਾਇਆ ਗਿਆ ਸੀ, ਜਿਥੇ ਡਾਕਟਰਾਂ ਨੇ ਉਸ ਨੂੰ ਬਠਿੰਡਾ ਰੈਫ਼ਰ ਕਰ ਦਿੱਤਾ।

ਪ੍ਰਾਪਤ ਜਾਣਕਾਰੀ ਅਨੁਸਾਰ ਦੇਰ ਰਾਤ ਕਰੀਬ 9 ਵਜੇ ਇਕ ਤੇਜ਼ ਰਫ਼ਤਾਰ ਕਾਰ ਸਾਦਿਕ ਵੱਲ ਨੂੰ ਜਾ ਰਹੀ ਸੀ ਜੋ ਆਪਣੇ ਅੱਗੇ ਜਾ ਰਹੇ ਇਕ ਟਰੈਕਟਰ ਟਰਾਲੇ ਨਾਲ ਪਿੱਛੋਂ ਟਕਰਾਅ ਗਈ, ਟੱਕਰ ਇੰਨੀ ਜ਼ਬਰਦਸਤ ਸੀ ਕਿ ਕਾਰ ਦੇ ਪਖੱਚੇ ਉੱਡ ਗਏ। ਮੌਕੇ 'ਤੇ ਮੌਜੂਦ ਚਸ਼ਮਦੀਦ ਮੁਤਾਬਿਕ ਉਹ ਆਪਣੀ ਕਾਰ 'ਤੇ ਫਰੀਦਕੋਟ ਵੱਲ ਨੂੰ ਰਿਹਾ ਸੀ, ਇਸ ਦੌਰਾਨ ਬਹੁਤ ਤੇਜ਼ ਰਫ਼ਤਾਰ ਕਾਰ ਉਨ੍ਹਾਂ ਦੇ ਕੋਲੋਂ ਲੰਘੀ 'ਤੇ ਅੱਗੇ ਜਾ ਕੇ ਹਾਦਸੇ ਦਾ ਸ਼ਿਕਾਰ ਹੋ ਗਈ। ਉਸ ਨੇ ਦੱਸਿਆ ਜਦੋਂ ਘਟਨਾ ਸਥਾਨ ਦੇ ਜਾ ਕੇ ਦੇਖਿਆ ਤਾਂ ਕਾਰ ਵਿਚ ਚਾਰ ਲੋਕ ਸਵਾਰ ਸਨ ਜਿੰਨਾਂ ਵਿਚ 3 ਮੁੰਡੇ ਅਤੇ ਇਕ ਕੁੜੀ ਮੌਜੂਦ ਸੀ, ਜਿਸ ਨੇ ਲਾਲ ਚੂੜਾ ਅਤੇ ਲਾਲ ਸੂਟ ਪਹਿਨਿਆ ਹੋਇਆ ਸੀ। ਦੇਖਣ ਤੋਂ ਲਗਦਾ ਸੀ ਕਿ ਉਸ ਦੀ ਕੁਝ ਦਿਨ ਪਹਿਲਾਂ ਹੀ ਵਿਆਹ ਹੋਇਆ ਹੋਵੇ। ਉਨ੍ਹਾਂ ਦੱਸਿਆ ਕਿ ਕਾਰ ਵਿਚ ਸਵਾਰ 2 ਮੁੰਡਿਆਂ ਦੀ ਮੌਕੇ 'ਤੇ ਮੌਤ ਹੋ ਗਈ ਸੀ ਅਤੇ ਇਕ ਕੁੜੀ ਗੰਭੀਰ ਹਾਲਤ ਵਿਚ ਸੀ ਜਿਸ ਨੂੰ ਉਨ੍ਹਾਂ ਨੇ ਬਾਹਰ ਕੱਢਿਆ ਅਤੇ ਹਸਪਤਾਲ ਦਾਖ਼ਲ ਕਰਵਾਇਆ।ਉਹਨਾਂ ਦੱਸਿਆ ਕਿ ਕਾਰ ਸਵਾਰਾਂ ਦਾ ਚੌਥਾ ਸਾਥੀ ਬਿਲਕੁਲ ਠੀਕ ਹੈ।



ਇਸ ਦੌਰਾਨ ਪੂਰੇ ਮਾਮਲੇ ਬਾਰੇ ਜਾਣਕਾਰੀ ਦਿੰਦਿਆਂ ਥਾਣਾ ਸਿਟੀ 2 ਫਰੀਦਕੋਟ ਦੇ ਮੁੱਖ ਅਫਸਰ ਸੁਖਦਰਸ਼ਨ ਸ਼ਰਮਾਂ ਨੇ ਦੱਸਿਆ ਕਿ ਉਨ੍ਹਾਂ ਨੂੰ ਇਤਲਾਹ ਮਿਲੀ ਸੀ ਕਿ ਸਾਦਿਕ ਰੋਡ ਤੇ ਇਕ ਕਾਰ ਅਤੇ ਟਰੈਕਟਰ ਦੀ ਟੱਕਰ ਹੋਈ ਹੈ। ਉਨ੍ਹਾਂ ਦੱਸਿਆ ਕਿ ਮੌਕੇ 'ਤੇ ਜਾ ਕੇ ਵੇਖਿਆ ਤਾਂ ਕਾਰ ਵਿਚ ਸਵਾਰ 2 ਮੁੰਡਿਆਂ ਦੀ ਮੌਤ ਹੋ ਚੁੱਕੀ ਸੀ ਅਤੇ ਇਕ ਕੁੜੀ ਗੰਭੀਰ ਜ਼ਖ਼ਮੀ ਸੀ ਜਿਸ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ, ਜਿੱਥੋਂ ਉਸ ਦੀ ਹਾਲਤ ਗੰਭੀਰ ਹੋਣ ਕਾਰਨ ਬਠਿੰਡਾ ਲਈ ਰੈਫਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮ੍ਰਿਤਕ ਦੋਵੇਂ ਮੁੰਡੇ ਪਿੰਡ ਕੰਮੇਆਣਾ ਦੇ ਰਹਿਣ ਵਾਲੇ ਸਨ ਅਤੇ ਕੁੜੀ ਬਾਰੇ ਹਾਲੇ ਕੁਝ ਪਤਾ ਨਹੀਂ ਚੱਲ ਸਕਿਆ ਹੈ। ਉਨ੍ਹਾਂ ਕਿਹਾ ਕਿ ਪੁਲਸ ਵੱਲੋਂ ਲਾਸ਼ਾਂ ਨੂੰ ਕਬਜ਼ੇ ਵਿਚ ਲੈ ਕੇ ਅੱਗੇ ਦੀ ਕਾਰਵਾਈ ਅਮਲ ਵਿਚ ਲਿਆਂਦੀ ਜਾ ਰਹੀ ਹੈ।

## ਰਾਸ਼ਟਰਪਤੀ ਵੱਲੋਂ ਪੰਜਾਬ ਦੇ ਮੁੱਖ ਸਕੱਤਰ ਤੋਂ ਰਿਪੋਰਟ ਤਲਬ

ਪੰਜਾਬ ਦਾ ਖੁਲਾਸਾ

ਲੁਧਿਆਣਾ - ਸ਼ਹੀਦ-ਏ-ਆਜ਼ਮ ਸੁਖਦੇਵ ਥਾਪਰ ਦੇ ਸਥਾਨਕ ਨੌਘਰਾ ਸਥਿਤ ਜਨਮ ਸਥਾਨ ਨੂੰ ਚੌੜਾ ਬਾਜ਼ਾਰ ਪੀ.ਐੱਨ.ਬੀ. ਬੈਂਕ ਵਾਲੀ ਗਲੀ ਤੋਂ ਸਿੱਧਾ ਰਸਤਾ ਦੇਣ ਅਤੇ ਨਵੀਨੀਕਰਨ ਹੋ ਰਹੇ ਲੁਧਿਆਣਾ ਦੇ ਰੇਲਵੇ ਸਟੇਸ਼ਨ ਦਾ ਨਾਂ ਸ਼ਹੀਦ-ਏ-ਆਜ਼ਮ ਸੁਖਦੇਵ ਥਾਪਰ ਦੇ ਨਾਮ 'ਤੇ ਰੱਖ ਕੇ ਸ਼ਹੀਦ ਨੂੰ ਮਾਣ ਸਨਮਾਨ ਦਿਵਾਉਣ ਵਿਚ ਦੇਰ ਹੋਣ ਦਾ ਮਾਮਲਾ ਭਾਰਤ ਦੇ ਰਾਸ਼ਟਰਪਤੀ ਦੇ ਦਰਬਾਰ ਪੁੱਜ ਗਿਆ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਪੰਜਾਬ ਦੇ ਮੁੱਖ ਸੈਕਟਰੀ ਤੋਂ ਲਿਖਤੀ ਵਿਚ ਜਨਮ ਸਥਾਨ ਨੂੰ ਸਿੱਧਾ ਰਸਤਾ ਦੇਣ ਵਿਚ ਹੋ ਰਹੀ ਦੇਰ ਦੀ ਰਿਪੋਰਟ ਮੰਗੀ ਅਤੇ ਸ਼ਹੀਦ ਪਰਿਵਾਰ ਨੂੰ ਆ ਰਹੀਆਂ ਮੁਸ਼ਕਲਾਂ ਤੋਂ ਵੀ ਜਾਗਰੂਕ ਕਰਵਾ ਕੇ ਜਲਦ ਐਕਸ਼ਨ ਲੈਣ ਲਈ ਕਿਹਾ ਗਿਆ। ਵਰਣਨਯੋਗ ਹੈ ਕਿ ਸ਼ਹੀਦ ਸੁਖਦੇਵ ਥਾਪਰ ਮੈਮੋਰੀਅਲ ਟਰਸਟ ਨੇ ਸ਼ਹੀਦ ਸੁਖਦੇਵ ਦੇ ਜਨਮ ਸਥਾਨ ਨੂੰ ਸਿੱਧਾ ਰਸਤਾ ਪੀ.ਐੱਨ.ਬੀ. ਬੈਂਕ ਵਾਲੀ ਗਲੀ ਤੋਂ ਦੇਣ ਦੀ ਸਾਲਾਂ ਤੋਂ ਲਟਕਦੀ ਆ ਰਹੀ ਪ੍ਰਕਿਰਿਆ 'ਤੇ ਰਾਸ਼ਟਰਪਤੀ ਨੂੰ ਪੱਤਰ ਲਿਖਿਆ। ਟਰਸਟ ਦੇ ਪ੍ਰਧਾਨ ਅਸ਼ੋਕ ਥਾਪਰ ਨੇ ਰਾਸ਼ਟਰਪਤੀ ਨੂੰ ਲਿਖੇ ਪੱਤਰ ਦੀ ਜਾਣਕਾਰੀ ਦਿੰਦੇ ਕਿਹਾ ਕਿ ਦੋ ਦਹਾਕਿਆਂ ਤੋਂ ਸਮੇਂ ਸਮੇਂ ਦੀਆਂ ਸਰਕਾਰਾਂ ਨੇ ਬਿਨਾਂ ਕਾਰਨ ਸਿੱਧਾ ਰਸਤਾ ਦੇਣ ਦੀ ਪ੍ਰਕਿਰਿਆ ਵਿਚ ਦੇਰ ਹੋ ਰਹੀ ਹੈ ਅਤੇ ਪਿਛਲੇ ਸਾਲ ਲੁਧਿਆਣਾ ਰੇਲਵੇ ਸਟੇਸ਼ਨ ਦਾ ਨਵੀਨੀਕਰਨ ਸ਼ੁਰੂ ਹੋਇਆ ਸੀ ਜੋ ਸ਼ਹੀਦ ਏ ਆਜ਼ਮ ਸੁਖਦੇਵ ਥਾਪਰ ਦੇ ਜਨਮ ਸਥਾਨ ਤੋਂ ਲਗਭਗ 1 ਕਿਲੋਮੀਟਰ ਦੂਰ ਹੈ। ਟਰਸਟ ਨੇ ਮੰਗ ਕੀਤੀ ਕਿ ਨਵੀਨੀਕਰਨ ਹੋ ਰਹੇ ਰੇਲਵੇ ਸਟੇਸ਼ਨ ਦਾ ਨਾਂ ਸ਼ਹੀਦ-ਏ-ਆਜ਼ਮ ਸੁਖਦੇਵ ਥਾਪਰ ਜੀ ਨੂੰ ਸਮਰਪਤ ਕਰਕੇ ਉਨ੍ਹਾਂ ਨੂੰ ਪੰਜਾਬ ਸਰਕਾਰ ਮਾਣ ਸਨਮਾਨ ਦੇਵੇ। ਟਰਸਟ ਨੇ ਆਪਣੇ ਵਕੀਲ ਕਰਕੇ ਮਾਮਲੇ ਦੀ ਪੈਰਵਾਈ ਕਰਕੇ ਸਥਾਨਕ ਅਦਾਲਤ ਤੋਂ ਲੈ ਕੇ ਪੰਜਾਬ ਤੇ ਹਰਿਆਣਾ ਹਾਈਕੋਰਟ ਵਿਚ ਸਿੱਧਾ ਰਸਤਾ ਦੇਣ ਦੀਆਂ ਕਾਨੂੰਨੀ ਅੜਚਨਾਂ ਨੂੰ ਦੂਰ ਕਰਵਾਇਆ। ਇਸ ਪੂਰੀ ਪ੍ਰਕਿਰਿਆ ਦੀ ਜਾਣਕਾਰੀ ਟਰਸਟ ਨੇ ਰਾਸ਼ਟਰਪਤੀ ਮਹੋਦਿਆ ਨੂੰ ਲਿਖਤੀ ਰੂਪ ਵਿਚ ਦਿੱਤੀ ਤਾਂ ਰਾਸ਼ਟਰਪਤੀ ਨੇ ਨੋਟਿਸ ਲੈਂਦੇ ਪੰਜਾਬ ਦੇ ਮੁੱਖ ਸੈਕਟਰੀ ਤੋਂ ਰਿਪੋਰਟ ਮੰਗੀ ਹੈ।



## ਚੋਰ ਪਿੱਛੇ ਘੋੜੀ ਤੋਂ ਉੱਤਰ ਭੱਜਾ ਸਪਾਈਡਰਮੈਨ ਲਾੜਾ ਤੇ ਫਿਰ ਸੜਕ ਵਿਚਾਲੇ ਹੋ ਗਿਆ ਖੜਕਾ-ਦੜਕਾ



ਪੰਜਾਬ ਦਾ ਖੁਲਾਸਾ

**ਨੈਸ਼ਨਲ ਡੈਸਕ, 25 ਨਵੰਬਰ** : ਵਿਆਹ ਸੰਬੰਧੀ ਤਰ੍ਹਾਂ-ਤਰ੍ਹਾਂ ਦੀਆਂ ਖਬਰਾਂ ਹਮੇਸ਼ਾਂ ਸੁਰਖੀਆਂ ਦਾ ਵਿਸ਼ਾ ਬਣੀਆਂ ਰਹਿੰਦੀਆਂ ਹਨ, ਪਰ ਅੱਜ ਜੋ ਮਾਮਲਾ ਸਾਹਮਣੇ ਆਇਆ ਹੈ, ਇਸ ਬਾਰੇ ਜਾਣ ਤੁਹਾਡਾ ਹਾਸਾ ਨਹੀਂ ਰੁਕਣਾ। ਦਰਅਸਲ ਇਕ ਪਿਕਅੱਪ ਗੱਡੀ (ਛੋਟਾ ਹਾਥੀ) 'ਤੇ ਲਟਕਦੇ ਹੋਏ ਲਾੜੇ ਦੀ ਇਕ ਵੀਡੀਓ ਅੱਜ ਸੋਸ਼ਲ ਮੀਡੀਆ 'ਤੇ ਛਾਈ ਰਹੀ। ਜਿਸ ਵਿੱਚ ਸਪਾਈਡਰ ਮੈਨ ਵਾਂਗ ਇਕ ਲਾੜਾ ਪਿਕਅੱਪ ਗੱਡੀ 'ਤੇ ਲਟਕਦਾ ਤੇ ਫਿਰ ਬਾਰੀ ਰਸਤੇ ਅੰਦਰ ਦਾਖਲ ਹੁੰਦਾ ਵਿਖਾਈ ਦਿੱਤਾ। ਹਾਲਾਂਕਿ ਕੁਝ ਦੇਰ ਬਾਅਦ ਜਦੋਂ ਪਿਕਅੱਪ ਰੁਕਿਆ ਤਾਂ ਲਾੜੇ ਨੇ ਹੇਠਾਂ ਉਤਰ ਕੇ ਡਰਾਈਵਰ ਦੀ ਕੁੱਟਮਾਰ ਕੀਤੀ। ਇਸ ਘਟਨਾ ਦਾ ਵੀਡੀਓ ਤੇਜ਼ੀ ਨਾਲ ਵਾਇਰਲ ਹੋ ਰਿਹਾ ਹੈ। ਹਰ ਕੋਈ ਇਸ ਵੀਡੀਓ ਨੂੰ ਵੇਖ ਜਿਥੇ ਲਾੜੇ ਦੇ ਸਟੰਟ ਕਰਨ ਦੀ ਗੱਲ ਆਖ ਰਿਹਾ ਉਥੇ ਹੀ ਇਹ ਸਵਾਲ ਵੀ ਪੁੱਛ ਰਿਹਾ ਕਿ ਲਾੜਾ ਵਿਆਹ ਛੱਡ ਆਖਿਰ ਪਿਕਅੱਪ ਡਰਾਇਵਰ ਨੂੰ ਕੁੱਟ ਕਿਉਂ ਰਿਹਾ।

**ਵਾਇਰਲ ਹੋ ਰਿਹਾ ਵੀਡੀਓ-** ਦੱਸਿਆ ਜਾ ਰਿਹਾ ਹੈ ਕਿ ਇਹ ਵੀਡੀਓ ਮੇਰਠ ਜ਼ਿਲ੍ਹੇ ਦੇ ਪਿੰਡ ਡੂੰਗਰਵਾਲੀ ਦੀ ਹੈ। ਇਹ ਵੀਡੀਓ ਵੀ ਤੇਜ਼ੀ ਨਾਲ ਵਾਇਰਲ ਹੋ ਰਿਹਾ ਹੈ। ਵਾਇਰਲ ਵੀਡੀਓ 'ਚ ਦੇਖਿਆ ਜਾ ਸਕਦਾ ਹੈ ਕਿ ਇਕ ਪਿਕਅੱਪ ਗੱਡੀ ਜਾ ਰਹੀ ਹੈ ਅਤੇ ਲਾੜਾ ਨੋਟਾਂ (ਕਰੰਸੀ) ਦੀ ਮਾਲਾ ਪਾ ਕੇ ਪਿਕਅੱਪ ਦੀ ਖਿੜਕੀ 'ਤੇ ਲਟਕ ਰਿਹਾ ਹੈ। ਲਾੜਾ ਕੁਝ ਦੂਰ ਤੱਕ ਚੱਲਦੀ ਪਿਕਅੱਪ ਦੀ ਖਿੜਕੀ ਨਾਲ ਲਟਕਦਾ ਰਿਹਾ। ਬਾਅਦ ਵਿੱਚ ਜਦੋਂ ਪਿਕਅੱਪ ਰੁਕਿਆ ਤਾਂ ਲਾੜਾ ਬਾਹਰ ਨਿਕਲਿਆ ਅਤੇ ਡਰਾਈਵਰ ਵੀ ਹੇਠਾਂ ਉਤਰ ਗਿਆ। ਇਸ ਦੌਰਾਨ ਲਾੜੇ ਦੇ ਪਰਿਵਾਰ ਵਾਲੇ ਵੀ ਆ ਗਏ ਅਤੇ ਉਨ੍ਹਾਂ ਨੇ ਮਿਲ ਕੇ ਪਿਕਅੱਪ ਡਰਾਈਵਰ ਦੀ ਕੁੱਟਮਾਰ ਕੀਤੀ।

**ਚੋਰ ਨੂੰ ਫੜ ਕੇ ਕੁੱਟਿਆ-** ਪ੍ਰਾਪਤ ਜਾਣਕਾਰੀ ਅਨੁਸਾਰ ਵੀਡੀਓ ਵਿੱਚ ਇੱਕ ਲਾੜਾ ਘੋੜੀ ਛੱਡ ਕੇ ਚੋਰ ਦੇ ਪਿੱਛੇ ਭੱਜਦਾ ਨਜ਼ਰ ਆ ਰਿਹਾ ਹੈ। ਦੱਸਿਆ ਜਾ ਰਿਹਾ ਹੈ ਕਿ ਪਿਕਅਪ 'ਤੇ ਸਵਾਰ ਇਕ ਨੌਜਵਾਨ ਨੇ ਲਾੜੇ ਵਲੋਂ ਪਾਈ (ਪਹਿਨੇ) ਗਏ ਨੋਟਾਂ ਦੇ ਹਾਰ ਵਿੱਚੋਂ ਕੁੱਝ ਨੋਟ ਖਿੱਚ ਲਏ। ਇਸ ਤੋਂ ਬਾਅਦ ਲਾੜਾ ਘੋੜ ਤੋਂ ਉੱਤਰ ਕੇ ਫਿਲਮੀ ਹੀਰੋ ਵਾਂਗ ਚੋਰ ਦੇ ਮਗਰ ਦੌੜ ਪਿਆ। ਉਹ ਕਾਫੀ ਦੇਰ ਤੱਕ ਪਿੱਕਅੱਪ ਦੀ ਖਿੜਕੀ ਨਾਲ ਲਟਕਦਾ ਰਿਹਾ। ਬਾਅਦ ਵਿੱਚ ਉਨ੍ਹਾਂ ਨੇ ਪਿੱਕਅੱਪ ਵਿੱਚ ਬੈਠੇ ਚੋਰ ਨੂੰ ਫੜ੍ਹ ਲਿਆ ਅਤੇ ਉਸ ਦੀ ਬੁਰੀ ਤਰ੍ਹਾਂ ਕੁੱਟਮਾਰ ਕੀਤੀ। ਇਸ ਦੌਰਾਨ ਪਿੱਛੇ ਤੋਂ ਆ ਰਹੇ ਲਾੜੇ ਦੇ ਪਰਿਵਾਰਕ ਮੈਂਬਰਾਂ ਨੇ ਵੀ ਚੋਰ ਦੀ ਕੁੱਟਮਾਰ ਕੀਤੀ। ਹਾਲਾਂਕਿ ਬਾਅਦ 'ਚ ਚੋਰ ਨੇ ਮੁਆਫੀ ਮੰਗ ਲਈ, ਜਿਸ ਤੋਂ ਬਾਅਦ ਉਸ ਨੂੰ ਛੱਡ ਦਿੱਤਾ ਗਿਆ।

## ਜਾਮਾ ਮਸਜਿਦ ਦੇ ਸਦਰ ਜ਼ਫਰ ਅਲੀ ਸਮੇਤ 20 ਤੋਂ ਵੱਧ ਹਿਰਾਸਤ 'ਚ

ਪੰਜਾਬ ਦਾ ਖੁਲਾਸਾ

**ਸੰਭਲ, 25 ਨਵੰਬਰ** : ਉੱਤਰ ਪ੍ਰਦੇਸ਼ ਦੇ ਸੰਭਲ ਜ਼ਿਲ੍ਹੇ ਵਿੱਚ ਹਿੰਸਾ ਭੜਕਾਉਣ ਦੇ ਮਾਮਲੇ ਵਿੱਚ ਵੱਡੀ ਕਾਰਵਾਈ ਕਰਦੇ ਹੋਏ ਪੁਲਿਸ ਨੇ ਸੰਭਲ ਦੇ ਲੋਕ ਸਭਾ ਮੈਂਬਰ ਜ਼ਿਆਉਰ ਰਹਿਮਾਨ ਬੁਰਕੇ, ਸਦਰ ਵਿਧਾਇਕ ਇਕਬਾਲ ਮਹਿਮੂਦ ਦੇ ਪੁੱਤਰ ਸੋਹੇਲ ਇਕਬਾਲ ਅਤੇ ਪੰਜ ਹੋਰ ਲੋਕਾਂ ਖ਼ਿਲਾਫ਼ ਰਿਪੋਰਟ ਦਰਜ ਕੀਤੀ ਹੈ। ਸਾਰਿਆਂ 'ਤੇ ਹਿੰਸਾ ਭੜਕਾਉਣ ਦਾ ਦੋਸ਼ ਹੈ।

ਹਾਲਾਂਕਿ ਅਜੇ ਤੱਕ ਅਧਿਕਾਰੀਆਂ ਵੱਲੋਂ ਇਸ ਰਿਪੋਰਟ ਦੀ ਪੁਸ਼ਟੀ ਨਹੀਂ ਕੀਤੀ ਗਈ ਪਰ ਕੋਤਵਾਲੀ ਪੁਲੀਸ ਨੇ ਇਸ ਮਾਮਲੇ ਵਿੱਚ ਰਿਪੋਰਟ ਦਰਜ ਕਰਕੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਇਸ ਦੇ ਨਾਲ ਹੀ ਸੰਭਲ 'ਚ ਹੰਗਾਮੇ ਤੋਂ ਬਾਅਦ ਪੁਲਸ ਨੇ ਜਾਮਾ ਮਸਜਿਦ ਦੇ ਸਦਰ ਜ਼ਫਰ ਅਲੀ ਸਮੇਤ 20 ਤੋਂ ਵੱਧ ਲੋਕਾਂ ਨੂੰ ਹਿਰਾਸਤ 'ਚ ਲਿਆ ਹੈ ਅਤੇ 400 ਅਣਪਛਾਤੇ ਲੋਕਾਂ ਖਿਲਾਫ ਮਾਮਲਾ ਦਰਜ ਕਰ ਲਿਆ ਹੈ।



ਜ਼ਿਲੇ 'ਚ ਹੰਗਾਮਾ ਹੋਣ ਤੋਂ ਬਾਅਦ ਪੁਲਸ ਪੂਰੀ ਰਾਤ ਪੈਦਲ ਗਸ਼ਤ ਕਰਦੀ ਰਹੀ। ਉੱਚ ਅਧਿਕਾਰੀਆਂ ਨੇ ਗਸ਼ਤ ਦੀ ਅਗਵਾਈ ਕੀਤੀ। ਦੰਗਿਆਂ ਦੌਰਾਨ ਜਿੱਥੇ ਕਿਤੇ ਵੀ ਅੱਗਜ਼ਨੀ ਅਤੇ ਪਥਰਾਅ ਹੋਇਆ, ਉੱਥੇ ਵਿਸ਼ੇਸ਼ ਧਿਆਨ ਦਿੱਤਾ ਗਿਆ ਅਤੇ ਭਾਰੀ ਪੁਲਿਸ ਬਲ ਤਾਇਨਾਤ ਕੀਤਾ ਗਿਆ। ਇਸ ਤੋਂ ਇਲਾਵਾ ਸ਼ੱਕੀ ਲੋਕਾਂ 'ਤੇ ਵੀ ਲਗਾਤਾਰ ਨਜ਼ਰ ਰੱਖੀ ਜਾ ਰਹੀ ਹੈ।

ਦੂਜੇ ਪਾਸੇ ਸੋਮਵਾਰ ਸਵੇਰੇ ਵੀ ਬਾਜ਼ਾਰ ਬੰਦ ਦੇਖੇ ਗਏ। ਇਸ ਦੇ ਨਾਲ ਹੀ ਲੋਕ ਘਰੋਂ ਬਾਹਰ ਨਿਕਲਣ ਤੋਂ ਵੀ ਗੁਰੇਜ਼ ਕਰ ਰਹੇ ਹਨ। ਸੜਕਾਂ 'ਤੇ ਸੰਨਾਟਾ ਛਾਇਆ ਹੋਇਆ ਹੈ। ਸਵੇਰੇ ਡੀਆਈਜੀ ਮੁਨੀਰਾਜ ਨੇ ਪੁਲੀਸ ਫੋਰਸ ਨਾਲ ਸੜਕਾਂ 'ਤੇ ਫਲੈਗ ਮਾਰਚ ਕੀਤਾ। ਇਸ ਤੋਂ ਇਲਾਵਾ ਡੀਐਮ ਵੱਲੋਂ ਐਲਾਨੀ ਛੁੱਟੀ ਤੋਂ ਬਾਅਦ ਬੱਚੇ ਸਕੂਲ-ਕਾਲਜ ਨਹੀਂ ਗਏ।

ਅਧਿਕਾਰੀਆਂ ਨੇ ਐਤਵਾਰ ਨੂੰ ਸੰਭਲ ਵਿੱਚ ਚਾਰ ਲੋਕਾਂ ਦੀ ਮੌਤ ਦੀ ਪੁਸ਼ਟੀ ਕੀਤੀ ਹੈ। ਇਕ ਹੋਰ ਵਿਅਕਤੀ ਦੀ ਵੀ ਮੌਤ ਹੋ ਗਈ ਦੱਸੀ ਜਾਂਦੀ ਹੈ ਪਰ ਉਸ ਦੇ ਰਿਸ਼ਤੇਦਾਰਾਂ ਨੇ ਕੋਈ ਕਾਨੂੰਨੀ ਕਾਰਵਾਈ ਨਹੀਂ ਕੀਤੀ। ਇੱਥੋਂ ਤੱਕ ਕਿ ਪੋਸਟ ਮਾਰਟਮ ਵੀ ਨਹੀਂ ਹੋਇਆ ਹੈ। 19 ਨਵੰਬਰ ਨੂੰ ਸਿਵਲ ਜੱਜ (ਸੀਨੀਅਰ ਡਵੀਜ਼ਨ) ਦੀ ਅਦਾਲਤ ਵਿੱਚ ਮਸਜਿਦ ਨੂੰ ਹਰੀਹਰ ਮੰਦਰ ਹੋਣ ਦਾ ਦਾਅਵਾ ਕੀਤਾ ਗਿਆ ਸੀ। ਅਦਾਲਤ ਨੇ ਉਸੇ ਦਿਨ ਸਰਵੇਖਣ ਦਾ ਹੁਕਮ ਦਿੱਤਾ ਅਤੇ ਸੀਨੀਅਰ ਵਕੀਲ ਰਮੇਸ਼ ਰਾਘਵ ਨੂੰ ਐਡਵੋਕੇਟ ਕਮਿਸ਼ਨਰ ਨਿਯੁਕਤ ਕੀਤਾ।

## ਕਿਸਮਤ ਹੋਵੇ ਤਾਂ ਅਜਿਹੀ ! 6 ਰੁਪਏ ਦੀ ਲਾਟਰੀ ਟਿਕਟ ਤੋਂ ਕਿਸਾਨ ਨੇ ਜਿੱਤ ਲਿਆ 1 ਕਰੋੜ

ਪੰਜਾਬ ਦਾ ਖੁਲਾਸਾ

**ਮੋਗਾ, 25 ਨਵੰਬਰ** - ਕਈ ਵਾਰ ਇਨਸਾਨ ਦੀ ਕਿਸਮਤ ਇਸ ਤਰ੍ਹਾਂ ਪਲਟੀ ਮਾਰਦੀ ਹੈ ਕਿ ਉਸ ਦੀ ਜ਼ਿੰਦਗੀ ਰਾਤੋ-ਰਾਤ ਇਕ ਦਮ ਬਦਲ ਜਾਂਦੀ ਹੈ। ਅਜਿਹਾ ਇਕ ਮਾਮਲਾ ਸਾਹਮਣੇ ਆਇਆ ਹੈ ਪੰਜਾਬ ਦੇ ਮੋਗਾ ਜ਼ਿਲ੍ਹੇ ਤੋਂ, ਜਿੱਥੋਂ ਦੇ ਪਿੰਡ ਖੋਸਾਕੋਟਲਾ ਦੇ ਇਕ ਕਿਸਾਨ ਸੁਖਦੇਵ ਸਿੰਘ ਧਾਲੀਵਾਲ ਨੇ 6 ਰੁਪਏ ਦੀ ਕੀਮਤ ਵਾਲੀ ਲਾਟਰੀ ਟਿਕਟ ਖ਼ਰੀਦੀ ਸੀ, ਜਿਸ ਮਗਰੋਂ ਉਸ ਨੂੰ 1 ਕਰੋੜ ਰੁਪਏ ਨਕਦ ਇਨਾਮ ਨਿਕਲਿਆ ਹੈ। ਜਾਣਕਾਰੀ ਮੁਤਾਬਕ ਉਸ ਨੇ 6 ਰੁਪਏ ਦੀ ਟਿਕਟ ਦਾ 150 ਰੁਪਏ ਦਾ ਲਾਟ ਖ਼ਰੀਦਿਆ ਸੀ, ਜਿਸ 'ਚੋਂ ਇਕ ਟਿਕਟ ਦਾ ਨੰਬਰ ਡਰਾਅ 'ਚ ਨਿਕਲ ਆਇਆ ਤੇ ਉਹ 1 ਕਰੋੜ ਰੁਪਏ ਜਿੱਤ ਗਿਆ।

ਜੇਤੂ ਸੁਖਦੇਵ ਸਿੰਘ ਧਾਲੀਵਾਲ ਇਕ ਕਿਸਾਨ ਪਰਿਵਾਰ ਨਾਲ ਸਬੰਧਤ ਹਨ ਅਤੇ 6 ਕਿਲੇ ਜ਼ਮੀਨ 'ਤੇ ਖੇਤੀ ਕਰਦੇ ਹਨ। ਇਸ ਤੋਂ ਇਲਾਵਾ ਉਹ ਇਕ ਮੈਡੀਕਲ ਸਟੋਰ ਵੀ ਚਲਾਉਂਦੇ ਸਨ। ਉਨ੍ਹਾਂ ਦੇ ਪਰਿਵਾਰ ਵਿੱਚ ਪਤਨੀ, ਦੋ ਪੁੱਤਰ ਅਤੇ ਬਜ਼ੁਰਗ ਪਿਤਾ ਸ਼ਾਮਲ ਹਨ। ਸੁਖਦੇਵ ਸਿੰਘ ਪਿਛਲੇ 3 ਸਾਲਾਂ ਤੋਂ ਲਾਟਰੀ ਦੀਆਂ ਟਿਕਟਾਂ ਖਰੀਦਦਾ ਸੀ ਅਤੇ ਅੱਜ 3 ਸਾਲਾਂ ਬਾਅਦ ਸੁਖਦੇਵ ਸਿੰਘ ਦੀ ਕਿਸਮਤ ਚਮਕ ਗਈ ਹੈ।



ਸੁਖਦੇਵ ਸਿੰਘ ਦਾ ਕਹਿਣਾ ਹੈ ਕਿ ਅੱਜ ਅਸੀਂ ਬਹੁਤ ਖੁਸ਼ ਹਾਂ ਕਿ ਸਾਨੂੰ 150 ਰੁਪਏ ਦੀ ਲਾਟਰੀ ਤੋਂ 1 ਕਰੋੜ ਰੁਪਏ ਮਿਲੇ ਹਨ। ਸੁਖਦੇਵ ਸਿੰਘ ਦਾ ਕਹਿਣਾ ਹੈ ਕਿ ਉਹ ਇਸ ਲਾਟਰੀ ਦੇ ਜਿੱਤੇ ਹੋਏ ਪੈਸੇ ਨਾਲ ਇਕ ਘਰ ਬਣਾਵੇਗਾ ਅਤੇ ਆਪਣੇ ਦੋ ਪੁੱਤਰਾਂ ਨੂੰ ਪੜ੍ਹਾਈ ਲਈ ਵਿਦੇਸ਼ ਭੇਜੇਗਾ। ਉਨ੍ਹਾਂ ਅੱਗੇ ਦੱਸਿਆ ਕਿ ਜਦੋਂ ਸਾਨੂੰ ਲਾਟਰੀ ਵਿਕਰੇਤਾ ਦਾ ਫੋਨ ਆਇਆ ਕਿ ਤੁਸੀਂ 1 ਕਰੋੜ ਰੁਪਏ ਦੀ ਲਾਟਰੀ ਜਿੱਤੀ ਹੈ ਤਾਂ ਪਹਿਲਾਂ ਤਾਂ ਸਾਨੂੰ ਇਸ 'ਤੇ ਵਿਸ਼ਵਾਸ ਨਹੀਂ ਹੋਇਆ।

## ਮੋਟਰਸਾਈਕਲ ਸਵਾਰ ਨੌਜਵਾਨ ਸੜਕ ਹਾਦਸੇ ਦੌਰਾਨ ਮੌਤ

ਪੰਜਾਬ ਦਾ ਖੁਲਾਸਾ

**ਭੁਨਰਹੇੜੀ, 25 ਨਵੰਬਰ (ਸਤਿੰਦਰ ਸ਼ਰਮਾ)** -ਭੁਨਰਹੇੜੀ ਦੇ ਮੇਨ ਬਜ਼ਾਰ ਵਿਖੇ ਸੜਕ ਹਾਦਸੇ ਵਿੱਚ ਇੱਕ ਨੌਜਵਾਨ ਦੀ ਮੌਤ ਹੋ ਗਈ ਹੈ । ਪ੍ਰਾਪਤ ਜਾਣਕਾਰੀ ਅਨੁਸਾਰ ਦੇਵੀਗੜ੍ਹ ਪਾਸਿਓਂ ਆ ਰਹੀ ਹਰਿਆਣਾ ਰੋਡਵੇਜ਼ ਬੱਸ ਅਤੇ ਮੋਟਰਸਾਈਕਲ ਦੀ ਟੱਕਰ ਹੋਣ ਨਾਲ ਨੌਜਵਾਨ ਦੀ ਮੌਕੇ ਤੇ ਹੀ ਮੌਤ ਹੋ ਗਈ ਮ੍ਰਿਤਕ ਦੀ ਪਹਿਚਾਣ ਕੁੱਲਵੰਤ ਸਿੰਘ ਪੁੱਤਰ ਚਰਨ ਸਿੰਘ ਉਮਰ ਤਕਰੀਬਨ 25 ਸਾਲ ਵਾਸੀ ਛੰਨਾ, ਦੇਵੀਗੜ੍ਹ ਵਜੋਂ ਹੋਈ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪੁਲਿਸ ਚੌਂਕੀ ਭੁਨਰਹੇੜੀ ਦੇ ਇੰਚਾਰਜ ਇੰਦਰਜੀਤ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਹਰਿਆਣਾ ਬੱਸ ਨੰਬਰ ਐਚ ਆਰ 65 - 9545 ਅਤੇ ਮੋਟਰਸਾਈਕਲ ਨੰਬਰ ਪੀ ਬੀ 11 ਬੀ ਜੇ 9767 ਪਲਟੀਨਾ ਦੀ ਟੱਕਰ ਹੋਣ ਕਾਰਨ ਨੌਜਵਾਨ ਦੀ ਬੱਸ ਹੇਠਾਂ ਆਉਣ ਕਾਰਨ ਮੌਕੇ ਤੇ ਹੀ ਮੌਤ ਹੋ ਗਈ। ਉਹਨਾਂ ਕਿਹਾ ਕਿ ਹਾਦਸੇ ਤੋਂ ਬਾਅਦ ਬੱਸ ਡਰਾਈਵਰ ਮੌਕੇ ਤੇ ਫਰਾਰ ਹੋ ਗਿਆ। ਪੁਲਿਸ ਨੇ ਲਾਸ਼ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਕਰਾਉਣ ਲਈ ਰਜਿੰਦਰਾ ਹਸਪਤਾਲ ਮੋਰਚਰੀ ਵਿਖੇ ਭੇਜ ਦਿੱਤੀ ਗਈ ਹੈ।



## ਦੀਵਾਲੀ ਦੀ ਰਾਤ ਖਿੰਗਰਾ ਗੇਟ ਵਿਖੇ ਹੋਏ ਕਤਲ ਦੇ ਸੰਬੰਧ ਵਿੱਚ ਤੀਜਾ ਮੁਲਜ਼ਮ ਗ੍ਰਿਫ਼ਤਾਰ

ਪੰਜਾਬ ਦਾ ਖੁਲਾਸਾ

**ਜਲੰਧਰ 25 ਨਵੰਬਰ (ਅਮ੍ਰਿਤਪਾਲ ਸਿੰਘ)** ਜਲੰਧਰ ਦੇ ਖਿੰਗਰਾ ਗੇਟ ਨੇੜੇ ਦੀਵਾਲੀ ਦੀ ਰਾਤ ਨੂੰ ਗੋਲੀ ਮਾਰ ਕੇ ਕਤਲ ਕੀਤੇ ਗਏ ਰਿਸ਼ਭ ਉਰਫ਼ ਬਾਦਸ਼ਾਹ ਦੇ ਕਤਲ ਦੇ ਮਾਮਲੇ ਵਿੱਚ ਸਿਟੀ ਪੁਲੀਸ ਨੇ ਤੀਜੇ ਮੁਲਜ਼ਮ ਨੂੰ ਸਾਜਨ ਸਹੋਤਾ ਵਾਸੀ ਅਜੀਤ ਨਗਰ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਪੁਲੀਸ ਨੇ ਇਸ ਮਾਮਲੇ ਵਿੱਚ ਸਾਹਿਲ ਕਪੂਰ ਉਰਫ਼ ਮੰਨੂ ਕਪੂਰ ਢਿੱਲੋਂ, ਸਾਜਨ ਸਹੋਤਾ, ਮਾਨਵ, ਨੰਨੂ ਕਪੂਰ, ਡਾਕਟਰ ਕੋਹਲੀ, ਚਕਸ਼ਿਤ ਰੰਧਾਵਾ, ਗੱਗੀ, ਕਾਕਾ ਅਤੇ ਕੁਝ ਅਣਪਛਾਤੇ ਵਿਅਕਤੀਆਂ ਖ਼ਿਲਾਫ ਕੇਸ ਦਰਜ ਕੀਤਾ ਹੈ ਜਦਕਿ ਮੁੱਖ ਮੁਲਜ਼ਮ ਸਾਹਿਲ ਕਪੂਰ ਅਤੇ ਚਕਸ਼ਿਤ ਨੂੰ ਪਹਿਲਾਂ ਹੀ ਗ੍ਰਿਫਤਾਰ ਕੀਤਾ ਜਾ ਚੁੱਕਾ ਹੈ, ਪਰ ਪੁਲੀਸ ਬਾਕੀਆਂ ਨੂੰ ਫੜਨ ਲਈ ਲਗਾਤਾਰ ਛਾਪੇ ਮਾਰ ਰਹੀ ਹੈ।ਥਾਣਾ ਡਿਵੀਜ਼ਨ ਨੰਬਰ 3 ਦੇ ਐਸਐਚਓ ਅਸ਼ੋਕ ਕੁਮਾਰ ਨੇ ਪੁਸ਼ਟੀ ਕੀਤੀ ਕਿ ਇਸ ਕੇਸ ਵਿੱਚ ਸ਼ਾਮਲ ਵਿਅਕਤੀਆਂ ਨੂੰ ਫੜਨ ਲਈ ਵਿਸ਼ੇਸ਼ ਟੀਮਾਂ ਦਾ ਗਠਨ ਕੀਤਾ ਗਿਆ ਹੈ। ਇੱਕ ਸੂਹ 'ਤੇ ਕਾਰਵਾਈ ਕਰਦਿਆਂ, ਪੁਲੀਸ ਨੇ ਸਾਜਨ ਦੀਆਂ ਹਰਕਤਾਂ ਦਾ ਪਤਾ ਲਗਾਉਣ ਲਈ ਤਕਨੀਕੀ ਸਾਧਨਾਂ ਦੀ ਵਰਤੋਂ ਕੀਤੀ ਗਈ, ਜਿਸ ਦੌਰਾਨ ਪਠਾਨਕੋਟ ਬਾਈਪਾਸ ਇਲਾਕੇ ਨੇੜੇ ਬੱਲੇ-ਬੱਲੇ ਫਾਰਮ ਨੇੜੇ ਛਾਪੇ ਮਾਰਿਆ ਗਿਆ, ਜਿੱਥੇ ਮੁਲਜ਼ਮ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ। ਪੀੜਤ ਪਰਿਵਾਰ ਦੇ ਅਨੁਸਾਰ, ਸਾਜਨ ਸਹੋਤਾ ਨੇ ਘਟਨਾ ਸਮੇਂ ਕਥਿਤ ਤੌਰ 'ਤੇ ਦੋ ਪਿਸਤੌਲ ਮੁਹੱਈਆ ਕਰਵਾਏ ਸਨ, ਜਿਨ੍ਹਾਂ ਵਿੱਚੋਂ ਇੱਕ ਦੀ ਵਰਤੋਂ ਸਹਿ-ਮੁਲਜ਼ਮ ਮਨੂ ਕਪੂਰ ਨੇ ਕੀਤੀ ਸੀ। ਮਨੂ ਨੇ ਕਥਿਤ ਤੌਰ 'ਤੇ ਗੋਲੀਆਂ ਚਲਾਈਆਂ ਜਿਸ ਕਾਰਨ ਰਿਸ਼ਭ ਦੀ ਮੌਤ ਹੋ ਗਈ ਅਤੇ ਉਸਦੇ ਦੋਸਤ ਈਸ਼ੂ ਨੂੰ ਜ਼ਖਮੀ ਕਰ ਦਿੱਤਾ ਗਿਆ।

## ਅੰਮ੍ਰਿਤਧਾਰੀ ਬਜ਼ੁਰਗ ਨੇ ਡੀਸੀ ਦਫ਼ਤਰ ਸਾਹਮਣੇ ਪੈਟਰੋਲ ਪਾ ਕੇ ਖ਼ੁਦ ਨੂੰ ਲਾਈ ਅੱਗ, 60% ਝੁਲਸਣ ਕਾਰਨ ਵਿਗੜੀ ਹਾਲਤ

ਪੰਜਾਬ ਦਾ ਖੁਲਾਸਾ

**ਤਰਨਤਾਰਨ, 25 ਨਵੰਬਰ** : ਸੋਮਵਾਰ ਦੁਪਹਿਰ ਕਿਸੇ ਕੰਮ ਡੀਸੀ ਦਫਤਰ ਪਹੁੰਚੇ 60 ਸਾਲਾ ਅੰਮ੍ਰਿਤਧਾਰੀ ਨੇ ਖ਼ੁਦ ਨੂੰ ਅੱਗ ਲਗਾ ਲਈ। ਅੱਗ ਲੱਗਦਿਆਂ ਹੀ ਬਜ਼ੁਰਗ ਸੜ ਕੇ ਸੁਆਹ ਹੋ ਗਿਆ। ਨੇੜੇ ਖੜ੍ਹੇ ਪੁਲਿਸ ਮੁਲਾਜ਼ਮ ਤਮਾਸ਼ਾ ਦੇਖਦੇ ਰਹੇ। ਜਦੋਂਕਿ ਆਮ ਲੋਕਾਂ ਨੇ ਬੜੀ ਮੁਸ਼ਕਲ ਨਾਲ ਅੱਗ 'ਤੇ ਕਾਬੂ ਪਾਇਆ। 60 ਫੀਸਦ ਝੁਲਸ ਜਾਣ ਕਾਰਨ ਬਜ਼ੁਰਗ ਦੀ ਹਾਲਤ ਨਾਜ਼ੁਕ ਹੋ ਗਈ। ਉਸ ਨੂੰ ਇਲਾਜ ਲਈ ਅੰਮ੍ਰਿਤਸਰ ਹਸਪਤਾਲ ਲਿਜਾਇਆ ਗਿਆ।

ਡੀਸੀ ਦਫ਼ਤਰ ਸਾਹਮਣੇ ਕੰਮ ਕਰਦੇ ਨਾਨਕ ਸਿੰਘ ਨੇ ਦੱਸਿਆ ਕਿ ਡੀਸੀ ਦਫ਼ਤਰ ਦੇ ਬਾਹਰ ਆ ਕੇ ਇਕ ਬਜ਼ੁਰਗ ਵਿਅਕਤੀ ਨੇ ਆਪਣੇ ਉੱਤੇ ਪੈਟਰੋਲ ਪਾ ਕੇ ਅੱਗ ਲਗਾ ਲਈ। ਡੀਸੀ ਦਫ਼ਤਰ ਦੇ ਗੇਟ 'ਤੇ ਚਾਰ ਪੁਲਿਸ ਮੁਲਾਜ਼ਮ ਤਾਇਨਾਤ ਸਨ।



ਲੋਕਾਂ ਨੇ ਉਕਤ ਪੁਲਿਸ ਮੁਲਾਜ਼ਮਾਂ ਤੋਂ ਮਦਦ ਮੰਗੀ ਪਰ ਉਹ ਮੂਕ ਦਰਸ਼ਕ ਬਣੇ ਰਹੇ। ਲੋਕਾਂ ਦੀ ਭੀੜ ਤੁਰੰਤ ਡੀਸੀ ਦਫ਼ਤਰ ਕੰਪਲੈਕਸ ਦੇ ਬਾਹਰ ਦੌੜੀ ਤੇ ਅੱਗ 'ਤੇ ਕਾਬੂ ਪਾਉਣ ਦੀ ਕੋਸ਼ਿਸ਼ ਕੀਤੀ। ਨਾਨਕ ਸਿੰਘ ਨੇ ਦੌੜ ਕੇ ਡੀਸੀ ਦਫ਼ਤਰ 'ਚੋਂ ਅੱਗ ਬੁਝਾਊ ਯੰਤਰ ਲਿਆ ਕੇ ਅੱਗ 'ਤੇ ਕਾਬੂ ਪਾਉਣ 'ਚ ਭੂਮਿਕਾ ਨਿਭਾਈ। ਇਸ ਦੌਰਾਨ ਬਜ਼ੁਰਗ ਦੀ ਹਾਲਤ ਗੰਭੀਰ ਹੋ ਗਈ।

## ਥਾਣਾ ਕੁਲਗੜੀ ਦੀ ਪੁਲਿਸ ਨੇ ਲੁੱਟਾਂ ਖੋਹਾਂ ਦੀ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਗਿਰੋਹ ਦੇ ਮੈਬਰਾਂ ਨੂੰ ਮਾਰੂ ਹਥਿਆਰਾਂ ਤੇ ਕਾਰ ਸਮੇਤ ਕੀਤਾ ਗ੍ਰਿਫਤਾਰ

ਪੰਜਾਬ ਦਾ ਖੁਲਾਸਾ

**ਫਿਰੋਜ਼ਪੁਰ 25 ਨਵੰਬਰ (ਅਸ਼ੋਕ ਭਾਰਦਵਾਜ)** ਸ੍ਰੀਮਤੀ ਸੋਮਿਆ ਮਿਸ਼ਰਾ (ਆਈ ਪੀ ਐਸ) ਸੀਨੀਅਰ ਪੁਲਿਸ ਕਪਤਾਨ ਫਿਰੋਜਪੁਰ, ਸ਼੍ਰੀ ਰਣਧੀਰ ਕੁਮਾਰ (ਆਈ.ਪੀ.ਐਸ) ਕਪਤਾਨ ਪੁਲਿਸ (ਇੰਨਵ) ਫਿਰੋਜਪੁਰ ਜੀ ਦੀ ਯੋਗ ਰਹਿਨੁਮਾਈ ਹੇਠ ਅਤੇ ਸ੍ਰੀ ਕਰਨ ਕੁਮਾਰ (ਪੀ ਪੀ ਐਸ) ਉਪ ਕਪਤਾਨ ਪੁਲਿਸ (ਦਿਹਾਤੀ) ਫਿਰੋਜਪੁਰ ਦੇ ਦਿਸ਼ਾ ਨਿਰਦੇਸ਼ਾ ਤਹਿਤ ਥਾਣਾਂ ਕੁਲਗੜੀ ਦੇ ਇੰਸਪੈਕਟਰ ਗੁਰਮੀਤ ਸਿੰਘ ਮੁੱਖ ਅਫਸਰ ਥਾਣਾ ਸਮੇਤ ਪੁਲਿਸ ਪਾਰਟੀ ਵੱਲੋ ਰਾਤ ਸਮੇਂ ਟਰੱਕ ਲੁੱਟਣ ਦੀ ਵਾਰਦਾਤ ਨੂੰ ਅੰਜਾਮ ਦੇਣ ਵਾਲਿਆ ਦੇ ਖਿਲਾਫ ਕਾਰਵਾਈ ਕਰਦੇ ਹੋਏ 04 ਵਿਅਕਤੀਆ ਨੂੰ ਗ੍ਰਿਫਤਾਰ ਕਰਕੇ ਉਹਨਾਂ ਪਾਸੋ ਇੱਕ ਰਾਈਫਲ 12 ਬੋਰ ਦੋਨਾਲੀ, ਇੱਕ ਕਾਰ ਮਾਰਕਾ ਆਈ - 20, ਇੱਕ ਕਾਪਾ ਅਤੇ ਇੱਕ ਕ੍ਰਿਪਾਨ ਸਮੇਤ ਕਾਬੂ ਕੀਤਾ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਇੰਸਪੈਕਟਰ ਗੁਰਮੀਤ ਸਿੰਘ ਮੁੱਖ ਅਫਸਰ ਥਾਣਾ ਕੁਲਗੜੀ ਨੇ ਦੱਸਿਆ ਕਿ ਐਸ ਆਈ ਨਿਰਮਲ ਸਿੰਘ ਸਮੇਤ ਪੁਲਿਸ ਪਾਰਟੀ ਨੇ ਪਿੰਡ ਸੁਰ ਸਿੰਘ ਵਾਲਾ ਵਿਖੇ ਟਰੱਕ ਵਿੱਚੋ 764 ਨਗ ਬਾਸਮਤੀ, 35,000 ਰੁਪਏ ਟਰੱਕ ਡਰਾਈਵਰਾ ਨੂੰ ਬੰਦੀ ਬਣਾ ਕੇ ਲੁੱਟ ਲਏ ਸਨ। ਜਿਸ ਤੇ ਕਾਰਵਾਈ ਕਰਦੇ ਹੋਏ ਮੁਕੱਦਮਾ ਵਿੱਚ ਹੋਈ ਲੁੱਟ ਦੀ ਵਾਰਦਾਤ ਨੂੰ ਟਰੇਸ ਕਰਕੇ 04 ਵਿਅਕਤੀਆ (1) ਰਣਜੀਤ ਸਿੰਘ ਉਰਫ ਰਾਣਾ ਪੁੱਤਰ ਬਲਕਾਰ ਸਿੰਘ ਵਾਸੀ ਪਿੰਡ ਬੰਡਾਲਾ, (2) ਨਿਰਮਲ ਸਿੰਘ ਉਰਫ ਬੱਬੂ ਪੁੱਤਰ ਬਲਕਾਰ ਸਿੰਘ ਬੰਡਾਲਾ ਥਾਣਾ ਆਰਿਫ ਕੇ (3) ਸੰਦੀਪ ਸਿੰਘ ਉਰਫ ਸੋਨਾ ਪੁੱਤਰ ਬਲਕਾਰ ਸਿੰਘ ਵਾਸੀ ਬੰਡਾਲਾ ਥਾਣਾ ਆਰਿਫ ਕੇ (4) ਬੇਅੰਤ ਸਿੰਘ ਪੁੱਤਰ ਸੁਖਦੇਵ ਸਿੰਘ ਵਾਸੀ ਬੰਡਾਲਾ ਥਾਣਾ ਆਰਿਫ ਕੇ ਨੂੰ ਗ੍ਰਿਫਤਾਰ ਕਰਕੇ ਉਹਨਾਂ ਪਾਸੋ ਇੱਕ ਰਾਈਫਲ 12 ਬੋਰ ਦੋਨਾਲੀ, ਇੱਕ ਕਾਰ ਮਾਰਕਾ ਆਈ - 20, ਇੱਕ ਕਾਪਾ ਅਤੇ ਇੱਕ ਕ੍ਰਿਪਾਨ ਸਮੇਤ ਕਾਬੂ ਕੀਤਾ।

**ਮੇਰੀ ਹਦੂਦ ਦੇ ਅੰਦਰ ਆਉਣ ਵਾਲੇ ਸ਼ਰਾਰਤੀ ਅਨਸਰਾਂ ਨੂੰ ਕਿਸੇ ਵੀ ਕੀਮਤ ਤੇ ਬਖਸ਼ਿਆ ਨਹੀ ਜਾਵੇਗਾ ਹੋ ਜਾਣ ਸਾਵਧਾਨ- ਇੰਸ: ਗੁਰਮੀਤ ਸਿੰਘ**

ਪੰਜਾਬ ਦਾ ਖੁਲਾਸਾ



# ਸਾਬਕਾ ਪ੍ਰਧਾਨ ਰਾਜੀਵ ਸ਼ਰਮਾਂ ਦਾ ਕੀਤਾ ਵਿਸ਼ੇਸ਼ ਸਨਮਾਨ

ਪੰਜਾਬ ਦਾ ਖੁਲਾਸਾ

**ਅੰਮ੍ਰਿਤਸਰ, 25 ਨਵੰਬਰ (ਦਿਨੇਸ਼ ਸੋਨੀ)** ਪੰਜਾਬ ਕਾਲਜਾਂ ਦੇ ਸਹਾਇਤਾ ਪ੍ਰਾਪਤ ਨਾਨ-ਟੀਚਿੰਗ ਇੰਪਲਾਈਜ਼ ਜਥੇਬੰਦੀ ਵੱਲੋਂ ਪੰਜਾਬ ਪ੍ਰਧਾਨ ਸਵਿੰਦਰ ਸਿੰਘ ਗੋਲਾ ਦੀ ਯੋਗ ਅਗਵਾਈ ਹੇਠ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ । ਜਿਸ ਦੌਰਾਨ ਏਡਿਡ ਕਾਲਜਾਂ ਦੇ ਕਰਮਚਾਰੀਆਂ ਨੂੰ ਦਰਪੇਸ਼ ਆ ਰਹੀਆਂ ਮੁਸ਼ਕਿਲਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਪੰਜਾਬ ਪ੍ਰਧਾਨ ਸਵਿੰਦਰ ਸਿੰਘ ਗੋਲਾ ਅਤੇ ਸਮੂਹ ਸਾਥੀਆਂ ਵੱਲੋਂ ਸਾਬਕਾ ਪ੍ਰਧਾਨ ਰਾਜੀਵ ਸ਼ਰਮਾ ਨੂੰ ਉਚੇਚੇ ਤੌਰ ਤੇ ਸਨਮਾਨਿਤ ਕੀਤਾ ਗਿਆ। ਸਾਬਕਾ ਪ੍ਰਧਾਨ ਰਾਜੀਵ ਸ਼ਰਮਾ ਵੱਲੋਂ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਉਹ ਕੁਝ ਘਰੇਲੂ ਰੁਝੇਵਿਆਂ ਕਾਰਨ ਜਥੇਬੰਦੀ ਨੂੰ ਪੂਰਾ ਸਮਾਂ ਨਹੀਂ ਦੇ ਪਾ ਰਹੇ ਸਨ, ਜਿਸ ਕਾਰਨ ਉਹਨਾਂ ਵਲੋਂ ਪ੍ਰਧਾਨਗੀ ਦੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਸੀ, ਪਰੰਤੂ ਉਹ ਜਥੇਬੰਦੀ ਦੇ ਨਾਲ ਹਮੇਸ਼ਾ ਖੜੇ ਰਹਿਣਗੇ ਅਤੇ ਜੋ ਵੀ ਜਿੰਮੇਵਾਰੀ ਉਹਨਾਂ ਨੂੰ ਸੌਂਪੀ ਜਾਵੇਗੀ ਉਹ ਪੂਰੀ ਤਨ ਦੇਹੀ ਦੇ ਨਾਲ ਨਿਭਾਉਣਗੇ। ਉਹਨਾਂ ਕਿਹਾ ਕਿ ਜਥੇਬੰਦੀ ਦੇ ਪ੍ਰਧਾਨ ਅਤੇ ਸਮੂਹ ਮੈਂਬਰਾਨ ਵੱਲੋਂ ਜੋ ਉਹਨਾਂ ਨੂੰ ਮਾਣ ਬਖਸ਼ਿਆ ਗਿਆ ਹੈ ਉਸ ਨੂੰ ਬਰਕਰਾਰ ਰੱਖਣ ਦੇ ਲਈ ਹਰ ਸੰਭਵ ਮਾਰਗ ਦਰਸ਼ਨ ਕਰਦੇ ਰਹਿਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਨਰਲ ਸਕੱਤਰ ਪੰਜਾਬ ਜਗਦੀਪ ਸਿੰਘ, ਦੀਪਕ ਸ਼ਰਮਾਂ , ਸੁਨੀਲ ਕੁਮਾਰ, ਰੋਹਿਤ ਸ਼ਰਮਾਂ , ਸਰਬਜੀਤ ਸਿੰਘ, ਅਵਤਾਰ ਸਿੰਘ, ਜਸਵੰਤ ਸਿੰਘ, ਪ੍ਰਿਥੀਪਾਲ ਸਿੰਘ, ਕੰਵਲਜੀਤ ਸਿੰਘ, ਅਸ਼ਵਨੀ ਕੁਮਾਰ ਆਦਿ ਹਾਜ਼ਰ ਸਨ।



# ਬੀ.ਡੀ.ਪੀ.ਓ ਦਫਤਰ ਮਾਲੇਰਕੋਟਲਾ ਵਿਖੇ ਵੱਖ ਵੱਖ ਵਿਭਾਗਾਂ ਦੇ ਕਰਮਚਾਰੀਆਂ ਲਈ ਸਿਖਲਾਈ ਕੈਂਪ ਲਗਾਇਆ ਗਿਆ

ਪੰਜਾਬ ਦਾ ਖੁਲਾਸਾ

**ਮਾਲੇਰਕੋਟਲਾ 25 ਨਵੰਬਰ (ਬੋਪਾਰਾਏ)**:ਪੰਚਾਇਤੀ ਰਾਜ ਮੰਤਰਾਲਾ, ਭਾਰਤ ਸਰਕਾਰ ਵੱਲੋਂ ਟਿਕਾਊ ਵਿਕਾਸ ਟੀਚਿਆਂ (SDGs) ਲਈ ਦੇ ਸਥਾਨੀਕਰਨ ਨੂੰ ਮੁੱਖ ਰੱਖਦੇ ਹੋਏ ਮਹਿਲਾਵਾਂ ਦੇ ਅਨੁਕੂਲ ਪਿੰਡ ਅਤੇ ਬਾਲ ਮਿੱਤਰ ਪਿੰਡ ਬਣਾਉਣ ਲਈ ਪਿੰਡਾਂ ਵਿੱਚ ਮਹਿਲਾਂ ਸਭਾਵਾਂ ਅਤੇ ਬਾਲ ਸਭਾਵਾਂ ਕਰਵਾਉਣ ਲਈ ਗਰਾਮ ਪੰਚਾਇਤ ਪੱਧਰ ਦੇ ਕਰਮਚਾਰੀਆਂ ਨੂੰ ਟਰੇਨਿੰਗ ਦੇਣ ਲਈ ਬਲਾਕ ਮਾਲੇਰਕੋਟਲਾ ਹ ਵਿਖੇ ਬੀ.ਡੀ.ਪੀ.ਓ ਜਗਰਾਜ ਸਿੰਘ ਦੀ ਦੇਖ ਰੇਖ ਹੇਠ ਚਾਰ ਰੋਜ਼ਾ ਸਿਖਲਾਈ ਕੈਂਪ ਲਗਾਇਆ ਗਿਆ। ਜਿਸ ਵਿੱਚ ਬਲਾਕ ਅਧੀਨ ਪੈਂਦੇ ਇਲਾਕੇ ਅੰਦਰਲੇ ਆਸ਼ਾ ਵਰਕਰਾਂ, ਆਂਗਣਵਾੜੀ ਵਰਕਰਾਂ, ਏ.ਐਨ ਐਮਜ਼, ਪੀ.ਐਸ.ਆਰ.ਐਲ.ਐਮ.ਏ, ਅਧਿਆਪਕਾਂ, ਸੈਲਫ ਹੈਲਪ ਗਰੁੱਪ ਮੈਂਬਰਾਂ ਅਤੇ ਮਗਨਰੇਗਾ ਸਟਾਫ ਸਮੇਤ ਬੀ.ਡੀ.ਪੀ.ਓ ਦਫਤਰ ਮਾਲੇਰਕੋਟਲਾ ਦੇ ਕਰਮਚਾਰੀਆਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਪ੍ਰਦੇਸ਼ਿਕ ਦਿਹਾਤੀ ਵਿਕਾਸ ਸੰਸਥਾ (ਐਸ.ਆਈ.ਆਰ.ਡੀ) ਮੋਹਾਲੀ ਤੋਂ ਮਾਸਟਰ ਰਿਸੋਰਸ ਮੈਡਮ ਚਰਨਜੀਤ ਕੌਰ ਅਤੇ ਮੈਡਮ ਸਰਬਜੀਤ ਕੌਰ ਵੱਲੋਂ ਬਲਾਕ ਦਫਤਰ ਵਿਖੇ ਚਾਰ ਦਿਨ ਚੱਲੇ ਸਿਖਲਾਈ ਕੈਂਪ ਦੌਰਾਨ ਵੱਖ ਵੱਖ ਵਿਭਾਗਾਂ ਦੇ ਕਰਮਚਾਰੀਆਂ ਨੂੰ ਭਾਰਤ ਸਰਕਾਰ ਵੱਲੋਂ ਟਿਕਾਊ ਵਿਕਾਸ ਟੀਚਿਆਂ (SDGs) ਲਈ ਦੇ ਸਥਾਨੀਕਰਨ ਨੂੰ ਮੁੱਖ ਰੱਖਦੇ ਹੋਏ ਮਹਿਲਾਵਾਂ ਦੇ ਅਨੁਕੂਲ ਪਿੰਡ ਅਤੇ ਬਾਲ ਮਿੱਤਰ ਪਿੰਡ ਬਣਾਉਣ ਲਈ ਪਿੰਡਾਂ ਵਿੱਚ ਮਹਿਲਾਂ ਸਭਾਵਾਂ ਅਤੇ ਬਾਲ ਸਭਾਵਾਂ ਕਰਵਾਉਣ ਦੇ ਉਦੇਸ਼ ਨੂੰ ਮੁੱਖ ਰੱਖਦੇ ਹੋਏ ਟਰੇਨਿੰਗ ਦਿੱਤੀ ਗਈ। ਸ੍ਰੀ ਜਗਰਾਜ ਸਿੰਘ, ਬੀ.ਡੀ.ਪੀ.ਓ ਨੇ ਕੈਂਪ ਵਿੱਚ ਹਾਜ਼ਰ ਕਰਮਚਾਰੀਆਂ ਨੂੰ ਕਿਹਾ ਕਿ ਉਹ ਪੰਜਾਬ ਸਰਕਾਰ ਦੁਆਰਾ ਸ਼ੁਰੂ ਕੀਤੇ ਵਿਕਾਸ ਕੰਮਾਂ ਨੂੰ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨ ਅਤੇ ਇਸ ਤੋਂ ਇਲਾਵਾ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀਆਂ ਲੋਕ ਪੱਖੀ ਸਕੀਮਾਂ ਸਬੰਧੀ ਲੋਕਾਂ ਨੂੰ ਸਮੇਂ ਸਿਰ ਜਾਗਰੂਕ ਕਰਨ ਤਾਂ ਜੋ ਆਮ ਲੋਕ ਇਨ੍ਹਾ ਸਕੀਮਾਂ ਦਾ ਲਾਭ ਲੈ ਸਕਣ। ਇਸ ਸਿਖਲਾਈ ਕੈਂਪ ਨੂੰ ਨੇਪਰੇ ਚਾੜ੍ਹਨ ਲਈ ਦੇਵਿੰਦਰਪਾਲ ਸਿੰਘ ਬਲਾਕ ਲੇਖਾਕਾਰ, ਮੈਡਮ ਗੁਲਅਫਸ਼ਾ ਕੰਪਿਊਟਰ ਅਪਰੇਟਰ ਈ ਪੰਚਾਇਤ ਨੇ ਵੱਡਮੁੱਲਾ ਸਹਿਯੋਗ ਦਿੱਤਾ। ਇਸ ਸਮੇਂ ਹੋਰਨਾਂ ਤੋਂ ਇਲਾਵਾ ਸ੍ਰੀ ਪਵਨ ਕੁਮਾਰ, ਸੀ.ਡੀ.ਪੀ . ਓ ਮਾਲੇਰਕੋਟਲਾ, ਰਾਜਿੰਦਰ ਸਿੰਘ ਵੀ.ਡੀ.ਓ ਮੇਲ, ਤਾਰਿਕ ਬਿਲਾਲ ਕਲੱਸਟਰ ਕੋਆਰਡੀਨੇਟਰ, ਸ੍ਰੀ ਭੁਪਿੰਦਰ ਸਿੰਘ ਬਲਾਕ ਇੰਚਾਰਜ ਪੀ.ਐਸ. ਆਰ.ਐਲ.ਐਮ ਆਦਿ ਹਾਜ਼ਰ ਸਨ।



# ਵਧੀਕ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ 'ਚ ਹੋਣ ਵਾਲੀ 21ਵੀਂ ਪਸ਼ੂਧਨ ਗਣਨਾ ਦਾ ਕੀਤਾ ਰਸਮੀ ਆ.ਗਾਜ

ਪੰਜਾਬ ਦਾ ਖੁਲਾਸਾ

**ਮਾਲੇਰਕੋਟਲਾ, 25 ਨਵੰਬਰ (ਬੋਪਾਰਾਏ)** - ਵਧੀਕ ਡਿਪਟੀ ਕਮਿਸ਼ਨਰ ਮਾਲੇਰਕੋਟਲਾ ਸੁਖਪ੍ਰੀਤ ਸਿੰਘ ਨੇ ਪਸ਼ੂ ਪਾਲਣ ਵਿਭਾਗ ਵੱਲੋਂ ਜ਼ਿਲ੍ਹੇ 'ਚ ਹੋਣ ਵਾਲੀ 21ਵੀਂ ਪਸ਼ੂਧਨ ਗਣਨਾ ਦਾ ਰਸਮੀ ਆ.ਗਾਜ ਕੀਤਾ । ਇਸ ਮੌਕੇ ਸੀਨੀਅਰ ਵੈਟਰਨਰੀ ਅ.ਫ਼ਸਰ ਡਾ. ਸੁਖਵਿੰਦਰ ਸਿੰਘ ਅਤੇ ਵੈਟਰਨਰੀ ਅ.ਫ਼ਸਰ ਡਾ. ਵਿਕਰਮ ਕਪੂਰ ਹਾਜ਼ਰ ਸਨ । ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਗਣਨਾ ਪੂਰੇ ਭਾਰਤ ਵਿੱਚ ਕਰਵਾਈ ਜਾ ਰਹੀ ਹੈ। ਇਹ ਗਣਨਾ 100 ਦਿਨਾਂ ਦੇ ਅੰਦਰ-ਅੰਦਰ ਫਰਵਰੀ 2025 ਤੱਕ ਮੁਕੰਮਲ ਕੀਤੀ ਜਾਵੇਗੀ। ਇਸ ਨੂੰ ਮੁਕੰਮਲ ਕਰਨ ਲਈ ਜ਼ਿਲ੍ਹਾ ਮਾਲੇਰਕੋਟਲਾ ਵਿੱਚ ਛੇ ਟੀਮਾਂ ਦਾ ਗਠਨ ਕੀਤਾ ਗਿਆ ਹੈ। ਜਿਸ ਵਿੱਚ ਛੇ ਸੁਪਰਵਾਈਜ਼ਰ (ਵੈਟਰਨਰੀ ਅ.ਫ਼ਸਰ) ਅਤੇ 27 ਵੈਟਰਨਰੀ ਇੰਸਪੈਕਟਰ ਘਰ ਘਰ ਜਾ ਕੇ ਪਸ਼ੂ-ਧਨ ਗਣਨਾ ਕਰਨਗੇ। ਇਸ ਪ੍ਰੋਗਰਾਮ ਲਈ ਵੈਟਰਨਰੀ ਅ.ਫ਼ਸਰ ਸੀ.ਵੀ.ਐਚ ਚੌਂਦਾ ਡਾ. ਪ੍ਰਦੀਪ ਸਿੰਘ ਬਤੌਰ ਜ਼ਿਲ੍ਹਾ ਨੋਡਲ ਅ.ਫ਼ਸਰ ਲਗਾਏ ਗਏ ਹਨ।

ਇਸ ਗਣਨਾ ਅਧੀਨ ਗਾਵਾਂ, ਮੱਝਾਂ, ਘੋੜੇ, ਭੇਡਾਂ, ਬੱਕਰੀਆਂ, ਪੋਲਟਰੀ, ਕੁੱਤੇ, ਬਿੱਲੀਆਂ ਅਤੇ ਹੋਰ ਪਾਲਤੂ ਜਾਨਵਰਾਂ ਦੇ ਨਾਲ ਨਾਲ ਬੇ-ਸਹਾਰਾ ਜਾਨਵਰਾਂ ਦੀ ਵੀ ਗਿਣਤੀ ਕੀਤੀ ਜਾਵੇਗੀ। ਇਹ ਸਾਰੇ ਜਾਨਵਰਾਂ ਦੀ ਗਿਣਤੀ ਦੇ ਨਾਲ ਨਾਲ ਉਨ੍ਹਾਂ ਦੀ ਨਸਲਾਂ ਦੀ ਜਾਣਕਾਰੀ ਵੀ ਇਕੱਠੀ ਕੀਤੀ ਜਾਵੇਗੀ। ਇਸ ਤੋਂ ਇਲਾਵਾ ਪਹਿਲੀ ਵਾਰ ਗਊਸ਼ਾਲਾਵਾਂ ਅਤੇ ਪਸ਼ੂਆਂ ਅਤੇ ਖ਼ਾਨਾਬਦੋਸ਼ ਕਬੀਲਿਆਂ ਦੁਆਰਾ ਪਾਲੇ ਜਾ ਰਹੇ ਪਸ਼ੂਆਂ ਨੂੰ ਵੱਖਰੇ ਤੌਰ ਤੇ ਗਿਣਿਆ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਗਣਨਾ ਮੋਬਾਈਲ ਐਪ ਰਾਹੀਂ ਡਿਜੀਟਲ ਰੂਪ ਵਿੱਚ ਕਰਵਾਈ ਜਾਵੇਗੀ। ਉਨ੍ਹਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਗਣਨਾ ਵਿੱਚ ਪਹਿਲੀ ਵਾਰ ਵਿੱਚ ਪਸ਼ੂ-ਪਾਲਣ ਧੰਦੇ ਵਿੱਚ ਔਰਤਾਂ ਦੀ ਭੂਮਿਕਾ ਵੀ ਦਰਜ ਕੀਤੀ ਜਾਵੇਗੀ। ਉਨ੍ਹਾਂ ਵੱਲੋਂ ਆਮ ਲੋਕਾਂ ਨੂੰ ਇਸ ਗਣਨਾ ਵਿੱਚ ਵੱਧ ਚੜ ਕੇ ਸਹਿਯੋਗ ਦੇਣ ਦੀ ਅਪੀਲ ਕੀਤੀ ਗਈ ਤਾਂ ਜੋ ਭਵਿੱਖ ਵਿੱਚ ਉਨ੍ਹਾਂ ਦੀ ਵਿੱਤੀ ਹਾਲਤ ਸੁਧਾਰਨ ਲਈ ਪਸ਼ੂ ਭਲਾਈ ਸਕੀਮਾਂ ਸੁਚੱਜੇ ਢੰਗ ਨਾਲ ਉਲੀਕੀਆਂ ਜਾ ਸਕਣ।



# ਦਿਵਿਆਂਗ ਸੁਰਿੰਦਰ ਬਿੱਟੂ ਨੇ ਪੈਰਾ ਖੇਡਾਂ ਵਤਨ ਪੰਜਾਬ ਦੀਆਂ 'ਚ ਤੀਜਾ ਸਥਾਨ ਹਾਸਿਲ ਕਰਨ ਤੇ ਦਿੱਤੀ ਵਧਾਈ

ਪੰਜਾਬ ਦਾ ਖੁਲਾਸਾ

**ਘਨੌਰ 25 ਨਵੰਬਰ (ਅਭਿਸ਼ੇਕ ਸੂਦ)**-ਪੰਜਾਬ ਸਰਕਾਰ ਵੱਲੋਂ ਦਿਵਿਆਂਗ ਖਿਡਾਰੀਆਂ ਲਈ 'ਪੈਰਾ ਖੇਡਾਂ ਵਤਨ ਪੰਜਾਬ ਦੀਆਂ ਸੀਜਨ-1 ਦੇ ਲੁਧਿਆਣਾ ਦੇ ਗੁਰੂ ਨਾਨਕ ਸਟੇਡੀਅਮ ਵਿਖੇ 20 ਤੋਂ 25 ਨਵੰਬਰ ਰਹੀਆਂ ਉਕਤ ਸੂਬਾ ਪੱਧਰੀ ਖੇਡਾਂ ਦੇ ਐੱਫ- 56 ਕੈਟਾਗਰੀ ਅਧੀਨ ਖਿਡਾਰੀ ਸੁਰਿੰਦਰ ਸਿੰਘ ਬਿੱਟੂ ਨੇ ਜੈਵਲਿਨ ਥ੍ਰੋਅ ਮੁਕਾਬਲਿਆਂ 'ਚ ਵਧੀਆਂ ਖੇਡ ਦਾ ਪ੍ਰਦਰਸ਼ਨ ਕਰਦਿਆਂ ਤੀਜਾ ਸਥਾਨ ਹਾਸਿਲ ਕਰਕੇ ਦਿਵਿਆਂਗ ਵਰਗ ਦਾ ਨਾਂ ਰੋਸ਼ਨ ਕੀਤਾ ਹੈ। ਇਸਤੋਂ ਪਹਿਲਾਂ ਉਕਤ ਨਾਮਵਰ ਖਿਡਾਰੀ ਨੇ ਰਾਜਸਥਾਨ ਦੇ ਹਨੂੰਮਾਨਗੜ੍ਹ ਸ਼ਹਿਰ ਵਿਖੇ ਹੋਈਆਂ ਪੈਰਾ ਖੇਡਾਂ 'ਚ ਵੀ ਪੰਜਾਬ ਦੀ ਟੀਮ ਵੱਲੋਂ ਖੇਡਦਿਆਂ ਕਾਂਸੇ ਦਾ ਤਗਮਾ ਹਾਸਿਲ ਕੀਤਾ ਸੀ । ਇਸ ਮੌਕੇ ਰਾਸਟਰੀ ਦਿਵਿਆਂਗ ਐਸੋਸੀਏਸ਼ਨ ਦੇ ਜਿਲਾ ਪਟਿਆਲਾ ਪ੍ਰਧਾਨ ਓਮਕਾਰ ਸਰਮਾ ਨੇ ਆਖਿਆ ਕਿ ਇਹ ਪਹਿਲੀ ਵਾਰ ਹੋਇਆ ਹੈ ਕਿ ਪੰਜਾਬ ਸਰਕਾਰ ਨੇ ਦਿਵਿਆਂਗ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਸਾਬਿਤ ਕਰਨ ਲਈ ਪੈਰਾ ਖੇਡਾਂ ਦਾ ਆਯੋਜਨ ਕਰਵਾਇਆ ਹੈ । ਜਿਸ ਕਰਕੇ ਪੰਜਾਬ ਸਰਕਾਰ ਵਧਾਈ ਦੀ ਪਾਤਰ ਹੈ । ਉਨ੍ਹਾਂ ਆਖਿਆ ਕਿ ਦਿਵਿਆਂਗ ਖਿਡਾਰੀ ਕਰਜ਼ੇ ਲੈ ਕੇ ਆਪਣੇ ਖੇਡਾਂ ਦੇ ਸ਼ੌਕ ਨੂੰ ਜਾਰੀ ਰੱਖ ਰਹੇ ਹਨ । ਜਿਸ ਕਰਕੇ ਪੰਜਾਬ ਸਰਕਾਰ ਵੱਲੋਂ ਇਨ੍ਹਾਂ ਖਿਡਾਰੀਆਂ ਲਈ ਵੱਧ ਤੋਂ ਵੱਧ ਆਰਥਿਕ ਸਹਾਇਤਾ ਮੁਹੱਈਆ ਕਰਵਾਉਣ ਦਾ ਯਤਨ ਕੀਤਾ ਜਾਣਾ ਚਾਹੀਦਾ ਹੈ ।

ਜਿਸ ਨਾਲ ਨਾ ਕੇਵਲ ਇਨ੍ਹਾਂ ਦਿਵਿਆਂਗ ਖਿਡਾਰੀਆਂ 'ਚ ਖੇਡਾਂ ਪ੍ਰਤੀ ਹੋਰ ਵੀ ਉਤਸਾਹ ਵਧੇਗਾ ? ਜਦਕਿ ਉਹ ਵਧੀਆ ਖੇਡ ਦਾ ਪ੍ਰਦਰਸ਼ਨ ਕਰਕੇ ਸੂਬੇ ਦਾ ਨਾਂ ਚਮਕਾ ਸਕਣਗੇ।ਇਸ ਮੌਕੇ ਯੂਨੀਅਨ ਦੇ ਮੈਂਬਰਾਂ ਜਿਲ੍ਹਾ ਖ਼ਜਾਨਚੀ ਬਲਜੀਤ ਸਿੰਘ ਹਰੀਮਾਜਰਾ, ਮੀਤ ਪ੍ਰਧਾਨ ਲੱਖਵਿੰਦਰ ਸਿੰਘ ਸਰਾਲਾ, ਸਲਾਹਕਾਰ ਹੰਸ ਰਾਜ ਸਰਾਲਾ,ਆਸੂ ਦੇਵ ਸਰਾਲਾ,ਸੁਖਵਿੰਦਰ ਸਿੰਘ ਸਰਾਲਾ,ਧਰਮਪਾਲ ਹਰੀਮਾਜਰਾ, ਜਸਵੀਰ ਸਿੰਘ ਹਰੀਮਾਜਰਾ ,ਰਾਜਿੰਦਰ ਕੁਮਾਰ ਟੋਟਾ ਘਨੌਰ ਨੇ ਸੁਰਿੰਦਰ ਬਿੱਟੂ ਨੂੰ ਕਾਂਸੀ ਦਾ ਤਗਮਾ ਜਿੱਤਣ 'ਤੇ ਵਧਾਈ ਦਿੰਦਿਆਂ ਭਵਿੱਖ ਲਈ ਸ਼ੁਭਕਾਮਨਾਵਾਂ ਭੇਂਟ ਕੀਤੀਆਂ ।



# ਸਹੀ ਸ਼ਬਦਾਵਲੀ ਦੀ ਵਰਤੋਂ ਕਰਨਾ 'ਤੇ ਹੁਨਰ ਦੀ ਪਛਾਣ ਕਰਨਾ ਦੇ ਉਦੇਸ਼ ਨੂੰ ਮੁੱਖ ਰੱਖਦੇ ਹੋਏ ਸਕੂਲ ਵਿੱਚ ਜਨਰਲ ਨਾਲੇਜ ਮੁਕਾਬਲੇ ਕਰਵਾਏ

ਪੰਜਾਬ ਦਾ ਖੁਲਾਸਾ

**ਭੁੱਚੋ ਮੰਡੀ ਨਥਾਣਾ 25 ਨਵੰਬਰ (ਹਰਬੰਸ ਭੁੱਚੋ)** ਸਿਲਵਰ ਓਕਸ ਸਕੂਲ ਰਾਮਪੁਰਾ ਰੋੜ ਬਠਿੰਡਾ ਵਿਖੇ ਬੱਚਿਆਂ ਦੇ ਹੁਨਰ ' ਤੇ ,ਸਹੀ ਭਾਸ਼ਾ ਦੀ ਪਛਾਣ ਕਰਨਾ ਦੇ ਉਦੇਸ਼ ਨੂੰ ਮੁੱਖ ਰੱਖਦੇ ਹੋਏ ਤੇ ਆਪਣੀ ਸਹੀ ਭਾਸ਼ਾ ਦੇ ਸੁਧਾਰ ਕਰਨ ਦੇ ਉਦੇਸ਼ ਨੂੰ ਮੁੱਖ ਰੱਖਦੇ ਹੋਏ ਬੱਚਿਆਂ ਦੇ ਨੂੰ ਵੱਖ -ਵੱਖ ਵਿਸ਼ਿਆਂ ਤੇ ਸਪੀਕਿੰਗ ਮੁਕਾਬਲੇ ਕਰਵਾਏ ਗਏ ।

ਉਦੇਸ਼ ਦੀ ਪੂਰਤੀ ਲਈ ਬੋਲਣ ਕੌਸ਼ਲ ਗਤੀਵਿਧੀਆਂ ਕਰਵਾਈਆਂ ਗਈਆਂ । ਜਿਸ ਵਿੱਚ ਬੱਚਿਆਂ ਦੇ ਉਮਰ ਪੱਧਰ ਅਨੁਸਾਰ ਜਮਾਤ ਪਹਿਲੀ ਤੋਂ ਸੱਤਵੀਂ ਤੱਕ ਦੇ ਵਿਦਿਆਰਥੀਆਂ ਨੂੰ ਅਲੱਗ-ਅਲੱਗ ਸਿੱਖਿਆਦਾਇਕ ਵਿਸ਼ੇ ਦਿੱਤੇ ਗਏ, ਜਿਵੇਂ "ਸ਼ੇਅਰਿੰਗ ਦੀ ਮਹੱਤਤਾ, ਜਾਨਵਰਾਂ ਪ ?ਤੀ ਦਇਆ, ਧਰਤੀ ਬਚਾਓ, ਰੀਸਾਈਕਲਿੰਗ ਦੀ ਮਹੱਤਤਾ, ਵਿਭਿੰਨਤਾਵਾਂ ਪ ?ਤੀ ਸਮਝ, ਸਮਾਨਤਾ, ਮਾਨਸਿਕ ਸਿਹਤ ਜਾਗਰੂਕਤਾ"। ਵਿਦਿਆਰਥੀਆਂ ਵੱਲੋਂ ਸਕੂਲ ਵਿੱਚੋ ਪ੍ਰਾਪਤ ਕੀਤੀ ਸਿੱਖਿਆ ਤੇ ਹੌਂਸਲੇ ਨਾਲ ਇਨ੍ਹਾਂ ਵਿਸ਼ਿਆਂ ਉੱਪਰ ਬੋਲਿਆ ਗਿਆ। ਇਸ ਪਬਲਿਕ ਸਪੀਕਿੰਗ ਮੁਕਾਬਲੇ ਵਿੱਚ ਬੱਚਿਆਂ ਦੇ ਵਿਚਾਰਾਂ ਦੀ ਸਪੱਸ਼ਟਤਾ, ਭਾਸ਼ਾ ਦੀ ਰਵਾਨਗੀ, ਵਿਸ਼ਵਾਸ ਅਤੇ ਹਾਵ-ਭਾਵ ਨੂੰ ਚੰਗੀ ਤਰ੍ਹਾਂ ਪਰਖਿਆ ਗਿਆ। ਸਕੂਲ ਦੇ ਮੁੱਖ ਅਧਿਆਪਕਾ ਸ੍ਰੀ ਮਤੀ ਛਾਇਆ ਵਿਨੋਚਾ ਨੇ ਬੱਚਿਆਂ ਦੀ ਵਧੀਆ ਕੋਸ਼ਿਸ਼ ਲਈ ਸ਼ਾਬਾਸ਼ ਦਿੰਦੇ ਹੋਏ ਪਬਲਿਕ ਸਪੀਕਿੰਗ ਲਈ ਹੋਰ ਜ਼ਰੂਰੀ ਨੁਕਤਿਆਂ ਬਾਰੇ ਵੀ ਚਰਚਾ ਕੀਤੀ ਗਈ, ਵਿਦਿਆਰਥੀਆਂ ਨੂੰ ਅੱਗੇ ਤੋਂ ਵਧੇਰੇ ਸੁਧਾਰ ਕਰਨ ਲਈ ਪ੍ਰੇਰਿਤ ਕੀਤਾ।




# ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੂਰਬ ਨੂੰ ਸਮਰਪਿਤ ਲਗਾਏ ਵਿਸ਼ਾਲ ਖੂਨਦਾਨ ਕੈਂਪ ਮੌਕੇ 102 ਯੂਨਿਟ ਬਲੱਡ ਇਕੱਤਰ ਕੀਤਾ

ਪੰਜਾਬ ਦਾ ਖੁਲਾਸਾ

**ਜੈਤੋ 25 ਨਵੰਬਰ (ਗੁਰਦੀਪ ਸਿੰਘ ਢਿੱਲੋਂ)**:- ਪਿੰਡ ਰੋੜੀਕਪੂਰਾ ਵਿਖੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮੂਹ ਨਗਰ ਪੰਚਾਇਤਾਂ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਸਾਂਝ ਬਲੱਡ ਵੈਲਫੇਅਰ ਕਲੱਬ ਰਜਿ: ਫਰੀਦਕੋਟ ਦੇ ਵੱਲੋਂ ਬਾਹਰਲਾ ਗੁਰਦੁਆਰਾ ਸਾਹਿਬ ਰੋੜੀਕਪੂਰਾ ਵਿਖੇ ਸਰਪ੍ਰਸਤ ਰਾਜਨ ਦੂਆ ਅਤੇ ਪ੍ਰਧਾਨ ਪਕੰਜਾ ਦਿਉੜਾ ਅਤੇ ਵਾਈਸ ਪਧਾਨ ਰਾਜਵਿੰਦਰ ਸਿੰਘ ਕਾਬਲ ਵਾਲਾ ਦੀ ਦੇਖ ਰੇਖ ਵਿਚ ਖੂਨਦਾਨ ਅਤੇ ਮੈਡੀਕਲ ਕੈਂਪ ਲਗਾਇਆ ਗਿਆ । ਮੈਡੀਕਲ ਚੈੱਕਅਪ ਕੈਂਪ ਵਿੱਚ ਡਾ ਬਿਕਰਮਜੀਤ ਸਿੰਗਲਾ ਵੱਲੋਂ ਹੱਡੀਆਂ ਤੇ ਜੋੜਾ ਦਾ ਚੈਕ ਅੱਪ ਕੀਤਾ ਗਿਆ ਅਤੇ ਮੁ.ਫ਼ਤ ਦਵਾਈਆ ਦਵਾਈਆ ਵੰਡੀਆ ਗਈਆ। ਔਰਤਾਂ ਦੇ ਮਾਹਿਰ ਡਾਕਟਰ ਸ਼ਿਖਾ ਸ਼ਰਮਾ ਜੀ ਵੀ ਵਿਸ਼ੇਸ਼ ਤੌਰ ਤੇ ਪਹੁੰਚੇ ਸਿਵਲ ਹਸਪਤਾਲ ਕੋਟਕਪੂਰਾ ਫਰੀਦਕੋਟ ਅਤੇ ਦੀਪ ਬਲੱਡ ਬੈਂਕ ਫਰੀਦਕੋਟ ਵੱਲੋ 102 ਬਲੱਡ ਯੂਨਿਟ ਇਕੱਤਰ ਕੀਤੇ ਗਏ ਅਤੇ ਬਲੱਡ ਦਾਨ ਕਰਨ ਦੇ ਫਾਇਦਿਆ ਬਾਰੇ ਡਾ ਮਨਦੀਪ ਸਿੰਘ ਵੱਲੋਂ ਚਾਨਣ ਪਾਇਆ ਗਿਆ ਮੈਬਰ ਜਸਵੰਤ ਸਿੰਘ ਬਿੱਟੂ ਵੱਲੋ ਸਟੇਜ ਦੀ ਜਿੰਮੇਵਾਰੀ ਸੰਭਾਲੀ ਗਈ ਅਤੇ ਪਿੰਡ ਰੋੜੀਕਪੂਰਾ ਦੀਆਂ ਤਿੰਨੇ ਪੰਚਾਇਤ ਸਰਪੰਚ ਜਸਪਾਲ ਸਿੰਘ ਨੰਬਰਦਾਰ, ਸਰਪੰਚ ਗੁਲਾਬਗੜ੍ਹ ਰੋੜੀਕਪੂਰਾ ਅਰਵਿੰਦਰ ਸਿੰਘ ਬਿੰਦਰ ਬਰਾੜ ਅਤੇ ਸਰਪੰਚ ਨਵਾ ਰੋੜੀਕਪੂਰਾ ਜਸਕਰਨ ਸਿੰਘ ਜੱਸਾ ਅਤੇ ਪੰਚਾਇਤ ਮੈਂਬਰ ਜਸਵੰਤ ਸਿੰਘ ਬਿੱਟੂ, ਸਤਪਾਲ ਸਿੰਘ, ਦਵਿੰਦਰ ਸਿੰਘ, ਹੈਪੀ ਸ਼ਰਮਾ, ਮਨਪ੍ਰੀਤ ਸਿੰਘ ਮੰਨਾ ਢਿੱਲੋਂ, ਦਰਸ਼ਨ ਸਿੰਘ ਅਤੇ ਬਾਹਰਲਾ ਗੁਰਦੁਆਰਾ ਸਾਹਿਬ ਪ੍ਰਬੰਧਕ ਕਮੇਟੀ ਪ੍ਰਧਾਨ ਗਿਆਨੀ ਮੇਜਰ ਸਿੰਘ ਅਤੇ ਅੰਦਰਲਾ ਗੁਰਦੁਆਰਾ ਸਾਹਿਬ ਪ੍ਰਬੰਧਕ ਕਮੇਟੀ ਪ੍ਰਧਾਨ ਡਾ ਜਲੰਧਰ ਸਿੰਘ ਦਾ ਵਿਸ਼ੇਸ਼ ਸਨਮਾਨ ਕੀਤਾ ਅਤੇ ਅਲੱਗ ਅਲੱਗ ਪਿੰਡਾ ਦੀ ਪੰਚਾਇਤਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ਅਤੇ ਰਮਨ ਰੋੜੀ ਕਪੂਰਾ ਅਤੇ ਗੁਰਪ੍ਰੀਤ ਸਿੰਘ ਗੋਰਾ ਵੱਲੋ ਖੂਨਦਾਨ ਕਰਨ ਵਾਲੇ ਵੀਰਾ ਭੈਣਾ ਦਾ ਧੰਨਵਾਦ ਕੀਤਾ ਗਿਆ ਇਸ ਖੂਨਦਾਨ ਕੈਂਪ ਵਿੱਚ ਬਾਲਾ ਜੀ ਕੋਰ ਹਾਰਡਵੇਅਰ ਕੋਟਕਪੂਰਾ ਗੁਰਸ਼ਰਨ ਬਾਵਾ ,ਪਰਪਿੰਦਰ ਬਾਵਾ ਜੀ ਅਤੇ ਸੁਖਵਿੰਦਰ ਸਿੰਘ ਸੁੱਖੀ ਇੰਗਲੈਂਡ ਵੱਲੋ ਵਿਸ਼ੇਸ਼ ਸਹਿਯੋਗ ਦਿੱਤਾ ਗਿਆ ਇਸ ਮੋਕੇ ਜਗਦੇਵ ਸਿੰਘ,ਅਮਰਜੀਤ ਸਿੰਘ ਬਰਾੜ,ਹੈਰੀ ਢਿਲੋ,ਰਾਜਾ ਵੜਿੰਗ,ਧਰਮਿੰਦਰ ਸਿੰਘ,ਡਾ ਵਰਿੰਦਰ ਬੰਟੀ,ਪੂਨੀਤ ਦੂਆ,ਸੰਦੀਪ ਨੰਬਰਦਾਰ,ਚਮਕੋਰ ਢਿਲੋ,ਧਰਮਪਾਲ ਸਿੰਘ,ਅਰਸ਼,ਮਨੂੰ ਅਰੋੜਾ,ਚਮਕੌਰ ਸਿੰਘ,ਸਿਮਰ,ਮਨਦੀਪ ਸਿੰਘ, ਹਾਜ਼ਰ ਸਨ।



# ਪੁਲਿਸ ਬਲ ਵਿੱਚ ਅਨੁਸਾਸ਼ਨ ਦੀ ਭਾਵਨਾ ਅਤੇ ਐਮਰਜੈਂਸੀ ਸਥਿਤੀਆਂ ਨਾਲ ਨਿਪਟਣ ਦੀ ਕੁਸ਼ਲਤਾ ਵਧਾਉਣ ਲਈ ਫਰੀਦਕੋਟ ਪੁਲਿਸ ਵੱਲੋਂ ਜਨਰਲ ਪਰੇਡ ਦਾ ਆਯੋਜਨ

ਪੰਜਾਬ ਦਾ ਖੁਲਾਸਾ

**ਫਰੀਦਕੋਟ 25 ਨਵੰਬਰ (ਗੁਰਦੀਪ ਸਿੰਘ ਢਿੱਲੋਂ)**- ਡਾ. ਪ੍ਰਗਿਆ ਜੈਨ ਐਸ.ਐਸ.ਪੀ ਫਰੀਦਕੋਟ ਦੀ ਅਗਵਾਈ ਹੇਠ ਫਰੀਦਕੋਟ ਪੁਲਿਸ ਵੱਲੋਂ ਪੁਲਿਸ ਕਰਮਚਾਰੀਆਂ ਵਿੱਚ ਅਨੁਸ਼ਾਸ਼ਨ ਦੀ ਭਾਵਨਾ ਨੂੰ ਬਰਕਰਾਰ ਰੱਖਣ ਲਈ ਪੁਲਿਸ ਲਾਈਨ ਵਿਖੇ ਜਨਰਲ ਪਰੇਡ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਐਸ.ਐਸ.ਪੀ ਫਰੀਦਕੋਟ ਵੱਲੋਂ ਸਾਰੇ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਵਰਦੀ ਦੀ ਸਮੀਖਿਆ ਕੀਤੀ ਗਈ। ਇਸ ਮੌਕੇ ਉਹਨਾਂ ਨੇ ਪੁਲਿਸ ਬਲ ਨੂੰ ਡਿਊਟੀ ਸੰਬੰਧੀ ਕੁਝ ਅਹਿਮ ਹਦਾਇਤਾਂ ਵੀ ਜਾਰੀ ਕੀਤੀਆਂ। ਇਸ ਦੇ ਨਾਲ ਹੀ ਡਿਊਟੀ ਦੌਰਾਨ ਸ਼ਾਨਦਾਰ ਸੇਵਾਵਾਂ ਨਿਭਾਉਣ ਵਾਲੇ ਕਰਮਚਾਰੀਆਂ ਨੂੰ 47 ਦਰਜਾ ਪਹਿਲਾ ਅਤੇ 102 ਦਰਜਾ ਦੂਜਾ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਵੀ ਕੀਤਾ ਗਿਆ।

ਇਸ ਦੌਰਾਨ ਦੰਗਾ ਰੋਕੂ ਡ੍ਰਿਲ ਵੀ ਆਯੋਜਿਤ ਕੀਤੀ ਗਈ, ਜਿਸ ਵਿੱਚ ਕਾਨੂੰਨ ਵਿਵਸਥਾ ਦੇ ਜਟਿਲ ਪਹਿਲੂਆਂ ਦੀ ਪੂਰੀ ਤਰ੍ਹਾਂ ਤਿਆਰੀ ਕਰਨ 'ਤੇ ਧਿਆਨ ਦਿੱਤਾ ਗਿਆ। ਡ੍ਰਿਲ ਵਿਚ ਮੁੱਖ ਤੌਰ 'ਤੇ ਵੱਖ-ਵੱਖ ਸਥਿਤੀਆਂ ਜਿਵੇਂ ਕਿ ਭੀੜ-ਨਿਯੰਤਰਣ ਅਤੇ ਐਮਰਜੈਂਸੀ ਸਥਿਤੀਆਂ ਦਾ ਸਮੂਹਿਕ ਪ੍ਰਤੀਕ੍ਰਿਆ ਨਾਲ ਮੁਕਾਬਲਾ ਕਰਨ ਦੀ ਯੋਜਨਾ ਦਾ ਨਿਰੀਖਣ ਕੀਤਾ ਗਿਆ। ਇਹ ਮੌਕ ਡ੍ਰਿਲ ਦਾ ਮਕਸਦ ਸੁਰੱਖਿਆ ਬਲਾਂ ਦੀ ਤਿਆਰੀ ਦੀ ਜਾਂਚ ਕਰਨੀ ਅਤੇ ਕਾਨੂੰਨੀ ਜ਼ਿੰਮੇਵਾਰੀਆਂ ਨੂੰ ਚੰਗੀ ਤਰ੍ਹਾਂ ਨਿਭਾਉਣ ਦੀ ਪ੍ਰਵਿਰਤੀ ਨੂੰ ਵਧਾਉਣਾ ਸੀ।

ਇਸ ਦੇ ਨਾਲ ਹੀ ਫਰੀਦਕੋਟ ਜਿਲ੍ਹੇ ਵਿੱਚ ਤਾਇਨਾਤ ਪੁਲਿਸ ਵਹੀਕਲਾਂ ਦੀ ਚੈਕਿੰਗ ਵੀ ਕੀਤੀ ਗਈ। ਵਹੀਕਲਾਂ ਦੀ ਹਾਲਤ, ਤਕਨੀਕੀ ਸਹੂਲਤਾਂ ਅਤੇ ਉਸਾਰੇ ਦੀ ਵਰਤੋਂ 'ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ। ਵਾਹਨਾਂ ਦੀ ਸਥਿਤੀ ਨੂੰ ਲਗਾਤਾਰ ਸੁਰੱਖਿਆ ਉਦੇਸ਼ਾਂ ਲਈ ਅਪਡੇਟ ਅਤੇ ਤਿਆਰ ਰੱਖਣ ਦੀਆਂ ਹਦਾਇਤਾਂ ਦਿੱਤੀਆਂ ਗਈਆਂ। ਇਸ ਨਾਲ ਯਕੀਨੀ ਬਣਾਇਆ ਜਾ ਸਕੇ ਕਿ ਐਮਰਜੈਂਸੀ ਸਥਿਤੀਆਂ ਵਿੱਚ ਪੁਲਿਸ ਵਾਹਨ ਪੂਰੀ ਤਰ੍ਹਾਂ ਕਾਮਯਾਬ ਹਨ। ਐਸ.ਐਸ.ਪੀ ਫਰੀਦਕੋਟ ਡਾ ਪ੍ਰਗਿਆ ਜੈਨ ਵੱਲੋਂ ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਪਰੇਡ ਵਿੱਚ ਫਰੀਦਕੋਟ ਪੁਲਿਸ ਦੇ ਗਜਟਿਡ ਅਧਿਕਾਰੀਆਂ, ਮੁੱਖ ਅਫਸਰ ਥਾਣਾ ਅਤੇ ਸਮੂਹ ਕਰਮਚਾਰੀਆਂ ਵੱਲੋਂ ਭਾਗ ਲਿਆ ਗਿਆ ਹੈ। ਇਹਨਾਂ ਪਰੇਡਾਂ ਦਾ ਮੁੱਖ ਮਕਸਦ ਪੁਲਿਸ ਬਲ ਵਿੱਚ ਅਨੁਸਾਸ਼ਨ ਦੀ ਭਾਵਨਾ ਨੂੰ ਬਰਕਰਾਰ ਰੱਖਣਾ ਅਤੇ ਕਿਸੇ ਵੀ ਐਮਰਜੈਸੀ ਸਥਿਤੀ ਵਿੱਚ ਤੁਰੰਤ ਕਾਰਵਾਈ ਕਰਨ ਦੀ ਕੁਸ਼ਲਤਾ ਨੂੰ ਤੇਜ ਕਰਨਾ ਹੁੰਦਾ ਹੈ। ਇਸ ਪਰੇਡ ਵਿੱਚ ਵਧੀਆਂ ਡਿਊਟੀ ਕਰਨ ਵਾਲੇ ਕਰਮਚਾਰੀਆਂ ਨੂੰ ਸਰਟੀਫਿਕੇਟ ਵੀ ਦਿੱਤੇ ਗਏ ਹਨ। ਇਸਦੇ ਨਾਲ ਹੀ ਦੰਗਾ ਰੋਕੂ ਡਰਿੱਲ ਦਾ ਅਭਿਆਸ ਵੀ ਕਰਵਾਇਆ ਗਿਆ ਹੈ।



# ਸਿਹਤ ਵਿਭਾਗ ਵਲੋਂ ਹਰ ਰੋਜ ਡੇਂਗੂ ਤੇ ਵਾਰ ਮੁਹਿੰਮ ਤਹਿਤ ਆਦੇਸ਼ ਨਰਸਿੰਗ ਕਾਲਜ ਦੇ ਸਹਿਯੋਗ ਨਾਲ ਸ਼ਹਿਰ ਸ਼੍ਰੀ ਮੁਕਤਸਰ ਸਾਹਿਬ ਵਿਖੇ ਕੀਤੀਆਂ ਡੇਂਗੂ ਵਿਰੋਧੀ ਗਤੀਵਿਧੀਆਂ

ਪੰਜਾਬ ਦਾ ਖੁਲਾਸਾ

**ਸ੍ਰੀ ਮੁਕਤਸਰ ਸਾਹਿਬ, 25 ਨਵੰਬਰ (ਮਨਪ੍ਰੀਤ ਮੋਨੂੰ)** ਸਿਹਤ ਮੰਤਰੀ ਪੰਜਾਬ ਡਾ ਬਲਵੀਰ ਸਿੰਘ ਵਲੋਂ ਪੰਜਾਬ ਦੇ ਲੋਕਾਂ ਨੂੰ ਡੇਂਗੂ ਤੋਂ ਬਚਾਉਣ ਲਈ ਸੂਬੇ ਵਿਚ ਮੈਡੀਕਲ ਕਾਲਜਾਂ ਅਤੇ ਨਰਸਿੰਗ ਵਿਦਆਰਥੀਆਂ ਦੇ ਸਹਿਯੋਗ ਨਾਲ ਹਰ ਰੋਜ ਡੇਂਗੂ ਤੇ ਵਾਰ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਗਈ ਹੈ।ਇਸ ਮੁਹਿੰਮ ਤਹਿਤ ਅੱਜ ਆਦੇਸ਼ ਨਰਸਿੰਗ ਕਾਲਜ ਵਿਖੇ ਡੇਂਗੂ ਵਿਰੋਧੀ ਸੈਮੀਨਾਲ ਲਗਾਇਆ ਗਿਆ ਅਤੇ ਕਾਲਜ ਦੇ ਵਿਦਆਰਥੀਆਂ ਅਤੇ ਸਟਾਫ ਨੂੰ ਆਦੇਸ਼ ਨਰਸਿੰਗ ਕਾਲਜ ਵਿਖੇ ਡੇਂਗੂ ਫੈਲਾਉਣ ਵਾਲੇ ਮੱਛਰ ਦੇ ਲਾਰਵੇ ਦੀ ਪਹਿਛਾਣ ਸਬੰਧੀ ਟਰੇਨਿੰਗ ਦਿੱਤੀ ਗਈ।ਇਸ ਉਪਰੰਤ ਸਿਹਤ ਵਿਭਾਗ ਦੀਆਂ ਟੀਮਾਂ ਵਲੋਂ ਆਦੇਸ਼ ਨਰਸਿੰਗ ਕਾਲਜ ਦੇ ਵਿਦਆਰਥੀਆਂ ਨੂੰ ਨਾਲ ਲੈ ਕੇ ਕਾਲਜ, ਹੋਸਟਲ,ਆਦੇਸ਼ ਨਗਰ, ਡਿਪਟੀ ਦਲੀਪ ਸਿੰਘ ਮਾਰਗ ਅਤੇ ਹੋਰ ਆਸ ਪਾਸ ਦੇ ਏਰੀਏ ਵਿਖੇ ਡੇਂਗੂ ਵਿਰੋਧੀ ਗਤੀਵਿਧੀਆਂ ਕੀਤੀਆਂ ਗਈਆਂ ।ਇਸ ਸਬੰਧ ਵਿਚ ਜਾਣਕਾਰੀ ਦਿੰਦਿਆਂ ਡਾ. ਜਗਦੀਪ ਚਾਵਲਾ ਸਿਵਲ ਸਰਜਨ ਨੇ ਕਿਹਾ ਕਿ ਮਾਨਯੋਗ ਸਿਹਤ ਮੰਤਰੀ ਪੰਜਾਬ ਵਲੋਂ ਸਿਹਤ ਵਿਭਾਗ ਦੇ ਸਾਰੇ ਅਧਿਕਾਰੀਆਂ ਅਤੇ ਕਰਮਚਾਰੀਆਂ ਦੇ ਨਾਲ ਨਾਲ ਸਕੂਲੀ ਵਿਦਆਰਥੀਆਂ, ਨਰਸਿੰਗ ਵਿਦਆਰਥੀਆਂ, ਸਾਰੇ ਵਿਭਾਗਾਂ ਦੇ ਅਧਿਕਾਰੀਆਂ ਕਰਮਚਾਰੀਆਂ ਅਤੇ ਆਮ ਲੋਕਾਂ ਨੂੰ ਹਰ ਰੋਜ ਡੇਂਗੂ ਫੈਲਾਉਣ ਵਾਲੇ ਮੱਛਰ ਦਾ ਲਾਰਵਾ ਖਤਮ ਕਰਨ ਲਈ ਗਤੀਵਿਧੀਆਂ ਕਰਨ ਲਈ ਅਪੀਲ ਕੀਤੀ ਗਈ ਹੈ।ਇਸ ਸਬੰਧ ਵਿਚ ਜਿਲ੍ਹਾ ਸ਼੍ਰੀ ਮੁਕਤਸਰ ਸਾਹਿਬ ਦੇ ਸਿਹਤ ਵਿਭਾਗ ਦੇ ਸਾਰੇ ਅਧਿਕਾਰੀਆਂ/ਕਰਮਚਾਰੀਆਂ ਵਲੋਂ ਡੇਂਗੂ ਵਿਰੋਧੀ ਗਤੀਵਿਧੀਆਂ ਕੀਤੀਆ ਜਾ ਰਹੀਆਂ ਹਨ।ਉਨ੍ਹਾ ਕਿਹਾ ਕਿ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਨਰਸਿੰਗ ਵਿਦਿਆਰਥੀਆਂ ਨੂੰ ਨਾਲ ਲੈਕੇ ਘਰ ਘਰ ਜਾ ਕੇ ਲੋਕਾਂ ਨੂੰ ਡੇਂਗੂ ਤੋਂ ਬਚਣ ਲਈ ਪਹਿਲਾਂ ਹੀ ਜਾਗਰੂਕ ਜਾ ਰਿਹਾ ਹੈ ਅਤੇ ਇਕ ਹਫਤੇ ਤੋਂ ਵੱਧ ਪਾਣੀ ਖੜ੍ਹਾ ਨਾ ਹੋਣ ਸਬੰਧੀ ਵਿਸ਼ੇਸ਼ ਤੌਰ ਤੇ ਕਿਹਾ ਗਿਆ ਅਤੇ ਡੇਂਗੂ ਮੱਛਰ ਦੇ ਲਾਰਵੇ ਨੂੰ ਮੌਕੇ ਤੇ ਨਸ਼ਟ ਕਰਵਾਇਆ ਜਾ ਰਿਹਾ ਹੈ।ਉਨ੍ਹਾ ਕਿਹਾ ਕਿ ਡੇਂਗੂ ਤੋਂ ਬਚਣ ਲਈ ਸਾਵਧਾਨੀਆਂ ਵਰਤਨੀਆਂ ਬਹੁਤ ਜਰੂਰੀ ਹਨ।ਉਨ੍ਹਾ ਲੋਕਾਂ ਨੂੰ ਅਪੀਲ ਕੀਤੀ ਕਿ ਹਰ ਸ਼ੁੱਕਰਵਾਰ ਨੂੰ ਹਰ ਸ਼ੁੱਕਰਵਾਰ,ਡੇਂਗੂ ਤੇ ਵਾਰ ਦੇ ਤੌਰ ਤੇ ਮਨਾਇਆ ਜਾਵੇ ਅਤੇ ਇਸ ਦਿਨ ਪਾਣੀ ਸਟੋਰ ਕਰਨ ਵਾਲੇ ਬਰਤਨਾਂ ਨੂੰ ਇਕ ਵਾਰ ਸੁਕਾ ਕੇ ਦੁਬਾਰਾ ਵਰਤੋਂ ਵਿਚ ਲਿਆਂਦਾ ਜਾਵੇ ਤਾਂ ਜੋ ਮੱਛਰ ਦੀ ਪੈਦਾਇਸ਼ ਨੂੰ ਰੋਕਿਆ ਜਾ ਸਕੇ ।ਇਸ ਮੌਕੇ ਸੁਖਮੰਦਰ ਸਿੰਘ ਜਿਲ੍ਹਾ ਮਾਸ ਮੀਡੀਆ ਅਫਸਰ ਨੇ ਕਿਹਾ ਕਿ ਡੇਂਗੂ ਬੁਖਾਰ ਏਡੀਜ਼ ਅਜੈਪਟੀ ਨਾਂ ਦੇ ਮੱਛਰ ਦੇ ਕੱਟਣ ਨਾਲ ਫੈਲਦਾ ਹੈ। ਇਹ ਮੱਛਰ ਦਿਨ ਵੇਲੇ ਕੱਟਦਾ ਹੈ ਅਤੇ ਇਹ ਮੱਛਰ ਇਕ ਹਫਤੇ ਤੋਂ ਵੱਧ ਖੜੇ ਸਾਫ ਪਾਣੀ ਵਿੱਚ ਪੈਦਾ ਹੁੰਦਾ ਹੈ ਇਸ ਲਈ ਸਾਨੂੰ ਕਬਾੜ ਵਿਚ ਪਏ ਟਾਇਰ, ਟੁੱਟੇ ਘੜੇ ਅਤੇ ਗਮਲੇ ਆਦਿ ਵਿੱਚ ਪਾਣੀ ਖੜਣ ਨਹੀਂ ਦੇਣਾ ਚਾਹੀਦਾ।ਮੱਛਰਦਾਨੀਆ ਅਤੇ ਮੱਛਰ ਭਜਾਉਣ ਵਾਲੀਆਂ ਕਰੀਮਾਂ ਦੀ ਵਰਤੋਂ ਕਰੋ, ਸਾਰੇ ਸਰੀਰ ਨੂੰ ਢੱਕਦੇ ਕੱਪੜੇ ਪਾਓ, ਘਰਾਂ ਦੇ ਆਲੇ ਦੁਆਲੇ ਪਾਣੀ ਨਾ ਖੜ੍ਹਾ ਹੋਣ ਦਿਓ, ਘਰਾਂ ਵਿੱਚ ਪਾਣੀ ਵਾਲੀਆਂ ਟੈਂਕੀਆਂ ਨੂੰ ਢੱਕ ਕੇ ਰੱਖੋ। ਇਸ ਮੌਕੇ ਭਗਵਾਨ ਦਾਸ, ਲਾਲ ਚੰਦ ਜਿਲ੍ਹਾ ਸਿਹਤ ਇੰਸਪੈਕਟਰ ਨੇ ਕਿਹਾ ਕਿ ਜੇਕਰ ਕਿਸੇ ਵਿਅਕਤੀ ਨੂੰ ਡੇਂਗੂ ਅਤੇ ਮਲੇਰੀਆ ਦੇ ਕੋਈ ਲੱਛਣ ਜਿਵੇਂ ਤੇਜ ਬੁਖਾਰ ਹੋਣਾ, ਸਿਰ ਦਰਦ, ਅੱਖਾਂ, ਜੋੜਾਂ ਅਤੇ ਸਰੀਰ ਵਿੱਚ ਦਰਦ, ਭੁੱਖ ਘੱਟ ਲੱਗਣਾ ਆਦਿ ਲੱਛਣ ਆਉਣ ਤਾਂ ਨੇੜੇ ਦੇ ਸਿਵਲ ਹਸਪਤਾਲ ਵਿਚ ਜਾ ਕੇ ਮਾਹਿਰ ਡਾਕਟਰ ਨਾਲ ਸੰਪਰਕ ਕੀਤਾ ਜਾਵੇ ਅਤੇ ਡੇਂਗੂ ਦਾ ਟੈਸਟ ਜਰੂਰ ਕਰਵਾਇਆ ਜਾਵੇ ਅਤੇ ਡੇਂਗੂ ਪਾਜੇਟਿਵ ਆਉਣ ਦੀ ਸੂਰਤ ਵਿੱਚ ਮਾਹਿਰ ਡਾਕਟਰ ਤੋਂ ਇਲਾਜ ਕਰਵਾਇਆ ਜਾਵੇ।ਡੇਂਗੂ ਦੇ ਟੈਸਟ ਅਤੇ ਇਲਾਜ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਮੁਫ਼ਤ ਕੀਤਾ ਜਾਂਦਾ ਹੈ।ਇਸ ਮੌਕੇ ਆਦੇਸ਼ ਨਰਸਿੰਗ ਕਾਲਜ ਦੇ ਵਿਦਆਰਥੀਆਂ ਅਤੇ ਸਟਾਫ ਤੋਂ ਇਲਾਵਾ ਸਿਹਤ ਵਰਕਰ ਗੁਰਸੇਵਕ ਸਿੰਘ, ਗੁਰਜੀਤ ਸਿੰਘ, ਰਾਜਵਿੰਦਰ ਸਿੰਘ , ਅਮ੍ਰਿਤਪਾਲ ਸਿੰਘ ਅਤੇ ਬ੍ਰੀਡਿੰਗ ਚੈਕਰ ਹਾਜ਼ਰ ਸਨ।



# ਐੱਨ. ਐੱਸ.ਮੈਮੋਰੀਅਲ ਸਕੂਲ 'ਚ ਖੇਡ ਮੇਲਾ ਕਰਵਾਇਆ

ਪੰਜਾਬ ਦਾ ਖੁਲਾਸਾ

**ਭੁੱਚੋ ਮੰਡੀ/ਨਥਾਣਾ, 25 ਨਵੰਬਰ (ਹਰਬੰਸ ਭੁੱਚੋ)** ਭੁੱਚੋ ਮੰਡੀ ਐੱਨ ਐੱਸ ਮੈਮੋਰੀਅਲ ਸਕੂਲ ਵਿੱਚ ਸਕੂਲ ਪ੍ਰਿੰਸੀਪਲ ਮੈਡਮ ਕੁਲਦੀਪ ਕੌਰ ਦੀ ਅਗਵਾਈ ਵਿੱਚ ਖੇਡ ਮੇਲਾ ਕਰਵਾਇਆ ਗਿਆ।ਜਿਸ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਨਾਲ ਹਿੱਸਾ ਲਿਆ।ਇਸ ਮੌਕੇ ਪਿ ?ਸੀਪਲ ਮੈਡਮ ਨੇ ਖੇਡ ਮੇਲੇ ਵਿੱਚ ਭਾਗ ਲੈਣ ਵਾਲੇ ਬੱਚਿਆਂ ਨੂੰ ਦੱਸਿਆ ਕਿ ਖੇਡਾਂ ਸਿੱਖਿਆ ਦਾ ਮਹੱਤਵਪੂਰਨ ਹਿੱਸਾ ਹੁੰਦੀਆਂ।ਜਿਸ ਨਾਲ ਸਰੀਰਕ ਤੇ ਦਿਮਾਗੀ ਵੀ ਹੁੰਦਾ ਹੈ। ਬੱਚਿਆਂ ਨੂੰ ਭਵਿੱਖ ਵਿੱਚ ਤਰੱਕੀ ਕਰਨ ਲਈ ਸਰੀਰ ਨੂੰ ਤੰਦਰੁਸਤ ਰੱਖਣ ਲਈ ਖੇਡਾਂ ਨਾਲ ਜੁੜਨਾ ਹੀ ਸਮੇਂ ਦੀ ਲੋੜ ਹੈ। ਬੱਚਿਆਂ ਦੇ ਚੰਗੇ ਭਵਿੱਖ,ਸਰੀਰਕ ਤੰਦਰੁਸਤੀ ਲਈਂ ਤੇ ਸਰੀਰਕ ਵਿਕਾਸ ਲਈ ਇਹੋ ਜਿਹੇ ਖੇਡ ਮੇਲਿਆਂ , ਖੇਡਾਂ ਦਾ ਹੋਣਾ ਬਹੁਤ ਜ਼ਰੂਰੀ ਹੈ।ਇਸ ਸਕੂਲ ਕਮੇਟੀ ਦੇ ਚੇਅਰਮੈਨ ਅੰਗਰੇਜ਼ ਸਿੰਘ ਗਿੱਲ ਨੇ ਬੱਚਿਆਂ ਨੂੰ ਦੱਸਿਆ ਕਿ ਖੇਡਾਂ ਤੰਦਰੁਸਤੀ,ਸਰੀਰਕ ਵਿਕਾਸ, ਨਸ਼ਿਆਂ ਤੋਂ ਦੂਰ,ਮਿਲਵਰਤਨ ਦੀ ਜੀਵਨ ਜਾਚ ਦੇ ਨਾਲ -ਨਾਲ ਸੇਧ ਵੀ ਦਿੰਦੀਆਂ ਜ਼ੋ ਸਾਡੇ ਭਵਿੱਖ ਵਿੱਚ ਸਦਾ ਲਈ ਕੰਮ ਆਉਂਦੀਆਂ। ਉਨ੍ਹਾਂ ਇਹ ਵੀ ਦੱਸਿਆ ਕਿ ਐੱਲ ਕੇ ਤੋਂ ਲੈਕੇ ਦੱਸਵੀਂ ਕਲਾਸ ਦੇ ਬੱਚਿਆਂ ਨੇ ਵੱਖ ਖੇਡਾਂ ਵਿੱਚ ਹਿੱਸਾ ਲੈਕੇ ਚੰਗੀਆਂ ਪੁਜੀਸ਼ਨਾ ਪ੍ਰਾਪਤ ਕੀਤੀਆਂ 'ਤੇ ਉਨ੍ਹਾਂ ਸਾਰੇ ਵਿਦਿਆਰਥੀਆਂ ਦਾ ਸਨਮਾਨ ਕੀਤਾ ਗਿਆ ।



# ਐਮ.ਐਲ.ਏ. ਗਰਦੇਵ ਮਾਨ ਨੇ ਡੇਂਗੂ ਪ੍ਰਤੀ ਜਾਗਰੂਕਤਾ ਲਈ ਘਰ ਘਰ ਜਾ ਕੇ ਲੋਕਾਂ ਨੂੰ ਕੀਤੀ ਅਪੀਲ

## ਡੇਂਗੂ ਨੂੰ ਰੋਕਣ ਲਈ ਸਾਂਝੇ ਸਹਿਯੋਗ ਦੀ ਜ਼ਰੂਰਤ : ਐਮ.ਐਲ.ਏ.

ਪੰਜਾਬ ਦਾ ਖੁਲਾਸਾ

**ਨਾਭਾ, 25 ਨਵੰਬਰ (ਗੁਰਪ੍ਰੀਤ ਸਿੰਘ ਬਰਸਟ)** ਮਾਨਯੋਗ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਅਤੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਪੰਜਾਬ ਡਾ. ਬਲਵੀਰ ਸਿੰਘ ਵੱਲੋਂ ਆਮ ਲੋਕਾਂ ਨੂੰ ਡੇਂਗੂ ਤੋ ਬਚਾਉਣ ਲਈ ਸ਼ੁਰੂ ਕੀਤੀ ਵਿਸ਼ੇਸ਼ ਮੁਹਿੰਮ ਨੂੰ ਨਾਭਾ ਸ਼ਹਿਰ ਵਿਚ ਪ੍ਰਭਾਵੀ ਢੰਗ ਨਾਲ ਲਾਗੂ ਕੀਤਾ ਜਾ ਰਿਹਾ ਹੈ ਜਿਸ ਦੀ ਲੜੀ ਤਹਿਤ ਅੱਜ ਐਮ.ਐਲ.ਏ. ਗਰਦੇਵ ਸਿੰਘ ਮਾਨ ਨੇ ਆਮ ਲੋਕਾਂ ਨੂੰ ਡੇਂਗੂ ਪ੍ਰਤੀ ਜਾਗਰੂਕ ਕਰਨ ਦੇ ਮੰਤਵ ਨਾਲ ਸ਼ਹਿਰ ਵਿਚ ਘਰ ਘਰ ਜਾ ਕੇ ਡੇਂਗੂ ਰੋਕਣ ਲਈ ਅਪੀਲ ਕੀਤੀ ਅਤੇ ਡੇਂਗੂ ਦੇ ਲਾਰਵੇ ਦੀ ਚੈਕਿੰਗ ਵੀ ਕੀਤੀ। ਇਸ ਮੌਕੇ ਉਨ੍ਹਾਂ ਕਿਹਾ ਕਿ ਸੀਨੀਅਰ ਮੈਡੀਕਲ ਅਫਸਰ ਡਾ. ਵੀਨੂੰ ਗੋਇਲ ਦੀ ਅਗਵਾਈ ਵਿਚ ਸਿਵਲ ਹਸਪਤਾਲ ਅਧੀਨ ਡੇਂਗੂ ਵਿਰੁੱਧ ਗਤੀਵਿਧੀਆਂ ਨੂੰ ਪ੍ਰਭਾਵੀ ਢੰਗ ਨਾਲ ਲਾਗੂ ਕੀਤਾ ਜਾ ਰਿਹਾ ਹੈ, ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਡੇਂਗੂ ਨੂੰ ਰੋਕਣ ਲਈ ਸਾਂਝੇ ਸਹਿਯੋਗ ਦੀ ਜ਼ਰੂਰਤ ਹੈ, ਆਪਣੇ ਘਰਾਂ ਦੇ ਕੂਲਰਾਂ, ਡਰੰਮਾ, ਫਰੀਜ਼ਾਂ ਦੀਆਂ ਟ੍ਰੇਆਂ, ਟਾਇਰਾਂ, ਗਮਲਿਆਂ ਵਿਚ ਖੜੇ ਪਾਣੀ ਨੂੰ ਜ਼ਰੂਰ ਸਾਫ ਕੀਤਾ ਜਾਵੇ, ਕਿਉਂਕਿ ਡੇਂਗੂ ਦਾ ਮੱਛਰ ਖੜੇ ਸਾਫ ਪਾਣੀ ਵਿਚ ਪੈਦਾ ਹੁੰਦਾ ਹੈ।ਉਨ੍ਹਾਂ ਕਿਹਾ ਕਿ ਸਰੀਰ ਨੂੰ ਪੂਰੀ ਤਰ੍ਹਾਂ ਢੱਕਣ ਵਾਲੇ ਕੱਪੜੇ ਪਹਿਨਕੇ ਰੱਖੋ, ਮੱਛਰਦਾਨੀ ਅਤੇ ਮੱਛਰ ਭਜਾਊ ਕਰੀਮਾਂ, ਤੇਲ ਆਦਿ ਦੀ ਵਰਤੋਂ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਛੱਤਾਂ ਤੇ ਰੱਖੀਆਂ ਪਾਣੀ ਦੀਆਂ ਟੈਂਕੀਆਂ ਦੇ ਢੱਕਣਾ ਨੂੰ ਬੰਦ ਰੱਖੋ, ਟੁਟੇ ਬਰਤਨਾਂ, ਡਰੰਮਾ ਤੇ ਟਾਇਰਾਂ ਨੂੰ ਖੁਲ੍ਹੇ ਵਿਚ ਨਾ ਰੱਖੋ, ਪਸ਼ੂ-ਪੰਛੀਆਂ ਲਈ ਪੀਣ ਦੇ ਪਾਣੀ ਦੇ ਬਰਤਨਾਂ ਨੂੰ ਹਫਤੇ ਵਿਚ ਇੱਕ ਵਾਰ ਜ਼ਰੂਰ ਸਾਫ ਕਰੋ।ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਡਾ. ਵੀਨੂੰ ਗੋਇਲ ਨੇ ਦੱਸਿਆ ਕਿ ਸਿਵਲ ਹਸਪਤਾਲ ਦੀਆਂ 11 ਟੀਮਾਂ ਵੱਲੋਂ ਹਰ ਰੋਜ਼ ਘਰ-ਘਰ ਜਾ ਕੇ ਸਰਵੇ ਕੀਤਾ ਜਾ ਰਿਹਾ ਹੈ, ਕਿਉਂ ਕਿ ਇਹ ਮੌਸਮ ਡੇਂਗੂ ਦੇ ਮੱਛਰ ਪੈਦਾ ਹੋਣ ਦੇ ਅਨੁਕੂਲ ਹੈ, ਉਨ੍ਹਾਂ ਨੇ ਡੇਂਗੂ ਦੇ ਲੱਛਣਾ ਅਤੇ ਇਲਾਜ਼ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕੋਈ ਵੀ ਬੁਖਾਰ ਡੇਂਗੂ ਹੋ ਸਕਦਾ ਹੈ ਇਸ ਲਈ ਬੁਖਾਰ ਹੋਣ ਤੇ ਡੇਂਗੂ ਦਾ ਟੈਸਟ ਜ਼ਰੂਰ ਕਰਵਾਓ, ਇਹ ਟੈਸਟ ਸਿਵਲ ਹਸਪਤਾਲ ਵਿਚ ਬਿਲਕੁੱਲ ਮੁਫਤ ਕੀਤਾ ਜਾਂਦਾ ਹੈ, ਬੁਖਾਰ ਹੋਣ ਤੇ ਐਸਪਰੀਨ ਜਾਂ ਬਰੂਫਨ ਦਵਾਈ ਨਾ ਲਈ ਜਾਵੇ ਸਿਰਫ ਪੈਰਾਸਿਟਾਮੋਲ ਦੀ ਗੋਲੀ ਹੀ ਲਈ ਜਾਵੇ। ਵਧੇਰੇ ਮਾਤਰਾਂ ਵਿਚ ਤਰਲ ਪਦਾਰਥਾਂ ਦਾ ਸੇਵਨ ਕਰੋ। ਉਨ੍ਹਾਂ ਕਿਹਾ ਕਿ ਜੇਕਰ ਤੇਜ਼ ਬੁਖਾਰ, ਚਮੜੀ ਤੇ ਲਾਲ ਨਿਸ਼ਾਨ, ਮਾਸ਼ਪੇ ?ਸੀਆਂ ਵਿਚ ਦਰਦ, ਅੱਖਾਂ ਦੇ ਪਿਛਲੇ ਹਿੱਸੇ ਵਿਚ ਦਰਦ, ਮਸੂੜਿਆਂ ਅਤੇ ਨੱਕ ਵਿਚੋਂ ਖੂਨ ਦਾ ਵਗਣਾ ਆਦਿ ਵਰਗੇ ਲੱਛਣ ਹੋਣ ਤਾਂ ਤੁਰੰਤ ਨੇੜੇ ਦੀ ਸਿਹਤ ਸੰਸਥਾਂ ਨਾਲ ਸੰਪਰਕ ਕੀਤਾ ਜਾਵੇ, ਡੇਂਗੂ ਦਾ ਟੈਸਟ ਅਤੇ ਸਪੋਰਟਿਵ ਇਲਾਜ਼ ਸਾਰੀਆਂ ਸਰਕਾਰੀ ਸਿਹਤ ਸੰਸਥਾਵਾਂ ਵਿਚ ਬਿਲਕੁੱਲ ਮੁਫਤ ਕੀਤਾ ਜਾਂਦਾ ਹੈ।ਇਸ ਮੌਕੇ ਐਂਟੀ ਲਾਰਵਾ ਨਾਭਾ ਦੀ ਟੀਮ ਸਮੇਤ ਨੋਡਲ ਅਫਸਰ ਡਾ. ਅਨੁਮੇਹਾ ਭੱਲਾ, ਨਰਸਿੰਗ ਸਿਸਟਰ ਸਵਰਨ ਲਤਾ, ਡਿਪਟੀ ਮਾਸ ਮੀਡੀਆ ਅਫਸਰ ਮਹਾਵੀਰ ਸਿੰਘ, ਫਾਰਮੇਸੀ ਅਫਸਰ ਅਜੀਤ ਸਿੰਘ, ਹੈਲਥ ਇੰਸਪੈਕਟਰ ਦਵਿੰਦਰ ਸਿੰਘ, ਸਤਪਾਲ ਸਿੰਘ, ਚਮਕੌਰ ਸਿੰਘ, ਏ.ਐਨ.ਐਮ. ਅਤੇ ਕੁਲਦੀਪ ਕੌਰ ਆਸ਼ਾ ਵਰਕਰ



# ਲਾਇਨ ਕਲੱਬ ਮਿੱਡ ਟਾਊਨ ਨੇ ਕੇਅਰ ਰੈਫਰੈਂਸ ਲੈਬੋਰਟਰੀ ਦੇ ਸਹਿਯੋਗ ਨਾਲ ਫਰੀ ਸ਼ੂਗਰ ਚੈੱਕਅਪ ਕੈਂਪ ਲਗਾਇਆ

ਪੰਜਾਬ ਦਾ ਖੁਲਾਸਾ

**ਜਗਰਾਓ, 25 ਨਵੰਬਰ (ਜਸਵਿੰਦਰ ਸਿੰਘ ਡਾਂਗੀਆ)**-ਲਾਇਨ ਕਲੱਬ ਮਿਡ ਟਾਊਨ ਨੇ ਇੱਕ ਫਰੀ ਸ਼ੂਗਰ ਚੈੱਕਅਪ ਕੈਂਪ, ਕੇਅਰ ਰੈਫਰੈਂਸ ਲੈਬੋਰਟਰੀ ਸ਼ੇਰਪੁਰਾ ਚੋ ਜਗਰਾਉਂ ਦੇ ਸਹਿਯੋਗ ਦੇ ਨਾਲ ਆਯੋਜਨ ਕੀਤਾ ਗਿਆ। ਇਸ ਕੈਂਪ ਦਾ ਉਦਘਾਟਨ ਸੀਨੀਅਰ ਲਾਇਨ ਮੈਂਬਰ, ਲਾਇਨ ਅੰਮ੍ਰਿਤ ਗੋਇਲ ਨੇ ਆਪਣੇ ਕਰ ਕਮਲਾਂ ਨਾਲ ਕੀਤਾ। ਲਾਇਨ ਕਲੱਬ ਮਿਡ ਟਾਊਨ ਨਵੰਬਰ ਦਾ ਪੂਰਾ ਮਹੀਨਾ ਇਹ ਸ਼ੁਕਰ ਦੇ ਚੈਕ ਅਪ ਕੈਂਪ ਲਗਾ ਕੇ ਮਨਾ ਰਹੀ ਹੈ। ਇਹ ਕੈਂਪ 24/11 ਤੋਂ ਸ਼ੁਰੂ ਹੋ ਕੇ 30/11 ਤੱਕ ਲਗਾਇਆ ਜਾਵੇਗਾ। ਅੱਜ ਤੇ ਇਸ ਕੈਂਪ ਦੀ ਸ਼ੁਰੂਆਤ ਬੜੇ ਵਧੀਆ ਢੰਗ ਦੇ ਨਾਲ ਕੀਤੀ ਗਈ, ਜਿਸ ਵਿੱਚ ਡਾਕਟਰ ਹਰਸ਼ ਸਿਗਲਾ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਉਹਨਾਂ ਤੋਂ ਇਲਾਵਾ ਸੈਕਟਰੀ ਚਰਨਜੀਤ ਸਿੰਘ ਭੰਡਾਰੀ, ਕੈਸ਼ੀਅਰ ਲਲਿਤ ਅਗਰਵਾਲ, ਸਾਬਕਾ ਪ੍ਰਧਾਨ ਅਜੇ ਬੰਸਲ, ਸੁਨੀਲ ਕੁਮਾਰ, ਡਾਕਟਰ ਚੰਦਨ ਮੋਹਨ ਔਹਰੀ ਨੇ ਆਪਣੀ ਹਾਜਰੀ ਲਗਵਾਈ। ਲਾਇਨ ਕਲੱਬ ਮਿਡ ਟਾਊਨ ਅਤੇ ਕੇਅਰ ਰੈਫਰੈਂਸ ਲੈਬੋਰਟਰੀ ਵੱਲੋਂ ਜਗਰਾਉਂ ਨਿਵਾਸੀਆਂ ਨੂੰ ਅਪੀਲ ਕੀਤੀ ਜਾਂਦੀ ਹੈ ਕੇ ਸ਼ੂਗਰ ਦੇ ਮਰੀਜ਼ ਇਸ ਕੈਂਪ ਵਿੱਚ ਪਹੁੰਚਣ ਅਤੇ ਫਰੀ ਵਿੱਚ ਆਪਣਾ ਸ਼ੂਗਰ ਚੈੱਕ ਅਪ ਕਰਵਾ ਕੇ ਲਾਭ ਲੈਣ।



ਮੁਦਰਕ, ਪ੍ਰਕਾਸ਼ਕ ਅਤੇ ਸਵਾਮੀ ਮਨਪ੍ਰੀਤ ਸਿੰਘ ਨੇ ਪੰਜਮਨਾ ਆਰਟ ਪ੍ਰੈਸ, ਨੇੜੇ ਪੀ.ਐਨ.ਬੀ. ਬੈਂਕ, ਅਬੋਹਰ ਰੋਡ, ਸ੍ਰੀ ਮੁਕਤਸਰ ਸਾਹਿਬ ਤੋਂ ਛਪਵਾ ਕੇ ਪੰਜਾਬ ਦਾ ਖੁਲਾਸਾ ਦਫਤਰ, ਹਾਊਸ ਨੰਬਰ 236/3, ਨਾਕਾ ਨੰ.2 ਦਰਬਾਰ ਸਾਹਿਬ, ਸ੍ਰੀ ਮੁਕਤਸਰ ਸਾਹਿਬ ਤੋਂ ਪ੍ਰਕਾਸ਼ਿਤ ਕੀਤਾ। ਸੰਪਾਦਕ ਮਨਪ੍ਰੀਤ ਸਿੰਘ
Owner, Publisher & Printer Manpreet Singh Printed at Panjmana Art Press Near PNB Bank, Abohar Road Sri Muktsar Sahib Published from House No 236/3 Naka No 2, Darbar Sahib Sri Muktsar Sahib. Editor Manpreet Singh

# ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਭਾਈ ਵੀਰ ਸਿੰਘ ਹਾਲ ਵਿਖੇ ਲਗਾਇਆ ਗਿਆ ਮੁਫ਼ਤ ਮੈਡੀਕਲ ਜਾਂਚ ਕੈਂਪ



ਪੰਜਾਬ ਦਾ ਖੁਲਾਸਾ

**ਅੰਮ੍ਰਿਤਸਰ, 25 ਨਵੰਬਰ (ਦਿਨੇਸ਼ ਸੋਨੀ)** ਸਮਾਜ ਸੇਵਾ ਅਤੇ ਏਕਤਾ ਦੇ ਸ਼ਾਨਦਾਰ ਉਪਰਾਲੇ ਵਜੋਂ ਪੰਦਰਾਂ ਤੋਂ ਵੱਧ ਰੋਟਰੀ ਕਲੱਬਾਂ ਨੇ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਕੀਰਤਨ ਦਰਬਾਰ ਕਰਵਾਇਆ ਗਿਆ ਅਤੇ ਰੋਟਰੀ ਵੱਲੋਂ ਭਾਈ ਵੀਰ ਸਿੰਘ ਹਾਲ ਵਿਖੇ ਮੁਫ਼ਤ ਮੈਡੀਕਲ ਜਾਂਚ ਕੈਂਪ ਲਗਾਇਆ ਗਿਆ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਲਿਵਾਸਾ ਹਸਪਤਾਲ ਦੇ ਸਹਿਯੋਗ ਨਾਲ ਆਯੋਜਿਤ ਇਸ ਸਮਾਗਮ ਦਾ ਉਦੇਸ਼ ਸਮਾਜ ਵਿੱਚ ਨਿਰਸਵਾਰਥ ਸੇਵਾ ਅਤੇ ਸਿਹਤ ਜਾਗਰੂਕਤਾ ਦੀ ਭਾਵਨਾ ਫੈਲਾਉਣਾ ਸੀ ਕੈਂਪ ਵਿੱਚ ਡਾ. ਅਮਿਤੇਸ਼ਵਰ ਸਿੰਘ ਕੰਸਲਟੈਂਟ ਪਲਾਸਟਿਕ ਸਰਜਨ ਅਤੇ ਮਾਈਕ੍ਰੋਵੈਸਕੁਲਰ ਸਰਜਨ ਦੀ ਅਗਵਾਈ ਵਿੱਚ ਇੱਕ ਟੀਮ ਜਿਸ ਨੇ ਲਗਭਗ 100 ਮਰੀਜ਼ਾਂ ਨੂੰ ਸਮਰਪਣ ਅਤੇ ਮੁਹਾਰਤ ਨਾਲ ਵੱਖ-ਵੱਖ ਸਿਹਤ ਚਿੰਤਾਵਾਂ ਦਾ ਹੱਲ ਕਰਦੇ ਹੋਏ ਮੁਫ਼ਤ ਸਲਾਹ ਦਿੱਤੀ ਇਸ ਤੋਂ ਇਲਾਵਾ, ਇਲਾਜਾਂ ਅਤੇ ਵਿਸ਼ੇਸ਼ ਦੇਖਭਾਲ ਲਈ ਮਰੀਜ਼ਾਂ ਨੂੰ 30 ਹੈਲਥ ਕਾਰਡ ਜਾਰੀ ਕੀਤੇ ਗਏ ਸਨ, ਜਿਸ ਨਾਲ ਇਵੈਂਟ ਤੋਂ ਬਾਹਰ ਲਗਾਤਾਰ ਡਾਕਟਰੀ ਸਹਾਇਤਾ ਯਕੀਨੀ ਬਣਾਈ ਜਾਂਦੀ ਹੈ।

ਇਹ ਪਹਿਲਕਦਮੀ ਦਇਆ ਅਤੇ ਸੇਵਾ ਦੇ ਮੁੱਲਾਂ ਨੂੰ ਦਰਸਾਉਂਦੀ ਹੈ ਜੋ ਗੁਰੂ ਨਾਨਕ ਦੇਵ ਜੀ ਨੇ ਸਾਨੂੰ ਸਿਖਾਈਆਂ ਸਨ ਇਸ ਕੈਂਪ ਤੋਂ ਬਹੁਤ ਸਾਰੇ ਲੋਕਾਂ ਨੂੰ ਲਾਭ ਹੁੰਦਾ ਦੇਖ ਕੇ ਖੁਸ਼ੀ ਹੁੰਦੀ ਹੈ, ਰੋਹਿਤ ਓਬਰਾਏ ਡੀ ਜੀ 2025-26 ,ਆਰਟੀਐਨ ਰੋਹਿਤ ਓਬਰਾਏ ਅਤੇ ਡਾ ਪੀ ਐਸ ਗਰੋਵਰ ਮੌਜੂਦਾ ਡੀਜੀ ਜਿਲ੍ਹਾ 3070 ਨੇ ਇਸ ਨੇਕ ਉਪਰਾਲੇ ਲਈ ਪ੍ਰਧਾਨ ਰੋਟਰੀ ਕਲੱਬ ਅੰਮ੍ਰਿਤਸਰ ਕੈਂਟ ਅਤੇ ਉਨ੍ਹਾਂ ਦੀ ਟੀਮ ਦੇ ਯਤਨਾਂ ਦੀ ਸ਼ਲਾਘਾ ਕੀਤੀ ਇਵੈਂਟ ਨੂੰ ਸਥਾਨਕ ਭਾਈਚਾਰੇ ਦੁਆਰਾ ਚੰਗੀ ਤਰ੍ਹਾਂ ਪ੍ਰਾਪਤ ਕੀਤਾ ਗਿਆ ਸੀ, ਬਹੁਤ ਸਾਰੇ ਲੋਕਾਂ ਨੇ ਬਿਨਾਂ ਕਿਸੇ ਕੀਮਤ ਦੇ ਮਿਆਰੀ ਡਾਕਟਰੀ ਦੇਖਭਾਲ ਦਾ ਲਾਭ ਲੈਣ ਦੇ ਮੌਕੇ ਲਈ ਧੰਨਵਾਦ ਕੀਤਾ ਅਤੇ ਇਸਦੇ ਨਾਲ ਵਲੰਟੀਅਰਾਂ, ਡਾਕਟਰਾਂ ਅਤੇ ਪ੍ਰਬੰਧਕਾਂ ਜਿਨ੍ਹਾਂ ਨੇ ਇਸ ਸਮਾਗਮ ਨੂੰ ਸਫ਼ਲ ਬਣਾਇਆ ਉਹਨਾਂ ਦਾ ਧੰਨਵਾਦ ਕੀਤਾ ਗਿਆ ।।

# ਸਾਂਝੇ ਅਧਿਆਪਕ ਮੋਰਚੇ ਵਲੋਂ ਸਿੱਖਿਆ ਮੰਤਰੀ ਦੇ ਪਿੰਡ ਪਹਿਲੀ ਦਸੰਬਰ ਦੇ ਰੋਸ ਪ੍ਰਦਰਸ਼ਨ ਦੀ ਤਿਆਰੀ ਲਈ ਕੀਤੀ ਮੀਟਿੰਗ

ਪੰਜਾਬ ਦਾ ਖੁਲਾਸਾ

**ਸ੍ਰੀ ਮੁਕਤਸਰ ਸਾਹਿਬ, 25 ਨਵੰਬਰ ( ਮਨਪ੍ਰੀਤ ਮੋਨੂੰ)** ਸਾਂਝਾ ਅਧਿਆਪਕ ਮੋਰਚਾ ਪੰਜਾਬ ਦੇ ਫੈਸਲੇ ਅਨੁਸਾਰ ਸਿੱਖਿਆ ਮੰਤਰੀ ਦੇ ਪਿੰਡ ਪਹਿਲੀ ਦਸੰਬਰ ਨੂੰ ਕੀਤੇ ਜਾਣ ਵਾਲੇ ਰੋਸ ਪ੍ਰਦਰਸ਼ਨ ਦੀ ਤਿਆਰੀ ਲਈ ਅੱਜ ਸਾਂਝਾ ਅਧਿਆਪਕ ਮੋਰਚਾ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਜ਼ਿਲ੍ਹਾ ਕਨਵੀਨਰਾ ਸਰਵਸ੍ਰੀ ਪਰਗਟ ਸਿੰਘ ਜੰਬਰ ,ਮਨੋਹਰ ਲਾਲ ਸ਼ਰਮਾ, ਅਮਰਜੀਤ ਸਿੰਘ ਦੀ ਅਗਵਾਈ ਵਿੱਚ ਮੀਟਿੰਗ ਕੀਤੀ ਗਈ। ਆਗੂਆਂ ਨੇ ਕਿਹਾ ਕਿ ਸਿੱਖਿਆ ਮੰਤਰੀ ਨਾਲ ਹੋਈ 22 ਅਗਸਤ ਦੀ ਮੀਟਿੰਗ ਦੇ ਫੈਸਲੇ ਨਾ ਲਾਗੂ ਕਰਨ ਦੇ ਰੋਸ ਵਜੋਂ ਦੋਨੋਂ ਡੀ ਐਸ ਈਜ਼ ਰਾਹੀਂ ਰੋਸ ਪੱਤਰ ਸਿੱਖਿਆ ਮੰਤਰੀ ਨੂੰ ਭੇਜੇ ਗਏ ਸਨ। ਜਿਸ ਵਿੱਚ ਸਿੱਖਿਆ ਨੀਤੀ 2020 ਤਹਿਤ ਮਿਡਲ ਸਕੂਲਾਂ ਦੀ ਮਰਜਿੰਗ ਸਬੰਧੀ ਮੋਰਚੇ ਵੱਲੋਂ ਰੋਸ ਪ੍ਰਗਟ ਕੀਤਾ ਗਿਆ ਸੀ। 2018 ਤੋਂ ਲਾਗੂ ਕੀਤੇ ਅਧਿਆਪਕ ਵਿਰੋਧੀ ਨਿਯਮ ਰੱਦ ਕਰਨ ਦਾ ਵਾਰ-ਵਾਰ ਕੀਤਾ ਗਿਆ ਵਾਅਦਾ ਨਿਭਾਇਆ ਨਹੀਂ ਗਿਆ। ਉਨ੍ਹਾਂ ਕਿਹਾ ਕਿ ਲੰਬੇ ਸਮੇਂ ਬਾਅਦ ਹੋਈਆਂ ਲੈਕਚਰਾਰਾਂ ਦੀਆਂ ਪ੍ਰਮੋਸ਼ਨਾਂ ਵਿੱਚ ਵਿਭਾਗ ਨੇ ਆਪਣੀ ਮੰਨ ਮਾਨੀ ਨਾਲ਼ ਅਧਿਆਪਕਾਂ ਨੂੰ ਦੂਰ ਦੁਰਾਡੇ ਸਟੇਸ਼ਨ ਦਿੱਤੇ, ਜਿਸ ਕਾਰਨ ਪੂਰੇ ਅਧਿਆਪਕ ਵਰਗ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਮੋਰਚੇ ਵੱਲੋਂ ਹਰ ਵਰਗ ਦੀਆਂ ਰਹਿੰਦੀਆਂ ਤਰੱਕੀਆਂ ਸਬੰਧੀ, 2018 ਤੋਂ ਪ੍ਰਾਇਮਰੀ ਤੋਂ ਮਾਸਟਰ ਕਾਡਰ ਦੀਆਂ ਤਰੱਕੀਆਂ, ਸੀ ਐਂਡ ਵੀ ਤੋਂ ਮਾਸਟਰ ਕਾਡਰ ਤਰੱਕੀਆਂ, 873 ਡੀਪੀਈ ਭਰਤੀ ਵਿੱਚੋਂ ਰਹਿੰਦੇ



ਉਮੀਦਵਾਰਾਂ ਨੂੰ ਜਲਦ ਆਰਡਰ ਦੇਣ ਸਬੰਧੀ, ਪੰਚਾਇਤੀ ਚੋਣਾਂ ਵਿੱਚ ਅਧਿਆਪਕਾਂ ਦੀ ਹੋਈ ਖੱਜਲ ਖੁਆਰੀ ਸਬੰਧੀ ਸਿੱਖਿਆ ਵਿਭਾਗ ਦੇ ਕਿਸੇ ਵੀ ਅਧਿਕਾਰੀ ਜਾਂ ਸਿੱਖਿਆ ਮੰਤਰੀ ਨੇ ਕੋਈ ਨੋਟਿਸ ਨਹੀਂ ਲਿਆ। ਸਗੋਂ ਸੀ ਐਂਡ ਵੀ ਕਾਡਰ ਦੇ ਪੀ ਟੀ ਆਈਜ਼ / ਆਰਟ ਐਂਡ ਕਰਾਫਟ ਟੀਚਰਜ਼ ਤੋਂ ਰਿਕਵਰੀ ਦਾ ਪੱਤਰ ਮੁੜ ਜਾਰੀ ਕੀਤਾ ਗਿਆ ਹੈ। ਸੀ ਈ ਪੀ ਤਹਿਤ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਸਿੱਖਿਆ ਤੋਂ ਹਟਾ ਕੇ ਫਰਜ਼ੀ ਰਿਕਾਰਡ ਬਣਾਉਣ ਲਈ ਉਲਝਾਇਆ ਜਾ ਰਿਹਾ ਹੈ। ਦੂਜੇ ਪਾਸੇ ਇਹ ਫਰਜੀ ਰਿਕਾਰਡ ਚੈਕ ਕਰਨ ਲਈ ਟੀਮਾਂ ਅਧਿਆਪਕਾਂ ਨੂੰ ਅਲੱਗ ਪ੍ਰੇਸ਼ਾਨ ਕਰ ਰਹੀਆਂ ਹਨ। ਪਹਿਲ਼ਾਂ ਅਧਿਆਪਕ ਸਮਰੱਥ ਪ੍ਰੋਜੈਕਟ ਵਿੱਚ ਲੱਗੇ ਹੋਏ ਸਨ, ਹੁਣ ਸੀ ਈ ਪੀ ਕਰਨ ਵਿੱਚ ਲੱਗੇ ਹੋਏ ਹਨ। ਜਦੋਂ ਕਿ ਇਮਤਿਹਾਨ ਨੇੜੇ ਆ ਰਹੇ ਹਨ ਅਤੇ ਸਿਲੇਬਸ ਦੀ ਪੜ੍ਹਾਈ ਵਿਚਾਲੇ ਹੀ ਛੁਡਵਾ ਲਈ ਗਈ ਹੈ। ਜਿਸ ਕਾਰਨ ਅਧਿਆਪਕ ਵਰਗ ਵਿੱਚ ਵਿੱਚ ਭਾਰੀ ਰੋਸ ਹੈ।

ਉਪਰੋਕਤ ਮੰਗਾਂ ਤੋਂ ਇਲਾਵਾ ਹਾਜ਼ਰ ਆਗੂਆਂ ਮਨਜੀਤ ਸਿੰਘ ਬਰਾੜ, ਨੇਪਾਲ ਸਿੰਘ ਗਿੱਲ, ਗੁਰਪ੍ਰੀਤ ਸਿੰਘ ਸੰਧੂ, ਅਜੀਤਪਾਲ ਸਿੰਘ,ਕੁਲਬੀਰ ਜੋਸ਼ੀ ,ਰਜੇਸ਼ ਕੌਸ਼ਿਕ, ਸੁਮੇਸ਼ ਕੁਮਾਰ, ਬਲਜਿੰਦਰ ਸਿੰਘ, ਗੁਰਵਿੰਦਰ ਸਿੰਘ, ਦਵਿੰਦਰ ਸਿੰਘ ਬੇਦੀ, ਮੰਗੂਰਾਮ ,ਜਸਵਿੰਦਰ ਸਿੰਘ, ਸੁਖਵਿੰਦਰ ਸਿੰਘ ਅਤੇ ਨਵਦੀਪ ਸਿੰਘ ਸੁੱਖੀ ਨੇ ਆਖਿਆ ਕਿ ਅਧਿਆਪਕ ਵਰਗ ਬਹੁਤ ਸਾਰੀਆਂ ਵਿਭਾਗੀ ਮੰਗਾਂ ਅਤੇ ਵਿੱਤੀ ਮੰਗਾਂ ਤਨਖਾਹ ਦੁਹਰਾਈ, ਮਹਿੰਗਾਈ ਭੱਤੇ ਦੀਆਂ ਰਹਿੰਦੀਆਂ ਕਿਸ਼ਤਾਂ ਅਤੇ ਬਕਾਏ, ਪੇਂਡੂ ਭੱਤੇ ਸਮੇਤ 37 ਭੱਤਿਆਂ ਦੀ ਬਹਾਲੀ ਆਦਿ ਅਜਿਹੀਆਂ ਹਨ, ਜਿਸ ਪ੍ਰਤੀ ਵਿਭਾਗ ਸੁਹਿਰਦ ਨਹੀਂ ਹੈ, ਜਿਸ ਕਾਰਨ ਪਹਿਲੀ ਦਸੰਬਰ ਨੂੰ ਸਿੱਖਿਆ ਮੰਤਰੀ ਦੇ ਪਿੰਡ ਵੱਡੀ ਗਿਣਤੀ ਵਿੱਚ ਅਧਿਆਪਕ ਰੋਸ ਪ੍ਰਦਰਸ਼ਨ ਕਰਨਗੇ ਤਾਂ ਜੋ ਸੁੱਤੀ ਪਈ ਸਰਕਾਰ ਨੂੰ ਜਗਾਇਆ ਜਾ ਸਕੇ। ਇਸ ਸਮੇਂ ਬਲਦੇਵ ਸਿੰਘ ਸਾਹੀਵਾਲ, ਸੰਜੇ ਕੁਮਾਰ,ਮੋਹਨ ਲਾਲ, ਜਸਵਿੰਦਰ ਸਿੰਘ, ਸਤਿਨਾਮ ਸਿੰਘ, ਭੋਲਾ ਸਿੰਘ, ਨਵਦੀਪ ਅਹੂਜਾ,ਵਿਕਰਮਜੀਤ ਸਿੰਘ ਸੰਧੂ, ਅਮਰੀਕ ਸਿੰਘ ਕਾਲੜਾ ,ਅਮਨਦੀਪ ਸਿੰਘ, ਗੁਰਮੀਤ ਸਿੰਘ ਹੁੰਦਲ ,ਲਵਪ੍ਰੀਤ ਸਿੰਘ ਅਧਿਆਪਕ ਸਾਥੀ ਹਾਜਰ ਸਨ

# ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਮਨਾਇਆ ਪ੍ਰਕਾਸ਼ ਪੁਰਬ

ਪੰਜਾਬ ਦਾ ਖੁਲਾਸਾ

**ਅੰਮ੍ਰਿਤਸਰ, 25 ਨਵੰਬਰ (ਦਿਨੇਸ਼ ਸੋਨੀ)** ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਜੀ ਦੀ ਰਹਿਨੁਮਾਈ ਹੇਠ ਚੱਲ ਰਹੀਆਂ ਸੰਸਥਾਵਾਂ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਖਾਲਸਾ ਕਾਲਜ ਫਾਰ



ਵੂਮੈਨ , ਸੰਤ ਬਾਬਾ ਲਾਭ ਸਿੰਘ ਖਾਲਸਾ ਸੀਨੀਅਰ ਸੰਕੈਂਡਰੀ ਸਕੂਲ, ਜੀ. ਕੇ. ਬੀ ਇੰਟਰਨੈਸ਼ਨਲ ਸਕੂਲ ਗੁਰੂ ਕੀ ਬੇਰ ਮੱਤੇਵਾਲ ਵੱਲੋਂ ਪਹਿਲੀ ਪਾਤਸ਼ਾਹੀ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਗੁਰਪੁਰਬ ਬੜੇ ਉਤਸ਼ਾਹ ਤੇ ਪ੍ਰੇਮ ਭਾਵਨਾ ਨਾਲ ਮਨਾਇਆ ਗਿਆ ਜਿਸ ਵਿੱਚ ਪਾਠ ਦੇ ਭੋਗ ਉਪਰੰਤ ਦੀਵਾਨ ਸਜਾਇਆ ਗਿਆ ਅਤੇ ਇਸ ਵਿੱਚ ਸਕੂਲ , ਕਾਲਜ ਦੇ ਵਿਦਿਆਰਥੀਆਂ ਨੇ ਕੋਰੀਓਗ੍ਰਾਫੀ ,ਸ਼ਬਦ ਕੀਰਤਨ ,ਭਾਸ਼ਣ ਆਦਿ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਤੋਂ ਬਾਅਦ ਸੰਸਥਾ ਪ੍ਰਧਾਨ ਸੰਤ ਬਾਬਾ ਸੱਜਣ ਸਿੰਘ ਜੀ ਵੱਲੋਂ ਬੱਚਿਆਂ ਨੂੰ ਅਕਾਦਮਿਕ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕਾਲਜ ਕੋਆਰਡੀਨੇਟਰ ਧੰਨਾ ਸਿੰਘ,ਪ੍ਰਿੰਸੀਪਲ ਗੁਰਸੇਵਕ ਸਿੰਘ (ਪੰਜਾਬ ਸਕੂਲ ਸਿੱਖਿਆ ਬੋਰਡ) , ਪ੍ਰਿੰਸੀਪਲ ਸ਼ੈਲੀ ਮਹਾਜਨ (ਸੀ .ਬੀ .ਐਸ .ਈ ) ਨੇ ਸੰਸਥਾ ਪ੍ਰਧਾਨ ਸੰਤ ਬਾਬਾ ਸੱਜਣ ਸਿੰਘ ਜੀ ਉਹਨਾਂ ਨਾਲ ਆਏ ਹੋਏ ਪਤਵੰਤੇ ਸੱਜਣਾਂ ਦਾ ਤੇ ਬੱਚਿਆਂ ਦੇ ਮਾਪਿਆਂ ਨੂੰ ਜੀ ਆਇਆ ਆਖਿਆ ਅਤੇ ਧੰਨਵਾਦ ਕੀਤਾ।ਇਸ ਮੌਕੇ ਗੁਰੂ ਕਾ ਲੰਗਰ ਵੀ ਅਤੁੱਟ ਵਰਤਾਇਆ ਗਿਆ। ਇਸ ਮੌਕੇ ਨਿੰਦਰ ਸਿੰਘ ਭੋਏ ,ਬਾਬਾ ਜੱਸਾ ਸਿੰਘ ,ਰਣਜੀਤ ਸਿੰਘ ਬਾਬੋਵਾਲ, ਬਾਬਾ ਰਾਜਾ ,ਜਗਰੂਪ ਸਿੰਘ ਬੋਪਾਰਾਏ , ਗੁਰਬਾਜ ਸਿੰਘ ਅਵਤਾਰ ਸਿੰਘ ਬੋਪਾਰਾਏ ,ਮੇਜਰ ਸਿੰਘ ਸੁਖਵਿੰਦਰ ਸਿੰਘ ਬਾਠ, ਜਸਵਿੰਦਰ ਸਿੰਘ, ਵੀਰ ਸਿੰਘ, ਪਲਵਿੰਦਰ ਸਿੰਘ, ਰਵਿੰਦਰ ਸਿੰਘ ,ਗੁਰਪ੍ਰੀਤ ਸਿੰਘ ,ਸਰਬਜੀਤ ਸਿੰਘ ਤੇ ਸਮੂਹ ਸਕੂਲ ਸਟਾਫ ਹਾਜ਼ਰ ਸੀ।

# ਰਾਜ ਪੱਧਰੀ ਪੈਰਾ ਖੇਡਾਂ ਵਤਨ ਪੰਜਾਬ ਦੀਆਂ ਸ਼ਾਨੋ ਸ਼ੌਕਤ ਨਾਲ ਸੰਪੰਨ

ਪੰਜਾਬ ਦਾ ਖੁਲਾਸਾ

**ਜੈਤੋ, 25 ਨਵੰਬਰ (ਗੁਰਦੀਪ ਸਿੰਘ ਢਿੱਲੋਂ)** :ਪੰਜਾਬ ਸਰਕਾਰ ਵਲੋਂ ਪੈਰਾ ਖੇਡਾਂ ਵਤਨ ਪੰਜਾਬ ਦੀਆਂ ਲੁਧਿਆਣਾ ਵਿਖੇ ਪੰਜਾਬ ਸਰਕਾਰ ਦੇ ਖੇਡ ਵਿਭਾਗ ਪੰਜਾਬ ਵੱਲੋਂ ਪੰਜਾਬ ਪੈਰਾ ਸਪੋਰਟਸ ਐਸੋਸੀਏਸ਼ਨ ਦੇ ਸਹਿਯੋਗ ਨਾਲ 20 ਨਵੰਬਰ ਤੋਂ 25 ਨਵੰਬਰ ਤੱਕ ਗੁਰੂ ਨਾਨਕ ਦੇਵ ਜੀ ਖੇਡ ਸਟੇਡੀਅਮ ਲੁਧਿਆਣਾ ਵਿਖੇ ਅੱਜ ਸਫ਼ਲਤਾ ਪੂਰਵਕ ਸੰਪੰਨ ਹੋ ਗਈਆਂ ਹਨ, ਅੱਜ 25 ਨਵੰਬਰ ਨੂੰ ਅੰਤਿਮ ਦਿਨ ਕੁੜੀਆਂ ਦੇ ਪੈਰਾ ਅਥਲੈਟਿਕਸ 100 ਮੀਟਰ, 200 ਮੀਟਰ, 400 ਮੀਟਰ, 800,1500 ਮੀਟਰ ਦੌੜਾਂ ਦੇ ਮੁਕਾਬਲੇ, ਸ਼ਾਟਪੁੱਟ, ਲੰਬੀ



ਛਾਲ, ਉੱਚੀ ਛਾਲ, ਜੇਵੇਲਿਨ ਥਰੋ ਆਦਿ ਖੇਡਾਂ ਦੇ ਮੁਕਾਬਲੇ ਕਰਵਾਏ ਗਏ। ਪੰਜਾਬ ਪੈਰਾ ਸਪੋਰਟਸ ਐਸੋਸੀਏਸ਼ਨ ਦੇ ਪ੍ਰਧਾਨ ਜਸਪ੍ਰੀਤ ਸਿੰਘ ਧਾਲੀਵਾਲ ਅਤੇ ਮੀਡੀਆ ਇੰਚਾਰਜ ਪ੍ਰਮੋਦ ਧੀਰ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਸਾਲ ਪੰਜਾਬ ਸਰਕਾਰ ਵੱਲੋਂ ਪੰਜਾਬ ਵਿੱਚ ਪਹਿਲੀ ਵਾਰ ਕਰਾਈਆਂ ਗਈਆਂ ਪੈਰਾ ਖੇਡਾਂ ਵਤਨ ਪੰਜਾਬ ਦੀਆਂ ਵਿੱਚ ਪੈਰਾ ਅਥਲੈਟਿਕਸ ਖੇਡਾਂ ਵਿੱਚ ਹਿੱਸਾ ਲੈਣ ਵਾਲੇ ਜੇਤੂ ਖਿਡਾਰੀਆਂ ਨੂੰ ਮੈਡਲ ਪਾਕੇ ਸਨਮਾਨਿਤ ਕੀਤਾ ਗਿਆ।ਅੱਜ ਮੁੱਖ ਮਹਿਮਾਨ ਵਜੋਂ ਵਿਧਾਇਕ ਹਲਕਾ ਜੈਤੋ ਸ੍ਰ ਅਮੋਲਕ ਸਿੰਘ, ਵਿਸ਼ੇਸ਼ ਮਹਿਮਾਨ ਧਰਮਜੀਤ ਸਿੰਘ ਰਾਮੇਆਣਾ ਵਾਈਸ ਚੇਅਰਮੈਨ ਪੰਜਾਬ ਵਾਟਰ ਸਪਲਾਈ ਤੇ ਸੀਵਰੇਜ ਬੋਰਡ, ਲਛਮਣ ਸ਼ਰਮਾ ਭਗਤੂਆਣਾ ਚੈਅਰਮੈਨ ਮਾਰਕੀਟ ਕਮੇਟੀ ਜੈਤੋ, ਕੁਲਦੀਪ ਚੁੱਘ ਜੀ ਡੀ ਐਸ ਓ ਲੁਧਿਆਣਾ, ਸੁਖਦੇਵ ਸਿੰਘ ਪੰਨੂ ਦਰੋਣਾਚਾਰੀਆ ਅਵਾਰਡੀ, ਪ੍ਰੇਮ ਸਿੰਘ ਕੋਚ ਜਿਮਨਾਸਟਿਕ ਲੁਧਿਆਣਾ,ਸੰਜੀਵ ਸ਼ਰਮਾ ਅਥਲੈਟਿਕਸ ਕੋਚ ਲੁਧਿਆਣਾ, ਪਰਵੀਨ ਠਾਕਰ ਜੂਡੋ ਕੋਚ ਲੁਧਿਆਣਾ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ ਅਤੇ ਜੇਤੂ ਖਿਡਾਰੀਆਂ ਨੂੰ ਮੈਡਲ ਪਾਕੇ ਸਨਮਾਨਿਤ ਕੀਤਾ। ਸਮੁੱਚੇ ਟੂਰਨਾਮੈਂਟ ਦਾ ਮੰਚ ਸੰਚਾਲਨ ਫਰੀਦਕੋਟ ਜ਼ਿਲ੍ਹੇ ਦੇ ਕੰਪਿਊਟਰ ਅਧਿਆਪਕ ਪ੍ਰਮੋਦ ਧੀਰ ਨੇ ਬਾਖੂਬੀ ਨਿਭਾਇਆ।

ਇਸ ਮੌਕੇ ਪੰਜਾਬ ਪੈਰਾ ਸਪੋਰਟਸ ਐਸੋਸੀਏਸ਼ਨ ਦੇ ਅਹੁਦੇਦਾਰ ਪ੍ਰਧਾਨ ਚਰਨਜੀਤ ਸਿੰਘ ਬਰਾੜ, ਜਨਰਲ ਸਕੱਤਰ ਜਸਪ੍ਰੀਤ ਸਿੰਘ ਧਾਲੀਵਾਲ, ਖਜਾਨਚੀ ਸ਼ਾਮਿੰਦਰ ਸਿੰਘ ਢਿੱਲੋਂ, ਜੁਆਇੰਟ ਸੈਕਟਰੀ ਦਵਿੰਦਰ ਸਿੰਘ ਟਫੀ ਬਰਾੜ, ਡਾਕਟਰ ਰਮਨਦੀਪ ਸਿੰਘ, ਮੀਡੀਆ ਇੰਚਾਰਜ ਪ੍ਰਮੋਦ ਧੀਰ, ਜਗਰੂਪ ਸਿੰਘ ਸੂਬਾ ਬਰਾੜ, ਗੁਰਪ੍ਰੀਤ ਸਿੰਘ ਧਾਲੀਵਾਲ, ਜਸਇੰਦਰ ਸਿੰਘ ਢਿੱਲੋਂ, ਅਮਨਦੀਪ ਸਿੰਘ ਬਰਾੜ, ਡਾਕਟਰ ਲਾਕਸ਼ੀ, ਡਾਕਟਰ ਨਵਜੋਤ ਸਿੰਘ, ਡਾਕਟਰ ਗੁਰਸ਼ਰਨ ਸਿੰਘ, ਸੁਖਜਿੰਦਰ ਸਿੰਘ, ਕੋਚ ਗਗਨਦੀਪ ਸਿੰਘ, ਕੋਚ ਮਨਪ੍ਰੀਤ ਸਿੰਘ, ਰਮਨ ਕੁਮਾਰ, ਸੁਖਪ੍ਰੀਤ ਸਿੰਘ ਢਿੱਲੋਂ,ਸਿਮਰਨ ਕੌਰ ਰੰਧਾਵਾ,ਖੁਸ਼ਦੀਪ ਕੌਰ, ਹਰੀਸ਼ਾ ਅਤੇ ਸ਼ਵਨ ਆਦਿ ਨੇ ਵੀ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਅਤੇ ਪੈਰਾ ਖਿਡਾਰੀਆਂ ਨੂੰ ਪੈਰਾ ਖੇਡਾਂ ਵਤਨ ਪੰਜਾਬ ਦੀਆਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ ਪ੍ਰੇਰਿਤ ਕੀਤਾ, ਮੁਬਾਰਕਾਂ ਦਿੱਤੀਆਂ ਅਤੇ ਪ੍ਰਬੰਧਕਾਂ ਵਜੋਂ ਵਿਸ਼ੇਸ਼ ਸਹਿਯੋਗ ਦਿੱਤਾ। ਅੰਤ ਵਿੱਚ ਪੰਜਾਬ ਪੈਰਾ ਸਪੋਰਟਸ ਐਸੋਸੀਏਸ਼ਨ ਅਤੇ ਖੇਡ ਵਿਭਾਗ ਪੰਜਾਬ ਵਲੋਂ ਮੁੱਖ ਮਹਿਮਾਨਾਂ, ਵਿਸ਼ੇਸ਼ ਮਹਿਮਾਨਾਂ, ਸਾਰੇ ਡਿਊਟੀ ਕਰਨ ਵਾਲੇ ਖੇਡ ਅਫ਼ਸਰਾਂ, ਅਧਿਆਪਕਾਂ,ਵੱਖ ਵੱਖ ਜ਼ਿਲ੍ਹਿਆਂ ਤੋਂ ਆਏ ਕੋਚਾਂ, ਐਸੋਸ਼ੀਏਸ਼ਨ ਦੇ ਪ੍ਰਬੰਧਕਾਂ, ਵਲੰਟੀਅਰ ਵਿਦਿਆਰਥੀਆਂ ਆਦਿ ਨੂੰ ਸਰਟੀਫਿਕੇਟ ਅਤੇ ਮੋਮੈਂਟੋ ਦੇਕੇ ਸਨਮਾਨਿਤ ਕੀਤਾ ਗਿਆ।

# ਜਲੰਧਰ ਟ੍ਰੈਫਿਕ ਪੁਲਿਸ ਨੇ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ 369 ਜਣਿਆ ਦੇ ਕੱਟੇ ਚਲਾਨ

ਪੰਜਾਬ ਦਾ ਖੁਲਾਸਾ

**ਜਲੰਧਰ, 25 ਨਵੰਬਰ (ਅੰਮ੍ਰਿਤਪਾਲ ਸਿੰਘ)** ਜਲੰਧਰ ਸ਼ਹਿਰ ਦੀ ਟਰੈਫਿਕ ਪੁਲੀਸ ਨੇ ਮੋਟਰ ਵਹੀਕਲ (ਸੋਧ) ਐਕਟ 2019 ਦੇ ਤਹਿਤ 23 ਅਗਸਤ ਤੋਂ 22 ਨਵੰਬਰ ਤੱਕ ਟਰੈਫਿਕ ਨੇਮਾਂ ਦੀ ਉਲੰਘਣਾ ਲਈ 369 ਚਲਾਨ ਕੱਟੇ ਹਨ। ਹਾਲਾਂਕਿ, ਵੱਡੇ ਪੱਧਰ 'ਤੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਅਤੇ ਉਨ੍ਹਾਂ ਦੇ ਮਾਪਿਆਂ ਵਿੱਚ



ਜਾਗਰੂਕਤਾ ਕਰਨ 'ਤੇ ਧਿਆਨ ਦਿੱਤਾ ਗਿਆ ਹੈ। ਸੀਨੀਅਰ ਟਰੈਫਿਕ ਅਧਿਕਾਰੀਆਂ ਨੇ ਦੱਸਿਆ ਕਿ ਉਨ੍ਹਾਂ ਦੀ ਕਾਨੂੰਨ ਨੂੰ ਸਖ਼ਤੀ ਨਾਲ ਲਾਗੂ ਕਰਨ ਨਾਲੋਂ ਸਿੱਖਿਆ ਨੂੰ ਤਰਜੀਹ ਹੈ।ਉਨ੍ਹਾਂ ਦੱਸਿਆ ਕਿ 23 ਅਗਸਤ ਤੋਂ ਸਤੰਬਰ ਤੱਕ 204 ਚਲਾਨ ਜਾਰੀ ਕੀਤੇ ਗਏ ਸਨ, ਜਦੋਂਕਿ ਸਤੰਬਰ ਤੋਂ 22 ਨਵੰਬਰ ਦਰਮਿਆਨ 160 ਚਲਾਨ ਕੀਤੇ ਗਏ ਸਨ। ਅਧਿਕਾਰੀਆਂ ਦਾ ਮੰਨਣਾ ਹੈ ਕਿ ਇਹ ਕਟੌਤੀ ਮਾਪਿਆਂ ਅਤੇ ਨੌਜਵਾਨਾਂ ਵਿੱਚ ਵਧ ਰਹੀ ਜਾਗਰੂਕਤਾ ਨੂੰ ਦਰਸਾਉਂਦੀ ਹੈ। ਹਾਲਾਂਕਿ, ਸੋਧੇ ਕਾਨੂੰਨ ਵਿੱਚ ਨਿਰਧਾਰਤ ਉੱਚ ਜੁਰਮਾਨਿਆਂ ਨੂੰ ਅਨੁਕੂਲ ਕਰਨ ਲਈ ਆਰਟੀਓ ਦੇ ਸਾਫਟਵੇਅਰ ਨੂੰ ਅਪਡੇਟ ਕਰਨ ਵਿੱਚ ਦੇਰੀ ਇੱਕ ਰੁਕਾਵਟ ਬਣੀ ਹੋਈ ਹੈ। ਲੋੜੀਂਦੇ ਅਪਡੇਟ ਤੋਂ ਬਿਨਾਂ, ਅਪਰਾਧੀਆਂ ਨੂੰ ਪੂਰਵ-ਸੋਧ ਦੀ ਰਕਮ ਦਾ ਜੁਰਮਾਨਾ ਲਗਾਇਆ ਜਾਣਾ ਜਾਰੀ ਹੈ। ਇਸ ਮੁੱਦੇ 'ਤੇ ਜਲੰਧਰ ਦੇ ਖੇਤਰੀ ਟਰਾਂਸਪੋਰਟ ਅਫ਼ਸਰ ਬਲਬੀਰ ਰਾਜ ਨੇ ਕਿਹਾ ਕਿ ਫਿਲਹਾਲ ਉਹ ਪੁਰਾਣੇ ਸਿਸਟਮ ਨਾਲ ਕੰਮ ਕਰ ਰਹੇ ਹਨ ਅਤੇ ਨਵੇਂ ਦਿਸ਼ਾ-ਨਿਰਦੇਸ਼ਾਂ ਅਤੇ ਸਿਸਟਮ ਅਪਡੇਟ ਬਾਰੇ ਉੱਚ ਅਧਿਕਾਰੀਆਂ ਨੂੰ ਪਹਿਲਾਂ ਹੀ ਲਿਖਿਆ ਜਾ ਚੁੱਕਾ ਹੈ।

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵਲੋਂ ਜ਼ਿਲ੍ਹਾਂ ਜੇਲ੍ਹ ਵਿੱਚ ਮੈਡੀਕਲ ਕੈਂਪ ਦਾ ਆਯੋਜਨ ਅਤੇ ਜੇਲ੍ਹ ਦਾ ਕੀਤਾ ਗਿਆ ਦੌਰਾ

ਪੰਜਾਬ ਦਾ ਖੁਲਾਸਾ

**ਸ੍ਰੀ ਮੁਕਤਸਰ ਸਾਹਿਬ 25 ਨਵੰਬਰ (ਮਨਪ੍ਰੀਤ ਮੋਨੂੰ)**- ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਦੇ ਹੁਕਮਾਂ ਅਨੁਸਾਰ ਜੇਲ੍ਹਾਂ ਵਿੱਚ ਕਾਨੂੰਨੀ ਸਹਾਇਤਾ ਪ੍ਰਦਾਨ ਕਰਨ ਦੀ ਵਿਧੀ ਨੂੰ ਮਜ਼ਬੂਤ ਕਰਨ ਹਿੱਤ ਅਤੇ ਸ੍ਰੀ ਰਾਜ ਕੁਮਾਰ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ, ਸ੍ਰੀ ਮੁਕਤਸਰ ਸਾਹਿਬ ਅਤੇ ਡਾ. ਗਗਨਦੀਪ ਕੌਰ, ਸੀ.ਜੀ.ਐੱਮ/ਸਕੱਤਰ ਸ੍ਰੀ ਮੁਕਤਸਰ ਸਾਹਿਬ ਵੱਲੋ ਜ਼ਿਲ੍ਹਾ ਜੇਲ੍ਹ, ਸ੍ਰੀ ਮੁਕਤਸਰ ਸਾਹਿਬ ਦਾ ਦੌਰਾ ਕੀਤਾ ਗਿਆ। ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋ ਪੈਰਾ ਲੀਗਲ ਵਲੰਟੀਅਰਜ਼ ਅਤੇ ਡਿਫੈਸ ਕਾਉਂਸਲ ਦੀ ਡਿਊਟੀ ਲਗਾਈ ਗਈ ਹੈ ਜੋ ਕਿ ਜਿਲ੍ਹਾਂ ਜੇਲ੍ਹ ਵਿਚ ਹਰ ਰੋਜ ਆਉਣ ਵਾਲੇ ਹਵਾਲਾਤੀਆਂ ਨੂੰ ਕਾਨੂੰਨੀ ਸਹਾਇਤਾ ਸਕੀਮਾਂ ਸਬੰਧੀ ਜਾਣਕਾਰੀ ਦੇਣ ਲਈ ਜੋ ਰਜਿਸਟਰ ਲਗਾਏ ਹਨ ਉਹਨਾ ਵਿਚ ਹਰ ਰੋਜ ਆਉਣ ਵਾਲੇ ਹਵਾਲਾਤੀ, ਅਪੀਲ ਸਬੰਧੀ, ਜਮਾਨਤ ਸਬੰਧੀ ਅਤੇ ਹੋਰ ਮੈਡੀਕਲ ਸਬੰਧੀ ਜਾਣਕਾਰੀ ਦਰਜ ਕਰਨਗੇ, ਉਸਦੀ ਸਮੀਖਿਆ ਹਰੇਕ ਹਫਤੇ ਸੱਕਤਰ ਸਾਹਿਬ ਵੱਲੋ ਕੀਤੀ ਜਾਵੇਗੀ।

ਸ੍ਰੀ ਰਾਜ ਕੁਮਾਰ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ, ਸ੍ਰੀ ਮੁਕਤਸਰ ਸਾਹਿਬ ਅਤੇ ਡਾ. ਗਗਨਦੀਪ ਕੌਰ ਸੀ.ਜੀ.ਐੱਮ/ਸਕੱਤਰ ਵੱਲੋ ਜੇਲ੍ਹ ਵਿਚ ਬੰਦ ਹਵਾਲਾਤੀ/ਕੈਦੀਆਂ ਨਾਲ ਗੱਲਬਾਤ ਕੀਤੀ ਗਈ ਅਤੇ ਉਹਨਾ ਦੀਆਂ ਮੁਸ਼ਕਿਲਾਂ ਸੁਣੀਆਂ ਗਈਆ ਅਤੇ ਉਸਦਾ ਨਿਪਟਾਰਾ ਕੀਤਾ ਗਿਆ।

ਜੇਲ੍ਹ ਵਿਚ ਜੋ ਰਜਿਸਟਰ ਲਗਾਏ ਗਏ ਸਨ ਉਹਨਾਂ ਦੀ ਚੈਕਿੰਗ ਕੀਤੀ ਗਈ ਅਤੇ ਰਜਿਸਟਰ ਵਿਚ ਦਰਜ ਹਵਾਲਾਤੀਆਂ ਨਾਲ ਵੀ ਗੱਲਬਾਤ ਕੀਤੀ ਗਈ ਅਤੇ ਉਹਨਾਂ ਨੂੰ ਬਣਦੀ ਕਾਨੂੰਨੀ ਸਹਾਇਤਾ ਮੁੱਹਈਆ ਕਰਵਾਈ ਗਈ। ਜੇਲ੍ਹ ਦੌਰਾਨ ਹਵਾਲਾਤੀਆਂ ਨੂੰ ਦਿੱਤੀ ਜਾਣ ਵਾਲੀ ਮੈਡੀਕਲ ਸਹੂਲਤ ਅਤੇ ਖਾਣੇ ਦਾ ਵੀ ਨਿਰੀਖਣ ਕੀਤਾ ਗਿਆ। ਇਸ ਦੌਰਾਨ ਸਿਵਲ ਸਰਜਨ, ਸ੍ਰੀ ਮੁਕਤਸਰ ਸਾਹਿਬ ਦੇ ਸਹਿਯੋਗ ਨਾਲ ਜ਼ਿਲ੍ਹਾਂ ਜੇਲ੍ਹ ਵਿਚ ਇੱਕ ਮੈਡੀਕਲ ਕੈਂਪ ਲਗਾਇਆ ਗਿਆ। ਜਿਸ ਵਿਚ ਹਵਾਲਾਤੀਆਂ/ਕੈਦੀਆਂ ਦੇ ਰੋਗਾਂ ਸਬੰਧੀ ਡਾ. ਇੰਦੂ ਗੁਪਤਾ, ਐਮ.ਡੀ.ਮੈਡੀਸਨ ਸਿਵਲ ਹਸਤਪਾਲ



ਮਲੋਟ, ਡਾ. ਆਲਮਜੀਤ ਸਿੰਘ, ਮੈਡੀਕਲ ਅਫਸਰ (ਚਮੜੀ ਰੋਗਾਂ ਦੇ ਮਾਹਿਰ)ਸ੍ਰੀ ਮੁਕਤਸਰ ਸਾਹਿਬ, ਡਾ. ਮਹਿੰਦਰਾ ਹਰਸਪ੍ਰੀਤ ਕੌਰ ਅੱਖਾਂ ਦੇ ਰੋਗਾਂ ਦੇ ਮਾਹਿਰ ਸਮੇਤ ਅਪਥਾਲਮਿਕ ਅਫਸਰ, ਸਿਵਲ ਹਸਪਤਾਲ, ਸ੍ਰੀ ਮੁਕਤਸਰ ਸਾਹਿਬ, ਅਤੇ ਡਾ. ਯੁਗਵੀਰ ਸਿੰਘ ਦੰਦਾਂ ਦੇ ਮਾਹਿਰ ਸਿਵਲ ਹਸਪਤਾਲ, ਸ੍ਰੀ ਮੁਕਤਸਰ ਜੀਆਂ ਵਲੋ ਜੇਲ੍ਹ ਵਿਚ ਬੰਦ ਹਲਵਾਲੀਆਂ/ਕੈਦੀਆਂ ਦਾ ਚੈਕਅਪ ਕਰਕੇ ਜ਼ਰੂਰਤ ਅਨੁਸਾਰ ਦਵਾਈ ਦਿੱਤੀ ਗਈ। ਕੈਦੀਆ/ ਹਵਾਲਾਤੀਆਂ ਨੂੰ ਪਲੀ-ਬਾਰਗੇਨਿਗ ਸਬੰਧੀ ਵੀ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਵਧੇਰੇ ਜਾਣਕਾਰੀ ਲਈ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਟੋਲ ਫ੍ਰੀ ਹੈਲਪਲਾਈਨ ਨੰਬਰ 15100 ਤੇ ਜਾਂ ਸਿੱਧੇ ਤੌਰ ਤੇ ਦਫ਼ਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨਾਲ ਸੰਪਰਕ ਕੀਤਾ ਜਾ ਸਕਦਾ ਹੈ।





# ਪਿੰਡ ਬਾਂਮ ਸ੍ਰੀ ਮੁਕਤਸਰ ਸਾਹਿਬ ਦੇ ਬਲਜਿੰਦਰ ਸਿੰਘ ਇੰਟਰਨੈਸ਼ਨਲ ਖਿਡਾਰੀ ਨੇ ਪੈਰਾ ਖੇਡਾਂ ਵਤਨ ਪੰਜਾਬ ਦੀਆਂ ਵਿੱਚ ਪੈਰਾ ਅਥਲੈਟਿਕਸ ਦੇ ਵਿੱਚ ਦੋ ਗੋਲਡ ਮੈਡਲ ਇਕ ਚਾਂਦੀ ਦਾ ਮੈਡਲ ਜਿੱਤਿਆ

ਪੰਜਾਬ ਦਾ ਖੁਲਾਸਾ

**ਲੁਧਿਆਣਾ, 24 ਨਵੰਬਰ ( ਮਨਪ੍ਰੀਤ ਮੋਨੂੰ )**: ਪੰਜਾਬ ਸਰਕਾਰ ਵਲੋਂ ਪੈਰਾ ਖੇਡਾਂ ਵਤਨ ਪੰਜਾਬ ਦੀਆਂ ਲੁਧਿਆਣਾ ਵਿਖੇ ਚੱਲ ਰਹੀਆਂ ਹਨ। ਪੰਜਾਬ ਸਰਕਾਰ ਦੇ ਖੇਡ ਵਿਭਾਗ ਪੰਜਾਬ ਵੱਲੋਂ ਪੰਜਾਬ ਪੈਰਾ ਸਪੋਰਟਸ ਐਸੋਸੀਏਸ਼ਨ ਦੇ ਸਹਿਯੋਗ ਨਾਲ ਪੈਰਾਂ ਖੇਡਾਂ ਵਤਨ ਪੰਜਾਬ ਦੀਆਂ 20 ਨਵੰਬਰ ਤੋਂ 25 ਨਵੰਬਰ ਤੱਕ ਗੁਰੂ ਨਾਨਕ ਦੇਵ ਜੀ ਖੇਡ ਸਟੇਡੀਅਮ ਲੁਧਿਆਣਾ ਵਿਖੇ ਸਫ਼ਲਤਾ ਪੂਰਵਕ ਚੱਲ ਜਾ ਰਹੀਆਂ ਹਨ, ਅੱਜ 24 ਨਵੰਬਰ ਨੂੰ ਮੁੰਡਿਆਂ ਦੇ ਪੈਰਾ ਅਥਲੈਟਿਕਸ ਵਿੱਚ ਬਲਜਿੰਦਰ ਸਿੰਘ ਪੁੱਤਰ ਨਛੱਤਰ ਸਿੰਘ ਇੰਟਰਨੈਸ਼ਨਲ ਖਿਡਾਰੀ ਨੇ ਜੇਵੇਲਿਨ ਥਰੋ ਗੋਲਡ ਸ਼ਾਟਪੁੱਟ ਵਿੱਚ ਗੋਲਡ ਡਿਸਕਸ ਥਰੋਅ ਵਿੱਚ ਬ੍ਰਾਉਨ ਮੈਡਲ ਜਿੱਤ ਕਿ ਆਪਣੇ ਜਿਲੇ ਦਾ ਨਾਮ ਰੋਸ਼ਨ ਕੀਤਾ ।

# ਆਲ ਇੰਡੀਆ ਸੋਸ਼ਲ ਮੀਡੀਆ ਪੱਤਰਕਾਰ ਵੈਲਫੇਅਰ ਟਰੱਸਟ ਵੱਲੋਂ ਸਾਹਿਲ ਕੁਮਾਰ ਹੈਪੀ ਪੰਜਾਬ ਦੇ ਵਾਈਸ ਪ੍ਰੈਜੀਡੈਂਟ ਨਿਯੁਕਤ

ਪੰਜਾਬ ਦਾ ਖੁਲਾਸਾ



**ਸ਼੍ਰੀ ਮੁਕਤਸਰ ਸਾਹਿਬ, 25 ਨਵੰਬਰ (ਮਨਪ੍ਰੀਤ ਮੋਨੂੰ)**- ਆਲ ਇੰਡੀਆ ਸੋਸ਼ਲ ਮੀਡੀਆ ਪੱਤਰਕਾਰ ਵੈਲਫੇਅਰ ਟਰੱਸਟ ਦੇ ਕੌਮੀ ਪ੍ਰਧਾਨ ਸ.ਦਵਿੰਦਰ ਸਿੰਘ ਟੱਕਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮੀਡੀਆ ਦੇ ਖੇਤਰ ਵਿੱਚ ਲਗਾਤਾਰ ਸਰਗਰਮ ਰਹਿਣ ਵਾਲੇ ਸੁਹਿਰਦ ਪੱਤਰਕਾਰ ਸਾਹਿਲ ਕੁਮਾਰ ਹੈਪੀ ਨੂੰ ਇਸ ਟਰਸੱਟ ਵੱਲੋਂ ਸਮੁੱਚੇ ਪੰਜਾਬ ਦੇ ਵਾਈਸ ਪ੍ਰੈਜੀਡੈਂਟ ਵਜੋਂ ਨਿਯੁਕਤ ਕੀਤਾ ਗਿਆ ਹੈ। ਇਹ ਨਿਯੁਕਤੀ ਤੁਰੰਤ ਪ੍ਰਭਾਵ ਤੋਂ ਲਾਗੂ ਹੋਵੇਗੀ। ਇਸ ਸਬੰਧੀ ਟਰਸੱਟ ਦੇ ਕੌਮੀ ਜਨਰਲ ਸਕੱਤਰ ਡਾਕਟਰ ਗੋਰਵ ਅਰੋੜਾ ਨੇ ਦੱਸਿਆ ਕਿ ਸਾਡੀ ਸੰਸਥਾ ਦਾ ਮੁੱਖ ਉਦੇਸ਼ ਆਜ਼ਾਦ ਪੱਤਰਕਾਰਿਤਾ ਦੇ ਬਾਰੇ ਵਿੱਚ ਜਾਗਰੂਕ ਕਰਨਾ, ਪੱਤਰਕਾਰਾਂ ਦੇ ਹੱਕ ਸੱਚ ਦੀ ਗੱਲ ਕਰਨਾ, ਉਹਨਾਂ ਦੀ ਕਿਸੇ ਵੀ ਸਮੱਸਿਆ ਵਿੱਚ ਸਾਥੀ ਬਣਨਾ, ਸਮਾਜ ਭਲਾਈ ਦੇ ਕੰਮਾਂ ਵਿੱਚ ਹਮੇਸ਼ਾ ਮੋਹਰੀ ਰਹਿਣਾ ਹੈ ਇਸ ਸਭ ਨੂੰ ਦੇਖਦੇ ਹੋਏ ਹੀ ਸਾਹਿਲ ਕੁਮਾਰ ਹੈਪੀ ਨੂੰ ਪੰਜਾਬ ਦੇ ਵਾਈਸ ਪ੍ਰੈਜੀਡੈਂਟ ਵਜੋਂ ਨਿਯੁਕਤ ਕੀਤਾ ਗਿਆ ਹੈ। ਇਸ ਸਬੰਧੀ ਸਾਹਿਲ ਕੁਮਾਰ ਹੈਪੀ ਨੇ ਗੱਲਬਾਤ ਦੌਰਾਨ ਦੱਸਿਆ ਕਿ ਇਸ ਸੰਸਥਾ ਦੇ ਕੌਮੀ ਪ੍ਰਧਾਨ ਸ. ਦਵਿੰਦਰ ਸਿੰਘ ਟੱਕਰ ਅਤੇ ਕੌਮੀ ਜਨਰਲ ਸਕੱਤਰ ਡਾ. ਗੌਰਵ ਅਰੋੜਾ ਸਮੇਤ ਸਮੁੱਚੀ ਟੀਮ ਪਿਛਲੇ ਲੰਮੇ ਸਮੇਂ ਤੋਂ ਪੱਤਰਕਾਰਾਂ ਦੇ ਹੱਕਾਂ ਲਈ ਉਹਨਾਂ ਦੇ ਮੋਢੇ ਦੇ ਨਾਲ ਮੋਢਾ ਜੋੜ ਕੇ ਚੱਲ ਰਹੀ ਹੈ ਤੇ ਹੁਣ ਉਹਨਾਂ ਵੱਲੋਂ ਸੌਂਪੀ ਗਈ ਇਸ ਜ਼ਿੰਮੇਵਾਰੀ ਨੂੰ ਖਿੜੇ ਮੱਥੇ ਸਵੀਕਾਰ ਕਰਦੇ ਹੋਏ ਮੇਰੇ ਵੱਲੋਂ ਸਮੁੱਚੇ ਪੰਜਾਬ ਦਾ ਵਾਈਸ ਪ੍ਰੈਜੀਡੈਂਟ ਹੋਣ ਦੇ ਨਾਤੇ ਇਸ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਂਦੇ ਹੋਏ ਪੰਜਾਬ ਦੇ ਵੱਖ-ਵੱਖ ਜ਼ਿਲਿਆਂ ਵਿੱਚ ਟੀਮਾਂ ਦਾ ਗਠਨ ਕਰਕੇ ਇਸ ਦਾ ਵੱਡੇ ਪੱਧਰ ਤੇ ਵਿਸਥਾਰ ਕੀਤਾ ਜਾਵੇਗਾ।

# ਜਲੰਧਰ ਨਗਰ ਨਿਗਮ ਦੀ ਹਦੂਦ ਵਿਚ ਸ਼ਾਮਿਲ 12 ਪਿੰਡਾਂ ਦੇ ਲੋਕ ਕੌਂਸਲਰਾਂ ਦੀ ਚੋਣ ਲਈ ਵੋਟ ਪਾਉਣਗੇ

ਪੰਜਾਬ ਦਾ ਖੁਲਾਸਾ

**ਜਲੰਧਰ, 25 ਨਵੰਬਰ (ਅਮ੍ਰਿਤਪਾਲ ਸਿੰਘ)** ਨਗਰ ਨਿਗਮ ਦੀ ਹੱਦ ਵਿਚ ਸ਼ਾਮਲ 11 ਛਾਉਣੀ ਖੇਤਰ ਅਤੇ ਨਕੋਦਰ ਰੋਡ 'ਤੇ ਬਣੇ ਨਵੇਂ ਪਿੰਡ ਮਲਕੋ ਦੇ ਇੱਕ ਹਿੱਸੇ ਦੇ ਲੋਕ ਪਹਿਲੀ ਵਾਰ ਨਗਰ ਨਿਗਮ ਚੋਣਾਂ ਵਿਚ ਆਪਣੀ ਵੋਟ ਪਾਉਣਗੇ। ਨਿਗਮ ਚੋਣਾਂ ਦੀ ਨਵੀਂ ਵੋਟਰ ਸੂਚੀ ਅਨੁਸਾਰ ਕੁੱਲ 85 ਵਿੱਚੋਂ 6 ਵਾਰਡ ਅਜਿਹੇ ਹਨ, ਜੋ





ਇਨ੍ਹਾਂ ਪਿੰਡਾਂ ਦੀ ਆਬਾਦੀ ਤੋਂ ਪ੍ਰਭਾਵਿਤ ਹਨ।ਹੁਣ ਤੱਕ ਇਨ੍ਹਾਂ ਖੇਤਰਾਂ ਵਿਚ ਕਾਂਗਰਸ-ਬਸਪਾ-ਅਕਾਲੀ ਦਲ ਦਾ ਵੱਡਾ ਪ੍ਰਭਾਵ ਰਿਹਾ ਹੈ ਪਰ ਹੁਣ 'ਆਪ' ਨੇ ਵੀ ਆਪਣਾ ਪ੍ਰਭਾਵ ਬਣਾ ਲਿਆ ਹੈ। ਅਕਾਲੀ ਦਲ ਭਾਜਪਾ ਤੋਂ ਵੱਖ ਹੋ ਕੇ ਪਹਿਲੀ ਵਾਰ ਨਿਗਮ ਚੋਣਾਂ ਲੜੇਗਾ। ਛਾਉਣੀ ਤੋਂ ਕਾਂਗਰਸੀ ਵਿਧਾਇਕ ਪਰਗਟ ਸਿੰਘ ਨੇ ਨਵੇਂ ਪਿੰਡਾਂ ਨੂੰ ਨਿਗਮ ਦੀ ਹੱਦ ਵਿਚ ਸ਼ਾਮਲ ਕੀਤਾ ਸੀ। ਅਜਿਹੇ 'ਚ ਜੇਕਰ ਕਾਂਗਰਸ ਵੋਟ ਬੈਂਕ ਨੂੰ ਬਚਾਉਣ ਲਈ ਚੋਣਾਂ 'ਚ ਉਤਰਦੀ ਹੈ ਤਾਂ ਆਪ ਨਿਗਮ 'ਚ ਆਪਣਾ ਖਾਤਾ ਖੋਲ੍ਹਣ ਲਈ।ਹੁਣ ਜਿਹੜੇ ਛੇ ਵਾਰਡ ਪਿੰਡਾਂ ਵਿਚ ਬਣਾਏ ਗਏ ਹਨ, ਉਨ੍ਹਾਂ ਵਿਚ ਸੋਫੀ ਪਿੰਡ, ਰਹਿਮਾਨਪੁਰ, ਅਲਾਦੀਨਪੁਰ, ਖੁਸਰੋਪੁਰ, ਸੰਸਾਰਪੁਰ, ਧੀਣਾ, ਹੱਲੋਤਲੀ, ਨੰਗਲ ਕਰਾਰ ਖਾਂ, ਅਲੀਪੁਰ, ਸੁਭਾਨਾ, ਖਾਂਬੜਾ ਅਤੇ ਮਲਕੋ ਸ਼ਾਮਲ ਹਨ। ਹੁਣ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਨਾਲ ਕੇਂਦਰੀ ਹਲਕੇ, ਉੱਤਰੀ ਅਤੇ ਛਾਉਣੀ ਵਿਧਾਨ ਸਭਾ ਹਲਕਿਆਂ ਵਿਚ ਕਾਂਗਰਸ ਦੇ ਵਿਧਾਇਕਾਂ ਨੂੰ ਜਿੱਤ ਲਈ ਇਮਤਿਹਾਨ ਦੇਣਾ ਪਵੇਗਾ। ਦੂਜੇ ਪਾਸੇ ਕਾਂਗਰਸ ਅਤੇ ਭਾਜਪਾ ਲਈ ਚੁਣੌਤੀ ਇਹ ਹੈ ਕਿ ਉਹ ਰਵਾਇਤੀ ਵੋਟ ਬੈਂਕ ਨੂੰ ਮੰਨਣ ਪਰ ਸਵਿੰਗ ਵੋਟ ਆਮ ਆਦਮੀ ਪਾਰਟੀ ਤੋਂ ਪ੍ਰਭਾਵਿਤ ਹੈ।

# ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਝੋਨੇ ਦੀਆਂ 14 ਬੋਗੀਆਂ ਦੀ ਹੇਰਾਫੇਰੀ ਕਰਨ ਦੇ ਦੋਸ਼ ਹੇਠ ਚੌਲ ਮਿੱਲ ਦੇ ਮਾਲਕ ਤੇ ਭਾਈਵਾਲਾਂ ਵਿਰੁੱਧ ਅਪਰਾਧਿਕ ਮੁਕੱਦਮਾ ਦਰਜ

ਪੰਜਾਬ ਦਾ ਖੁਲਾਸਾ

**ਜੈਤੋ, 25 ਨਵੰਬਰ, (ਰਘੂਨੰਦਨ ਪਰਾਸ਼ਰ )**:ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਨੇ ਸੰਗਰੂਰ ਜ਼ਿਲ੍ਹੇ ਦੇ ਕਸਬਾ ਭਵਾਨੀਗੜ੍ਹ ਸਥਿਤ ਸਿੰਗਲਾ ਫੂਡ ਪ੍ਰੋਡਕਟਸ ਨਾਮੀ ਚੌਲ ਮਿੱਲ ਦੇ ਚਾਰ ਭਾਈਵਾਲਾਂ ਵਿਰੁੱਧ ਝੋਨੇ ਦੀਆਂ 14 ਬੋਗੀਆਂ ਖੁਰਦ-ਬੁਰਦ ਕਰਨ ਅਤੇ ਸਰਕਾਰ ਨੂੰ ਭਾਰੀ ਨੁਕਸਾਨ ਪਹੁੰਚਾਉਣ ਦੇ ਦੋਸ਼ ਹੇਠ ਅਪਰਾਧਿਕ ਮਾਮਲਾ ਦਰਜ ਕੀਤਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਚੌਲ ਮਿੱਲ ਵਿਰੁੱਧ ਇਹ ਜਾਂਚ ਉਸ ਵੇਲੇ ਪਨਸਪ ਦੇ ਪ੍ਰਬੰਧਕੀ ਡਾਇਰੈਕਟਰ ਵੱਲੋਂ ਪ੍ਰਾਪਤ ਪੱਤਰ ਦੇ ਅਧਾਰ 'ਤੇ ਕੀਤੀ ਗਈ ਹੈ। ਉਕਤ ਚੌਲ ਮਿੱਲਰ ਨੇ ਸਾਲ 2011-2012 ਦੌਰਾਨ ਝੋਨੇ ਅਤੇ ਚੌਲਾਂ ਦੇ ਭੰਡਾਰਨ ਲਈ ਸੂਬੇ ਦੀ ਖਰੀਦ ਅਥਾਰਟੀ ਪਨਸਪ ਨਾਲ ਸਮਝੌਤਾ ਸਹੀਬੱਧ ਕੀਤਾ ਸੀ।ਉਨ੍ਹਾਂ ਅੱਗੇ ਦੱਸਿਆ ਕਿ ਤਤਕਾਲੀ ਜ਼ਿਲ੍ਹਾ ਕੰਟਰੋਲਰ, ਖੁਰਾਕ ਤੇ ਸਿਵਲ ਸਪਲਾਈਜ਼ ਅਤੇ ਖ਼ਪਤਕਾਰ ਮਾਮਲੇ (ਡੀ.ਐਫ.ਐਸ.ਸੀ.) ਵਿਭਾਗ, ਸੰਗਰੂਰ ਨੇ ਉਕਤ ਚੌਲ ਮਿੱਲ ਖ਼ਿਲਾਫ਼ ਝੋਨੇ ਦੀ ਘਪਲੇਬਾਜ਼ੀ ਸਬੰਧੀ ਜਾਂਚ ਕਰਨ ਲਈ ਤਤਕਾਲੀ ਜ਼ਿਲ੍ਹਾ ਮੈਨੇਜਰ ਪਨਸਪ, ਸੰਗਰੂਰ ਨੂੰ ਸ਼ਿਕਾਇਤ ਪੱਤਰ ਭੇਜਿਆ ਸੀ।ਉਨ੍ਹਾਂ ਅੱਗੇ ਦੱਸਿਆ ਕਿ ਇਸ ਸਬੰਧੀ ਉਸ ਵੇਲੇ ਤਾਇਨਾਤ ਡਿਪਟੀ ਮੈਨੇਜਰ (ਸਟੋਰੇਜ) ਪਨਸਪ ਜਸਪਾਲ ਸ਼ਰਮਾ ਅਤੇ ਡੀ.ਐਫ.ਐਸ.ਸੀ. ਅੰਜੁਮਨ ਭਾਸਕਰ ਵੱਲੋਂ ਸਾਂਝੇ ਤੌਰ 'ਤੇ ਸਿੰਗਲਾ ਫੂਡ ਪ੍ਰੋਡਕਟਸ ਅਤੇ ਸਿੰਗਲਾ ਐਗਰੋ ਮਿੱਲ, ਭਵਾਨੀਗੜ੍ਹ ਦੀ ਕੀਤੀ ਜਾਂਚ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਸਿੰਗਲਾ ਫੂਡ ਪ੍ਰੋਡਕਟਸ ਵਿੱਚ ਝੋਨੇ ਦੀਆਂ 14 ਬੋਗੀਆਂ ਘੱਟ ਸਨ।

ਬੁਲਾਰੇ ਨੇ ਅੱਗੇ ਦੱਸਿਆ ਕਿ ਉਕਤ ਚੌਲ ਮਿੱਲ ਮਾਲਕ ਨੇ ਚੌਲਾਂ ਦੀਆਂ ਬੋਰੀਆਂ ਦੇ ਗਾਇਬ ਹੋਣ ਦਾ ਨਾਜਾਇਜ਼ ਫਾਇਦਾ ਚੁੱਕਣ ਲਈ ਨਾਭਾ ਦੇ ਇੱਕ ਗੋਦਾਮ ਵਿੱਚ ਉਸ ਸਮੇਂ ਤਾਇਨਾਤ ਭਾਰਤੀ ਖੁਰਾਕ ਨਿਗਮ (ਐਫ.ਸੀ.ਆਈ.) ਦੇ ਸਬੰਧਤ ਅਧਿਕਾਰੀਆਂ ਵੱਲੋਂ ਜਾਰੀ ਕੀਤਾ ਜਾਅਲੀ ਸਰਟੀਫਿਕੇਟ ਜਾਂਚ ਟੀਮ ਅੱਗੇ ਪੇਸ਼ ਕੀਤਾ ਸੀ। ਇਸ ਸਰਟੀਫਿਕੇਟ ਦੇ ਸਬੰਧ ਵਿੱਚ ਉੱਨਾਂ ਦੋਵੇਂ ਐਫ.ਸੀ.ਆਈ. ਅਧਿਕਾਰੀਆਂ ਨੇ ਜਵਾਬ ਦਿੱਤਾ ਸੀ ਕਿ ਸਰਟੀਫਿਕੇਟ 'ਤੇ ਉਨ੍ਹਾਂ ਦੇ ਦਸਤਖ਼ਤ ਜਾਅਲੀ ਹਨ।ਇਸ ਜਾਂਚ ਰਿਪੋਰਟ ਦੇ ਆਧਾਰ 'ਤੇ ਸਿੰਗਲਾ ਫੂਡ ਪ੍ਰੋਡਕਟਸ, ਭਵਾਨੀਗੜ੍ਹ ਦੇ ਚਾਰ ਭਾਈਵਾਲਾਂ ਪਵਨ ਕੁਮਾਰ ਅਤੇ ਤਿੰਨ ਮਹਿਲਾ ਭਾਈਵਾਲਾਂ ਲੀਲਾਵਤੀ, ਮੰਜੂ ਸਿੰਗਲਾ ਅਤੇ ਸਮੀਰਾ ਸਿੰਗਲਾ ਵਿਰੁੱਧ ਭਾਰਤੀ ਦੰਡਾਵਲੀ ਦੀ ਧਾਰਾ 406, 420, 465, 467, 468, 471, 120-ਬੀ ਤਹਿਤ ਥਾਣਾ ਆਰਥਿਕ ਅਪਰਾਧ ਵਿੰਗ, ਲੁਧਿਆਣਾ ਰੇਂਜ ਵਿਖੇ ਅਪਰਾਧਿਕ ਮੁਕੱਦਮਾ ਦਰਜ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਮੁੱਖ ਖੇਤੀਬਾੜੀ ਅ.ਫ਼ਸਰ, ਵੱਲੋਂ ਕਿਸਾਨਾਂ ਨੂੰ ਖੇਤੀਬਾੜੀ ਵਿੱਚ ਖਾਦਾਂ ਦੀ ਵਰਤੋਂ ਲੋੜ ਅਨੁਸਾਰ ਕਰਨ ਦੀ ਅਪੀਲ

ਪੰਜਾਬ ਦਾ ਖੁਲਾਸਾ

**ਸ੍ਰੀ ਮੁਕਤਸਰ ਸਾਹਿਬ , 25 ਨਵੰਬਰ (ਮਨਪ੍ਰੀਤ ਮੋਨੂੰ)**- ਜਿਲ੍ਹੇ ਦੇ ਮੁੱਖ ਖੇਤੀਬਾੜੀ ਅਫ਼ਸਰ ਡਾ ਗੁਰਨਾਮ ਸਿੰਘ ਨੇ ਕਿਸਾਨਾਂ ਨੂੰ ਜ਼ਿਆਦਾ ਪੈਦਾਵਾਰ ਲਈ ਸੰਯਮ ਅਤੇ ਵਿਗਿਆਨਕ ਤਰੀਕਿਆਂ ਨਾਲ ਖੇਤੀ ਕਰਨ ਦੀ ਅਪੀਲ ਕੀਤੀ ਹੈ।

ਉਹਨਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਡੀਏਪੀ (ਡਾਇ-ਅਮੋਨੀਅਮ ਫਾਸਫੇਟ) ਦੀ ਕਮੀ ਦੀ ਸਥਿਤੀ ਵਿੱਚ, ਕਿਸਾਨ ਹੇਠ ਦਿੱਤੀਆਂ ਵਿਕਲਪਕ ਖਾਦਾਂ ਦੀ ਵਰਤੋਂ ਕਰ ਸਕਦੇ ਹਨ।

ਡੀਏਪੀ ਦੀ ਥਾਂ ਕਿਸਾਨ ਐਨਪੀਕੇ 12:32:16 ਦੀ ਵਰਤੋਂ ਕਰ ਸਕਦੇ ਹਨ, ਜੋ ਪੌਦਿਆਂ ਨੂੰ ਨਾਈਟਰੋਜਨ, ਫਾਸਫੋਰਸ ਅਤੇ ਪੋਟੈਸ਼ੀਅਮ ਦੀ ਵਧੀਆ ਖੁਰਾਕ ਪ੍ਰਦਾਨ ਕਰਦਾ ਹੈ। ਇਸ ਦੇ ਨਾਲ ਹੀ ਟ੍ਰਿਪਲ ਸੁਪਰ ਫਾਸਫੇਟ ਇਕ ਹੋਰ ਵਿਕਲਪ ਹੈ, ਜਿਸ ਵਿੱਚ ਫਾਸਫੋਰਸ ਦੇ ਨਾਲ ਗੰਧਕ ਵੀ ਹੁੰਦਾ ਹੈ, ਜੋ ਮਿੱਟੀ ਦੀ ਗੁਣਵੱਤਾ ਵਿੱਚ ਸੁਧਾਰ ਲਿਆਉਂਦਾ ਹੈ। ਸਿੰਗਲ ਸੁਪਰ



ਫਾਸਫੇਟ ਸਿੱਧੀ ਫਾਸਫੋਰਸ ਦੀ ਆਦਾਨ-ਪ੍ਰਦਾਨ ਕਰਨ ਲਈ ਬਹੁਤ ਹੀ ਲਾਭਦਾਇਕ ਹੈ।

ਉਹਨਾਂ ਅੱਗੇ ਦੱਸਿਆ ਕਿ ਕਿਸਾਨਾਂ ਨੂੰ ਮਿੱਟੀ ਦੀ ਜਾਂਚ (ਸੋਆਇਲ ਟੈਸਟ) ਕਰਵਾਉਣ ਦੀ ਸਲਾਹ ਦਿੱਤੀ ਹੈ। ਉਨ੍ਹਾਂ ਨੇ ਕਿਹਾ ਕਿ ਮਿੱਟੀ ਦੀ ਜਾਂਚ ਕਰਵਾਉਣ ਨਾਲ ਇਹ ਪਤਾ ਲਗਾਇਆ ਜਾ ਸਕਦਾ ਹੈ ਕਿ ਮਿੱਟੀ ਵਿੱਚ ਕਿਹੜੇ ਤੱਤਾਂ ਦੀ ਘਾਟ ਹੈ ਅਤੇ ਕਿਹੜੀਆਂ ਖਾਦਾਂ ਦੀ ਲੋੜ ਹੈ। ਇਸ ਤੋਂ ਇਲਾਵਾ, ਖੇਤੀਬਾੜੀ ਦੀ ਉਪਜਸ਼ੀਲਤਾ ਕਿਵੇਂ ਵਧਾਈ ਜਾ ਸਕਦੀ ਹੈ, ਇਹ ਵੀ ਸਮਝਿਆ ਜਾ ਸਕਦਾ ਹੈ। ਮਿੱਟੀ ਦੀ ਜਾਂਚ ਦੀ ਰਿਪੋਰਟ ਦੇ ਆਧਾਰ 'ਤੇ ਖਾਦਾਂ ਦੀ ਵਰਤੋਂ ਕਰਕੇ ਕਿਸਾਨ ਆਪਣੇ ਖੇਤਾਂ ਦੀ ਪੈਦਾਵਾਰ ਨੂੰ ਵਧੀਆ ਬਣਾ ਸਕਦੇ ਹਨ।

ਮੁੱਖ ਖੇਤੀਬਾੜੀ ਅਫ਼ਸਰ ਨੇ ਕਿਸਾਨਾਂ ਨੂੰ ਖਾਦਾਂ ਦੀ ਸੰਯਮਿਤ ਵਰਤੋਂ ਕਰਨ ਦੀ ਅਪੀਲ ਕੀਤੀ ਹੈ। ਉਨ੍ਹਾਂ ਨੇ ਕਿਹਾ ਕਿ ਕਿਸਾਨ ਸਿਰਫ ਲੋੜ ਅਨੁਸਾਰ ਹੀ ਖਾਦਾਂ ਦੀ ਖਪਤ ਕਰਨ। ਜ਼ਮੀਨ ਦੀ ਪੈਦਾਵਾਰਸ਼ੀਲਤਾ ਨੂੰ ਲੰਬੇ ਸਮੇਂ ਤੱਕ ਕਾਇਮ ਰੱਖਣ ਲਈ, ਜੈਵਿਕ ਖਾਦਾਂ ਅਤੇ ਹਰੇ ਪਤਿਆਂ ਵਾਲੇ ਖਾਦਾਂ ਦੀ ਵਰਤੋਂ ਕਰਨਾ ਬਹੁਤ ਜਰੂਰੀ ਹੈ।ਮੁੱਖ ਖੇਤੀਬਾੜੀ ਅਫਸਰ ਨੇ ਕਿਹਾ ਕਿ ਕਿਸਾਨ ਖੇਤੀਬਾੜੀ ਵਿਭਾਗ ਦੇ ਦਫ਼ਤਰ ਜਾਂ ਕਿਸਾਨ ਕਾਲ ਸੈਂਟਰ ਨਾਲ ਸੰਪਰਕ ਕਰਕੇ ਮਿੱਟੀ ਦੀ ਜਾਂਚ ਅਤੇ ਖਾਦਾਂ ਦੀ ਵਰਤੋਂ ਸਬੰਧੀ ਵਧੇਰੇ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ।



## ਪ੍ਰੋਪਰਟੀ ਐਡਵਾਈਜਰ ਯੂਨੀਅਨ ਦਾ ਵਫਦ ਕੈਬਨਿਟ ਮੰਤਰੀ ਨੂੰ ਮਿਲਿਆ

ਪੰਜਾਬ ਦਾ ਖੁਲਾਸਾ

**ਮਲੋਟ, 25 ਨਵੰਬਰ ( ਕ੍ਰਿਸ਼ਨ ਮਦਾਨ/ ਅਮਰਨਾਥ ਸੋਨੀ )** ਅੱਜ ਪ੍ਰੋਪਰਟੀ ਐਡਵਾਈਜਰ ਯੂਨੀਅਨ ਸਲਾਹਕਾਰ ਮਲੋਟ ਦਾ ਵਫ਼ਦ ਐਡਵਰੰਜ ਗੈਸਟ ਹਾਊਸ ਵਿਚ ਕੈਬਨਿਟ ਮੰਤਰੀ ਬੀਬੀ ਬਲਜੀਤ ਕੌਰ ਜੀ ਨੂੰ ਮਿਲਿਆ। ਜਿਸ ਵਿਚ ਤਹਿਸੀਲ ਵਿਚ ਆ ਰਹੀਆਂ ਮੁਸਕਲਾਂ ਬਾਰੇ ਇੱਕ ਮੰਗ ਪੱਤਰ ਸੌਂਪਿਆ ਗਿਆ। ਜਿਸ ਵਿਚ ©®3 ਦਾ ਨੋਟੀਫਿਕੇਸ਼ਨ ਜਾਰੀ ਕਰਨ ਸਬੰਧੀ ਅਤੇ ਵਧੇ ਹੋਏ ਕੁਲੈਕਟ ਰੇਟ ਘੱਟ ਕਰਨ ਲਈ ਮੰਗ ਪੱਤਰ ਸੌਂਪਿਆ ਗਿਆ। ਇਸ ਮੌਕੇ ਤੇ ਮੰਗ ਪੱਤਰ ਦੇਣ ਉਪਰੰਤ ਪ੍ਰਧਾਨ ਜਸਵੀਰ ਸਿੰਘ, ਵਿਜੈ ਨਰੂਲਾ, ਪਰਵਿੰਦਰ ਸਿੰਘ, ਨਰਿੰਦਰ ਕਾਲੜਾ, ਬਲਰਾਜ ਢਿੱਲੋਂ, ਜਸਦੀਪ ਔਲਖ, ਅਸ਼ੋਕ ਬਜਾਜ, ਡਾਕਟਰ ਸੁਰਿੰਦਰ, ਪਰਵੀਨ ਮਦਾਨ, ਕਰਮਜੀਤ ਨਾਗੀ, ਗੁਰਪ੍ਰੀਤ ਸਿੰਘ, ਰਾਕੇਸ਼ ਤਿਨਾ, ਖਰੈਤੀ ਲਾਲ, ਗੁਰਚਰਨ ਸਿੰਘ, ਦਲੀਪ ਮੱਕੜ, ਅਸ਼ੋਕ ਤਵਰ, ਭੂਸ਼ਣ ਕਮਰਾ, ਜਗਦੀਸ਼ ਤਨੇਜਾ, ਸੰਜੀਵ ਧਮੀਜਾ ਅਤੇ ਸਮੂਹ ਪ੍ਰੋਪਰਟੀ ਡੀਲਰ ਹਾਜ਼ਰ ਸਨ।

## ਪੰਜਾਬ ਸਰਕਾਰ ਵੱਲੋਂ ਗੰਨੇ ਦੀਆਂ ਕੀਮਤਾਂ ਵਿੱਚ 10 ਰੁਪਏ ਪ੍ਰਤੀ ਕੁਇੰਟਲ ਵਾਧਾ

ਪੰਜਾਬ ਦਾ ਖੁਲਾਸਾ

**ਬਠਿੰਡਾ , 25 ਨਵੰਬਰ (ਰਾਮ ਸਿੰਘ ਕਲਿਆਣ)** ਪੰਜਾਬ ਦੀ ਮੌਜੂਦਾ ਆਪ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਗੰਨੇ ਦੀਆਂ ਕੀਮਤਾਂ ਵਿੱਚ 10 ਰੁਪਏ ਪ੍ਰਤੀ ਕੁਇੰਟਲ ਵਾਧਾ ਕੀਤਾ ਗਿਆ ਹੈ ਪੰਜਾਬ ਸਰਕਾਰਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ (ਖੇਤੀਬਾੜੀ-4 ਸ਼ਾਖਾ) ਵੱਲੋ ਜਾਰੀ ਅਧਿਸੂਚਨਾ ਪੱਤਰ ਨੰਬਰ 18/10/2023/ਖਬ-4(5)/ 16164 ਚੰਡੀਗੜ੍ਹ , 25 ਨਬੰਵਰ ਅਨੁਸਾਰ ਪੰਜਾਬ ਦੇ ਰਾਜਪਾਲ ਜੀ ਪ੍ਰਸੰਨਤਾ ਪੂਰਵਕ ਪੰਜਾਬ ਸ਼ੂਗਰਕੇਨ (ਰੈਗੂਲੇਸ਼ਨ ਆਫ ਪ੍ਰਚੇਜ ਐਂਡ ਸਪਲਾਈ) ਰੂਲ 1958 ਦੇ ਸੋਧੇ ਰੂਲ 12(1) ਤਹਿਤ ਸਾਰੇ ਅਖਤਿਆਰਾਂ ਦੀ ਵਰਤੋਂ ਕਰਦੇ ਹੋਏ ਪਿੜਾਈ ਸਾਲ 2024-25 ਲਈ ਗੰਨੇ ਦਾ ਭਾਅ ਫਿਕਸ ਕਰਨ ਸਬੰਧੀ ਸਟੇਟ ਐਗਰੀਡ ਪ੍ਰਾਈਜ਼ (ਐਸ.ਏ.ਪੀ) ਅਗੇਤੀਆਂ ਕਿਸਮਾਂ ਸੀਬੀਪੀਓ 95, 96, ਸੀਪੀਓ 92, ਸੀਓ 15023, 118,ਸੀਜੇਓ 85, 64

ਦੀ ਕੀਮਤ 391 ਵਿੱਚ 10 ਰੁਪਏ ਦਾ ਵਾਧਾ ਕਰਕੇ 401 ਰੁਪਏ ਪ੍ਰਤੀ ਕੁਇੰਟਲ ਕੀਤਾ ਅਤੇ ਭਾਰਤ ਸਰਕਾਰ ਦੀਆਂ ਨੋਰਥ ਜੋਨ ਲਈ ਹੋਰ ਨੋਟੀਫਾਈਡ ਪਛੇਤੀਆਂ ਕਿਸਮਾਂ ਦੀ ਕੀਮਤ 391 ਪ੍ਰਤੀ ਕੁਇੰਟਲ ਤੈਅ ਕੀਤਾ ਗਿਆ ਹੈ। ਗੰਨੇ ਦੀਆਂ ਦਰਮਿਆਨੀਆਂ-ਪਿਛੇਤੀਆਂ ਕਿਸਮਾਂ ਦਾ ਰੇਟ 15 ਜਨਵਰੀ ਤੋਂ ਬਾਅਦ ਅਗੇਤੀਆਂ ਕਿਸਮਾਂ ਦੇ ਬਰਾਬਰ ਹੋਵੇਗਾ। ਇਹ ਰੇਟ ਪਿੜ੍ਹਾਈ ਸੀਜ਼ਨ ਸਾਲ 2024-25 ਦੇ ਸ਼ੁਰੂ ਹੋਣ ਤੋਂ ਹੀ ਲਾਗੂ ਹੋਣਗੇ। ਪ੍ਰਾਈਵੇਟ ਖੰਡ ਮਿੱਲਾਂ ਵੱਲੋਂ ਅਗੇਤੀਆਂ ਅਤੇ ਦਰਮਿਆਨੀਆਂ-ਪਿਛੇਤੀਆਂ ਲਈ ਗੰਨੇ ਦੇ ਮੁਕਰੱਰ ਸਟੇਟ ਐਗਰੀਡ ਪ੍ਰਾਈਸ ਕ੍ਰਮਵਾਰ 401/-ਰੁਪਏ ਅਤੇ 391/-ਰੁਪਏ ਪ੍ਰਤੀ ਕੁਇੰਟਲ ਵਿੱਚੋਂ 339.50 ਰੁਪਏ ਅਤੇ 329.50 ਰੁਪਏ ਪ੍ਰਤੀ ਕੁਇੰਟਲ ਦੀ ਅਦਾਇਗੀ ਕੀਤੀ ਜਾਵੇਗੀ ਅਤੇ ਬਕਾਇਆ ਰਕਮ 61.50 ਰੁਪਏ ਪ੍ਰਤੀ ਕੁਇੰਟਲ ਬਤੌਰ ਸਬਸਿਡੀ ਰਾਜ ਸਰਕਾਰ ਵਲੋਂ ਗੰਨਾ ਕਾਸ਼ਤਕਾਰਾਂ ਦੇ ਖਾਤਿਆਂ ਵਿੱਚ ਟਰਾਂਸਫਰ ਕੀਤੇ ਜਾਣਗੇ। ਪ੍ਰਾਈਵੇਟ ਖੰਡ ਮਿੱਲਾਂ ਵਲੋਂ ਆਪਣੇ ਹਿੱਸੇ ਦੀ ਅਦਾਇਗੀ ਕਰਨ ਉਪਰੰਤ ਹੀ ਰਾਜ ਸਰਕਾਰ ਦੇ ਹਿੱਸੇ ਦੀ ਰਾਸ਼ੀ ਦਾ ਭੁਗਤਾਨ ਕੀਤਾ ਜਾਵੇਗਾ।

## ਸੁਧਾਰ ਕਾਲਜ ਵਿਖੇ ਹੋਏ ਰੰਗ -ਤਰੰਗ ਇੰਟਰ ਸਕੂਲ ਪ੍ਰਤੀਯੋਗਤਾ ਵਿਚ ਸਨਮਤੀ ਸਕੂਲ ਦਾ ਦਬਦਬਾ

ਪੰਜਾਬ ਦਾ ਖੁਲਾਸਾ

**ਜਗਰਾਉਂ, 25 ਨਵੰਬਰ (ਜਸਵਿੰਦਰ ਸਿੰਘ ਡਾਂਗੀਆ)** : ਸਨਮਤੀ ਵਿਮਲ ਜੈਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਜਗਰਾਉਂ, ਜਿੱਥੇ ਸਿੱਖਿਆਂ ਦੇ ਖੇਤਰ ਵਿਚ ਦਿਨ-ਬ-ਦਿਨ ਮੱਲਾਂ ਮਾਰ ਰਿਹਾ ਹੈ, ਉੱਥੇ ਹੀ ਇਹ ਪਾਠ ਸਹਾਇਕ ਗਤੀਵਿਧੀਆਂ ਵਿੱਚ ਵੀ ਇਲਾਕੇ ਦੀ ਮੋਹਰੀ ਸੰਸਥਾ ਰਹੀ ਹੈ। ਇਸ ਸੰਬੰਧੀ ਡਾਇਰੈਕਟਰ ਮੈਡਮ ਸ਼ਸ਼ੀ ਜੈਨ ਜੀ ਨੇ ਦੱਸਿਆਂ ਕਿ ਪਿਛਲੇ ਦਿਨੀਂ ਜੀ.ਐੱਚ. ਜੀ ਖਾਲਸਾ ਕਾਲਜ ਗੁਰੂਸਰ, ਸੁਧਾਰ ਵਿਖੇ ਕਰਵਾਏ ਗਏ ਰੰਗ-ਤਰੰਗ ਇੰਟਰ ਸਕੂਲ ਪ੍ਰਤੀਯੋਗਤਾ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਵੱਖ-ਵੱਖ ਪ੍ਰਤੀਯੋਗਤਾਵਾਂ ਵਿਚ ਹਿੱਸਾ ਲੈ ਕੇ ਅਨੇਕਾਂ ਪੁਜੀਸ਼ਨਾਂ ਤੇ ਆਪਣਾ ਅਧਿਕਾਰ ਸਥਾਪਿਤ ਕੀਤਾ। ਜਿਸ ਸੰਬੰਧੀ ਡਾਇਰੈਕਟਰ ਮੈਡਮ ਸ਼ਸ਼ੀ ਜੈਨ ਨੇ ਆਪਣੀ ਖੁਸ਼ੀ ਨੂੰ ਜ਼ਾਹਿਰ ਕਰਦਿਆਂ ਦੱਸਿਆ ਕਿ ਜਿੱਥੇ ਸੋਲੋ ਡਾਂਸ ਵਿਚ ਦਸਵੀਂ ਜਮਾਤ ਦੀ ਮਹਿਕ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਮਾਣ ਵਧਾਇਆ, ਉੱਥੇ ਹੀ ਮਹਿੰਦੀ ਪ੍ਰਤੀਯੋਗਤਾ ਵਿਚ ਗਿਆਰਵੀਂ ਜਮਾਤ ਦੀ ਵਿਦਿਆਰਥਣ ਸ਼ਗਨ ਅਰੋੜਾ ਨੇ ਦੂਸਰਾ ਸਥਾਨ,



ਪੋਸਟਰ ਮੇਕਿੰਗ ਵਿਚ ਬਾਰ੍ਹਵੀਂ ਜਮਾਤ ਦੇ ਰਿਪਨਜੋਤ ਸਿੰਘ ਨੇ ਦੂਸਰਾ ਸਥਾਨ, ਦਸਤਾਰ ਬੰਦੀ ਮੁਕਾਬਲੇ ਵਿਚ ਬਾਰ੍ਹਵੀਂ ਜਮਾਤ ਦੀ ਜੈਸਮੀਨ ਕੌਰ ਨੇ ਦੂਸਰਾ ਸਥਾਨ, ਨਾਨ ਫਾਇਰ ਕੁਕਿੰਗ ਵਿਚ ਗਿਆਰਵੀ ਜਮਾਤ ਦੀ ਮਾਹੀ, ਐਸ਼ਪ੍ਰੀਤ ਕੌਰ ਅਤੇ ਬਾਰਵੀਂ ਜਮਾਤ ਦੀ ਕਮਲਪ੍ਰੀਤ ਕੌਰ ਨੇ ਤੀਸਰਾ ਸਥਾਨ, ਕਾਰਟੂਨ ਮੇਕਿੰਗ ਵਿਚ ਨੌਵੀਂ ਜਮਾਤ ਦੀ ਗੁਰਨੂਰ ਕੌਰ ਨੇ ਤੀਸਰਾ ਸਥਾਨ ਅਤੇ ਗਰੁੱਪ ਡਾਂਸ ਵਿਚ ਬਾਰ੍ਹਵੀਂ ਜਮਾਤ ਦੀ ਕਿਰਨਜੀਤ ਕੌਰ, ਦਲਜੀਤ ਕੌਰ, ਗੁਰਲੀਨ ਕੌਰ, ਮਮਤਾ, ਜਸਲੀਨ ਕੌਰ, ਅਰਸ਼ਪ੍ਰੀਤ ਕੌਰ ਸੁਨੇਹਾ ਅਤੇ ਨੌਵੀਂ ਜਮਾਤ ਦੀ ਜੈਸਮੀਨ ਕੌਰ ਨੇ ਤੀਸਰਾ ਸਥਾਨ ਹਾਸਲ ਕੀਤਾ ਅਤੇ ਗਰੁੱਪ ਡਾਂਸ ਵਿੱਚੋਂ ਹੀ ਵਿਅਕਤੀਤੱਵ ਤੌਰ ਤੇ ਬਾਰ੍ਹਵੀ ਜਮਾਤ ਦੀ ਗੁਰਲੀਨ ਕੌਰ ਦੂਸਰਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੋਸ਼ਨ ਕੀਤਾ। ਸਕੂਲ ਦੇ ਪ੍ਰਿੰਸੀਪਲ ਮੈਡਮ ਸੁਪ੍ਰਿਆ ਖੁਰਾਣਾ ਨੇ ਦੱਸਿਆ ਕਿ ਬੀਤੀ ਦਿਨੀਂ ਸੀ.ਟੀ ਯੂਨੀਵਰਸਿਟੀ ਵੱਲੋਂ ਕਰਵਾਏ ਗਏ ਮੁਕਾਬਲਿਆਂ ਵਿੱਚ ਨੌਵੀਂ ਜਮਾਤ ਦੀ ਗੁਰਨਿਮਰਤ ਕੌਰ ਅਤੇ ਸੁਖਮਨ ਕੌਰ ਨੇ ਰੰਗੋਲੀ ਪ੍ਰਤੀਯੋਗਤਾ ਵਿਚ ਭਾਗ ਲੈਣ ਕੇ ਸਾਂਝੇ ਰੂਪ ਵਿਚ ਦੂਸਰਾ ਸਥਾਨ ਪ੍ਰਾਪਤ ਕੀਤਾ । ਇਸ ਮੌਕੇ ਤੇ ਡਾਇਰੈਕਟਰ ਮੈਡਮ ਅਤੇ ਪ੍ਰਿੰਸੀਪਲ ਮੈਡਮ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਇਸ ਜਿੱਤ ਦਾ ਸਿਹਰਾ ਵਿਦਿਆਰਥੀਆਂ ਅਤੇ ਸਹਾਇਕ ਅਧਿਆਪਕਾ ਦੀ ਅਣਥੱਕ ਮਿਹਨਤ ਨੂੰ ਦਿੱਤਾ।

## ਲਵ ਬੱਤਰਾ ਵੱਲੋਂ ਗਿੱਦੜਬਾਹਾ ਵਿਖੇ ਡਿੰਪੀ ਢਿੱਲੋਂ ਦੀ ਜਿੱਤ ਦੀ ਖੁਸ਼ੀ ਵਿੱਚ ਦਾਣਾ ਮੰਡੀ ਚੂ ਮਜਦੂਰਾਂ ਦਾ ਮੂੰਹ ਮਿੱਠਾ ਕਰਵਾਕੇ ਕੀਤਾ ਧੰਨਵਾਦ

ਪੰਜਾਬ ਦਾ ਖੁਲਾਸਾ

**ਦੋਦਾ/ਮਲੋਟ, 25 ਨਵੰਬਰ (ਲਖਵੀਰ ਸਿੰਘ ਧੂਲਕੋਟੀਆ)**-ਦਾਣਾ ਮੰਡੀ ਮਲੋਟ ਵਿਖੇ ਲਵ ਬੱਤਰਾ ਵੱਲੋਂ ਡਿੰਪੀ ਢਿੱਲੋਂ ਦੀ ਜੀਤ ਦੀ ਖੁਸ਼ੀ ਵਿੱਚ ਦਾਣਾ ਮੰਡੀ ਮਜਦੂਰਾਂ ਦਾ ਲੱਡੂਆਂ ਨਾਲ ਮੂੰਹ ਮਿੱਠਾ ਕਰਵਾ ਕੇ ਧੰਨਵਾਦ ਕੀਤਾ। ਜਿਕਰਯੋਗ ਹੈ ਕਿ ਪਿਛਲੇ ਦਿਨੀਂ ਜੱਥੇਦਾਰ ਸੁਦੇਸ਼ ਪਾਲ ਸਿੰਘ ਖਾਲਸਾ ਵੱਲੋਂ ਦਾਣਾ ਮੰਡੀ ਮਜਦੂਰਾਂ ਦੀ ਮਜਦੂਰੀ ਬਾਬਤ ਗਿੱਦੜਬਾਹਾ ਵਿਖੇ ਆਮ ਆਦਮੀ ਪਾਰਟੀ ਦਾ ਬਾਈਕਾਟ ਕੀਤਾ ਗਿਆ ਸੀ, ਉਸ ਤੋਂ ਮਾਨਯੋਗ ਡਾ ਬਲਜੀਤ ਕੌਰ ਕੈਬਨਿਟ ਮੰਤਰੀ ਪੰਜਾਬ ਜੀ ਦੀ ਰਹਿਨੁਮਾਈ ਹੇਠ ਮਜਦੂਰੀ ਬਾਬਤ ਮਾਨਯੋਗ ਸ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਜੀਆਂ ਨੂੰ ਮੰਗ ਪੱਤਰ ਦੁਆਇਆ ਗਿਆ। ਜੱਥੇਦਾਰ ਵੱਲੋ 11 ਨਵੰਬਰ ਤੋਂ ਬਾਅਦ ਬਾਈਕਾਟ ਨਾ ਕਰਨ ਦਾ ਫੈਸਲਾ ਲਿਆ ਗਿਆ ਅਤੇ ਸ. ਹਰਦੀਪ ਸਿੰਘ "ਡਿੰਪੀ ਢਿਲੋਂ" ਜੀ ਦੀ ਇਤਿਹਾਸਕ ਜਿੱਤ ਹੋਈ। ਅੱਜ ਉਸ ਬਦਲੇ ਲਵ ਬੱਤਰਾ ਵੱਲੋਂ ਦਾਣਾ ਮੰਡੀ ਮਜਦੂਰਾਂ ਦਾ ਮੂੰਹ ਮਿੱਠਾ ਕਰਾਕੇ ਕੇ ਧੰਨਵਾਦ ਕੀਤਾ। ਇਸ ਮੌਕੇ ਰਾਜ ਕੁਮਾਰ ਫੰਰਡ ਪ੍ਰਧਾਨ ਗਲਾ ਅਨਾਜ ਮੰਡੀ ਮਜਦੂਰ ਸੰਘ ਪੰਜਾਬ, ਲਛਮਣ



ਕੁਮਾਰ ਬੋਸ ਸਾਬਕਾ ਪ੍ਰਧਾਨ, ਮੰਗਾ ਸਿੰਘ ਭਲੇਰੀਆਂ ਸਾਬਕਾ ਪ੍ਰਧਾਨ, ਰੋਸ਼ਨ ਲਾਲ ਬਮਨੀਆ, ਸੂਰਜ ਕੁਮਾਰ ਲੁਗਰੀਆ ਸਾਬਕਾ ਸੈਕਟਰੀ, ਰਘਬੀਰ ਕੁਮਾਰ ਬਮਨੀਆ, ਮੰਗਤ ਰਾਮ ਖਟਕ, ਪ੍ਰਦੀਪ ਬਮਨੀਆ, ਪ੍ਰੇਮ ਕੁਮਾਰ ਲੁਗਰੀਆ, ਸਤਪਾਲ, ਕੇਵਲ ਕੁਮਾਰ, ਕਾਲਾ ਰਾਮ ਅਤੇ ਹਰਦੀਪ ਸਿੰਘ ਗਰੇਵਾਲ ਆਦਿ ਹਾਜ਼ਰ ਸਨ।

## ਕਾਂਗਰਸ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਰਵਨੀਤ ਸਿੰਘ ਬਿੱਟੂ ਵਿਚਾਲੇ ਜੁਬਾਨੀ ਜੰਗ ਹੋਈ ਤੇਜ

ਪੰਜਾਬ ਦਾ ਖੁਲਾਸਾ



**ਗਿੱਦੜਬਾਹਾ, 25 ਨਵੰਬਰ (ਲਖਵੀਰ ਸਿੰਘ ਧੂਲਕੋਟੀਆ)**-ਕਾਂਗਰਸ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਰਵਨੀਤ ਬਿੱਟੂ ਵਿਚਾਲੇ ਜ਼ੁਬਾਨੀ ਜੰਗ ਤੇਜ਼ ਹੋ ਗਈ ਗਿੱਦੜਬਾਹਾ ਜ਼ਿਮਨੀ ਚੋਣ 'ਚ ਕਾਂਗਰਸ ਦੀ ਹਾਰ ਤੋਂ ਬਾਅਦ ਇਕ ਵਾਰ ਮੁੜ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਬਿੱਟੂ ਤੇ ਕਾਂਗਰਸ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵਿਚਾਲੇ ਜ਼ੁਬਾਨੀ ਜੰਗੀ ਹੋਈ। ਰਵਨੀਤ ਬਿੱਟੂ ਨੇ ਵਿਅੰਗ ਕਰਦੇ ਹੋਏ ਕਿਹਾ ਕਿ ਗਿੱਦੜਬਾਹਾ ਦੇ ਲੋਕਾਂ ਨੇ ਰਾਜਾ ਵੜਿੰਗ ਦਾ ਪੂਰੀ ਤਰ੍ਹਾਂ ਸਫ਼ਾਇਆ ਕਰ ਦਿੱਤਾ ਹੈ। ਮੇਰਾ ਬਦਲਾ ਪੂਰਾ ਹੋਇਆ। ਮੈਂ ਗਿੱਦੜਬਾਹਾ 'ਚ ਰਾਜਾ ਵੜਿੰਗ ਨੂੰ ਹਰਾਉਣ ਲਈ ਹੀ ਆਇਆ ਸੀ। ਇਕ ਹੋਰ ਵਿਅੰਗ ਕਰਦੇ ਹੋਏ ਬਿੱਟੂ ਨੇ ਕਿਹਾ ਕਿ ਜ਼ਿਮਨੀ ਚੋਣ ਦੇ ਪ੍ਰਚਾਰ ਦੌਰਾਨ ਰਾਜਾ ਵੜਿੰਗ ਕਹਿੰਦੇ ਸਨ ਕਿ ਮੇਰੀ ਪਤਨੀ ਸਵੇਰੇ ਛੇ ਵਜੇ ਤਿਆਰ ਹੋ ਕੇ ਚੋਣ ਪ੍ਰਚਾਰ ਲਈ ਚਲੀ ਜਾਂਦੀ ਹੈ ਅਤੇ ਮੇਰੀ ਰੋਟੀ-ਟੁੱਕ ਦਾ ਮੁਸ਼ਕਿਲ ਹੋ ਗਿਆ ਹੈ। ਹੁਣ ਮੈਨੂੰ ਕੋਈ ਰੋਟੀ ਪਕਾਉਣ ਵਾਲੀ ਕੰਮ 'ਤੇ ਰੱਖਣੀ ਪਵੇਗੀ। ਗਿੱਦੜਬਾਹਾ ਦੇ ਲੋਕਾਂ ਨੇ ਰਾਜੇ ਦੀ ਰਾਣੀ ਨੂੰ ਹਰਾ ਕੇ ਵੜਿੰਗ ਦੀ ਰੋਟੀ ਦਾ ਇੰਤਜ਼ਾਮ ਕਰ ਦਿੱਤਾ ਹੈ। ਹੁਣ ਉਸ ਨੂੰ ਕੰਮ ਵਾਲੀ ਨਹੀਂ ਰੱਖਣੀ ਪਵੇਗੀ।ਉੱਧਰ, ਬਿੱਟੂ 'ਤੇ ਭੜਕੇ ਰਾਜਾ ਵੜਿੰਗ ਨੇ ਕਿਹਾ ਕਿ ਬਿੱਟੂ ਆਪ ਦੀ ਜਿੱਤ 'ਤੇ ਖ਼ੁਸ਼ੀ ਮਨਾ ਰਹੇ ਹਨ। ਬਿੱਟੂ ਨੂੰ ਭਾਜਪਾ ਦੀ ਹਾਰ 'ਤੇ ਮੰਥਨ ਕਰਨਾ ਚਾਹੀਦਾ ਹੈ। ਉਨ੍ਹਾਂ ਦੇ ਉਮੀਦਵਾਰ ਨੂੰ ਸਿਰਫ਼ 12 ਹਜ਼ਾਰ ਵੋਟਾਂ ਹੀ ਮਿਲੀਆਂ ਹਨ, ਪਰ ਬਿੱਟੂ ਮੇਰੀ ਹਾਰ 'ਤੇ ਖ਼ੁਸ਼ ਹੈ। ਰਾਜਾ ਵੜਿੰਗ ਨੇ ਕਿਹਾ ਕਿ ਮੈਨੂੰ ਹਰਾਉਣ ਵਾਲਾ ਬਿੱਟੂ ਕੌਣ ਹੁੰਦਾ ਹੈ। ਗਿੱਦੜਬਾਹਾ ਦੇ ਲੋਕਾਂ ਨੇ ਜੋ ਫ਼ੈਸਲਾ ਲਿਆ ਹੈ ਮੈਨੂੰ ਮਨਜ਼ੂਰ ਹੈ। ਪਰ ਬਿੱਟੂ ਆਪ ਦੀ ਖੁ ?ਸੀ 'ਚ ਖੁ ?ਸ਼ੀ ਹੈ ਤਾਂ ਇਹ ਸਾਫ਼ ਦਿਸ ਰਿਹਾ ਹੈ ਕਿ ਬਿੱਟੂ ਆਪ ਸਰਕਾਰ ਨਾਲ ਮਿਲੇ ਹੋਏ ਹਨ ਅਤੇ ਬਿੱਟੂ ਮਨਪ੍ਰੀਤ ਬਾਦਲ ਨੂੰ ਹਰਾਉਣ ਲਈ ਗਲਤ ਮਲਤ ਬਿਆਨਬਾਜ਼ੀ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਬਿੱਟੂ ਗਿੱਦੜਬਾਹਾ ਵਿੱਚ ਮੈਨੂੰ ਨਹੀਂ ਮਨਪ੍ਰੀਤ ਨੂੰ ਹਰਾਉਣ ਆਏ ਸਨ ਜਿਸ 'ਚ ਉਹ ਕਾਮਯਾਬ ਹੋਏ ਹਨ। ਰਾਜਾ ਵੜਿੰਗ ਨੇ ਕਿਹਾ ਕਿ ਬਿੱਟੂ ਗਿੱਦੜਬਾਹਾ 'ਚ 12 ਦਿਨ ਰਹੇ ਅਤੇ ਭਾਜਪਾ ਨੂੰ ਵੀ 12 ਹਜਾਰ ਵੋਟਾਂ ਮਿਲੀਆਂ। ਹੁਣ ਮੈ ਇਹ ਪੁੱਛਣਾ ਚਾਹੁੰਦਾ ਹਾਂ ਕਿ ਇਹ 12 ਹਜ਼ਾਰ ਵੋਟਾਂ ਕਿਸ ਦੇ ਕਹਿਣ 'ਤੇ ਪਈਆਂ। ਬਿੱਟੂ ਦੇ ਜਾਂ ਮਨਪ੍ਰੀਤ ਬਾਦਲ ਦੇ ਕਹਿਣ 'ਤੇ। ਬਿੱਟੂ ਕਿਸਾਨਾਂ ਖ਼ਿਲਾਫ਼ ਬੋਲੇ। ਭਾਜਪਾ ਦੀ ਹਾਰ ਦਾ ਜ਼ਿੰਮਾ ਕੌਣ ਲਵੇਗਾ। ਇਕ ਸਵਾਲ ਦੇ ਜਵਾਬ 'ਚ ਰਾਜਾ ਵੜਿੰਗ ਨੇ ਕਿਹਾ ਕਿ ਬਿੱਟੂ ਮੰਦਬੁੱਧੀ ਬੱਚਾ ਹੈ। ਉਹ ਕੁਝ ਵੀ ਕਹਿ ਸਕਦਾ ਹੈ। ਉਸ ਨੂੰ ਬੋਲਣ ਤੋਂ ਪਹਿਲਾਂ ਕੁਝ ਸਮਝ ਨਹੀਂ ਆਉਂਦਾ।

## ਇੰਪੀਰੀਅਲ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ ਰਾਸ਼ਟਰੀ ਪੱਧਰ ਚੈਂਪੀਅਨਸ਼ਿਪ 'ਚ ਸੋਨੇ, ਚਾਂਦੀ ਦੇ ਤਗਮੇ ਜਿੱਤੇ

ਪੰਜਾਬ ਦਾ ਖੁਲਾਸਾ

**ਪੱਟੀ ਸਦੀਕ, 25 ਨਵੰਬਰ (ਬਲਕਰਨ ਸਿੰਘ ਮਸ਼ਾਲ)**- ਇੰਪੀਰੀਅਲ ਇੰਟਰਨੈਸ਼ਨਲ ਸਕੂਲ ਫਾਰ ਐਕਸੀਲੈਂਸ, ਖੁਈਆਂ ਸਰਵਰ ਦੇ ਪੰਜ ਵਿਦਿਆਰਥੀਆਂ ਨੇ 23 ਤੋਂ 25 ਨਵੰਬਰ ਤੱਕ ਆਯੋਜਿਤ 26ਵੀਂ ਓਪਨ ਵੁਸ਼ੂ ਚੈਂਪੀਅਨਸ਼ਿਪ



ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਖੇਤਰ ਦਾ ਨਾਂ ਰੌਸ਼ਨ ਕੀਤਾ। ਇਹ ਮੁਕਾਬਲਾ ਆਰਡੀ ਖੋਸਲਾ ਡੀਏਵੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਵਿਖੇ ਕਰਵਾਇਆ ਗਿਆ। ਜਿਸ ਵਿਚ ਵੁਸ਼ੂ ਕੋਚ ਮਨਦੀਪ ਸਿੰਘ ਦੀ ਯੋਗ ਅਗਵਾਈ ਹੇਠ ਸ਼ਿਵਰਾਜ, ਮਨਪ੍ਰੀਤ ਅਤੇ ਤਮੰਨਾ ਨੇ ਸੋਨ ਤਗਮਾ ਜਿੱਤਿਆ, ਜਦਕਿ ਗੁਰਸੀਰਤ ਅਤੇ ਯਸ਼ਵ ਨੇ ਚਾਂਦੀ ਦਾ ਤਗਮਾ ਜਿੱਤ ਕੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ ਇਨ੍ਹਾਂ ਪੰਜ ਖਿਡਾਰੀਆਂ ਦੀ ਰਾਸ਼ਟਰੀ ਪੱਧਰ ਦੇ ਮੁਕਾਬਲੇ ਲਈ ਚੋਣ ਹੋਈ ਹੈ, ਜੋ ਸਕੂਲ ਅਤੇ ਇਲਾਕੇ ਲਈ ਮਾਣ ਵਾਲੀ ਗੱਲ ਹੈ।

ਸਕੂਲ ਦੇ ਡਾਇਰੈਕਟਰ ਸੁਖਵਿੰਦਰ ਪਾਲ ਨੇ ਬੱਚਿਆਂ ਦੀ ਇਸ ਪ੍ਰਾਪਤੀ 'ਤੇ ਵਧਾਈ ਦਿੰਦਿਆਂ ਕਿਹਾ ਕਿ ਇਹ ਮੈਡਲ ਸਕੂਲ ਦੇ ਹੋਰਨਾਂ ਬੱਚਿਆਂ ਵਿੱਚ ਵੀ ਖੇਡਾਂ ਪ੍ਰਤੀ ਉਤਸ਼ਾਹ ਵਧਾਉਣਗੇ। ਬੱਚੇ ਖੇਡਾਂ ਰਾਹੀਂ ਆਪਣਾ ਭਵਿੱਖ ਉਜਵਲ ਬਣਾ ਸਕਦੇ ਹਨ। ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਨਵਨੀਤ ਦੇਵਗਨ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਖੇਡਾਂ ਬੱਚਿਆਂ ਦੀ ਸਿਹਤ ਅਤੇ ਭਵਿੱਖ ਦੋਵਾਂ ਲਈ ਜ਼ਰੂਰੀ ਹਨ। ਵੁਸ਼ੂ ਨਾ ਸਿਰਫ਼ ਇੱਕ ਦਿਲਚਸਪ ਖੇਡ ਹੈ ਬਲਕਿ ਸਰੀਰਕ ਅਤੇ ਮਾਨਸਿਕ ਵਿਕਾਸ ਲਈ ਵੀ ਲਾਭਦਾਇਕ ਹੈ। ਇਨ੍ਹਾਂ ਵਿਦਿਆਰਥੀਆਂ ਦੀ ਇਸ ਪ੍ਰਾਪਤੀ ਨੇ ਸਕੂਲ ਅਤੇ ਇਲਾਕੇ ਦਾ ਮਾਣ ਵਧਾਇਆ ਹੈ। ਉਨ੍ਹਾਂ ਦੀ ਰਾਸ਼ਟਰੀ ਪੱਧਰ 'ਤੇ ਸਫਲਤਾ ਲਈ ਸ਼ੁਭਕਾਮਨਾਵਾਂ ਦਿੱਤੀਆਂ ਜਾ ਰਹੀਆਂ ਹਨ।

## ਕਲਾ ਅਤੇ ਮਨੋਰੰਜਨ ਦਾ ਵਿਲੱਖਣ ਸੰਗਮ ਸ਼ਨੀਵਾਰ ਵੋਕੇਸ਼ਨਲ ਕਲਾਸਾਂ

ਪੰਜਾਬ ਦਾ ਖੁਲਾਸਾ

**ਪੱਟੀ ਸਦੀਕ, 25 ਨਵੰਬਰ (ਬਲਕਰਨ ਸਿੰਘ ਮਸ਼ਾਲ)**- ਸ਼ਨੀਵਾਰ ਨੂੰ ਆਧਾਰਸ਼ਿਲਾ ਸਕੂਲ 'ਚ ਵੋਕੇਸ਼ਨਲ ਕਲਾਸਾਂ ਦੌਰਾਨ ਵਿਦਿਆਰਥੀਆਂ ਨੇ ਆਪਣੇ ਧਮਾਕੇਦਾਰ ਪ੍ਰਦਰਸ਼ਨ ਨਾਲ ਸਾਰਿਆਂ ਦਾ ਮਨ ਮੋਹ ਲਿਆ। 'ਕੁੜੀ ਫੱਟੇ ਚੁੱਕ ਦੀਂ' ਗੀਤ 'ਤੇ ਉਸ ਦੀ ਸ਼ਾਨਦਾਰ ਪੇਸ਼ਕਾਰੀ ਨੇ ਦਰਸ਼ਕਾਂ ਦਾ ਦਿਲ ਜਿੱਤ ਲਿਆ।



ਵੋਕੇਸ਼ਨਲ ਕਲਾਸਾਂ ਦਾ ਮੁੱਖ ਉਦੇਸ਼ ਬੱਚਿਆਂ ਨੂੰ ਉਨ੍ਹਾਂ ਦੀ ਰੁਚੀ ਅਤੇ ਯੋਗਤਾ ਅਨੁਸਾਰ ਗਤੀਵਿਧੀਆਂ ਪ੍ਰਦਾਨ ਕਰਨਾ ਹੈ। ਇਨ੍ਹਾਂ ਗਤੀਵਿਧੀਆਂ ਰਾਹੀਂ ਬੱਚੇ ਨਾ ਸਿਰਫ਼ ਨਵੇਂ ਹੁਨਰ ਸਿੱਖਦੇ ਹਨ ਸਗੋਂ ਮਨੋਰੰਜਨ ਦਾ ਵੀ ਆਨੰਦ ਲੈਂਦੇ ਹਨ। ਸਕੂਲ ਪ੍ਰਸ਼ਾਸਨ ਦਾ ਕਹਿਣਾ ਹੈ ਕਿ ਇਨ੍ਹਾਂ ਕਲਾਸਾਂ ਰਾਹੀਂ ਬੱਚਿਆਂ ਵਿੱਚ ਛੁਪੀ ਪ੍ਰਤਿਭਾ ਨੂੰ ਨਿਖਾਰਨ ਦੀ ਕੋਸ਼ਿਸ਼ ਕੀਤੀ ਜਾਂਦੀ ਹੈ। ਬੱਚਿਆਂ ਦੇ ਉਤਸ਼ਾਹ ਅਤੇ ਜੋਸ਼ ਨੇ ਸਾਬਤ ਕਰ ਦਿੱਤਾ ਕਿ ਸਹੀ ਮਾਰਗਦਰਸ਼ਨ ਅਤੇ ਉਤਸ਼ਾਹ ਨਾਲ ਹਰ ਬੱਚਾ ਕੁਝ ਖਾਸ ਕਰ ਸਕਦਾ ਹੈ। ਅਜਿਹੀਆਂ ਗਤੀਵਿਧੀਆਂ ਬੱਚਿਆਂ ਦੇ ਸ਼ਖ਼ਸੀਅਤ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਆਧਾਰਸ਼ਿਲਾ ਸਕੂਲ ਵਿੱਚ, ਬੱਚਿਆਂ ਨੂੰ ਆਤਮ ਨਿਰਭਰ ਅਤੇ ਸਸ਼ਕਤ ਬਣਾਉਣ ਲਈ ਇਸ ਤਰ੍ਹਾਂ ਦੀ ਪਹਿਲ ਕੀਤੀ ਜਾਂਦੀ ਹੈ।

## ਪਖਵਾੜਾ ਅਭਿਆਨ ਦਾ ਉਦੇਸ਼ ਸਟਰੀਟ ਵੈਂਡਰਾਂ ਦੇ ਕਰਜ਼ਿਆਂ ਦੇ ਵਿਤਰਨ ਵਿੱਚ ਤੇਜ਼ੀ ਲਿਆਉਣਾ ਹੈ

ਪੰਜਾਬ ਦਾ ਖੁਲਾਸਾ

**ਫਗਵਾੜਾ, 25 ਨਵੰਬਰ ( ਪ੍ਰੀਤ ਕੌਰ ਪ੍ਰੀਤੀ)** ਕੇਂਦਰ ਸਰਕਾਰ ਵੱਲੋਂ ਸਟਰੀਟ ਵੈਂਡਰਾਂ ਅਤੇ ਰੇਹੜੀ ਫੜੀ ਲਾਉਣ ਵਾਲਿਆਂ ਲਈ ਸ਼ੁਰੂ ਕੀਤੀ ਗਈ ਪ੍ਰਧਾਨ ਮੰਤਰੀ ਸਵੈ ਨਿਧੀ ਅਤੇ ਸਵੈ ਸੇ ਸਮਰਿਧੀ ਦੇ ਸਮੱਰਥ ਯੋਜਨਾ ਦੇ ਅੰਤਰਗਤ ਨਗਰ ਨਿਗਮ ਫਗਵਾੜਾ ਵੱਲੋਂ 15ਵਾਂ ਪਖਵਾੜਾ ਅਭਿਆਨ ਸਵੈ ਨਿਧੀ ਸਕੀਮ ਦਾ ਆਯੋਜਨ ਕੀਤਾ ਜਾਵੇਗਾ , ਜਿਸ ਬਾਰੇ ਸਵੈ ਨਿਧੀ ਸਕੀਮ ਦੇ ਸਿਟੀ ਮਿਸ਼ਨ ਮੈਨੇਜਰ ਗੁਰਵਿੰਦਰ ਸਿੰਘ ਸ਼ੇਰ ਗਿੱਲ ਨੇ ਦੱਸਿਆ ਕਿ ਕੇਂਦਰ ਸਰਕਾਰ ਦੀ ਇਸ ਪਹਿਲ ਦਾ ਮੁੱਖ ਉਦੇਸ਼ ਪ੍ਰਧਾਨ ਮੰਤਰੀ ਸਵੈ ਨਿਧੀ ਯੋਜਨਾ ਦੀ ਪ੍ਰਗਤੀ ਵਿੱਚ ਤੇਜ਼ੀ ਲਿਆਉਣਾ ਹੈ। ਪਖਵਾੜਾ ਅਭਿਆਨ ਦਾ ਉਦੇਸ਼ ਕੇਂਦਰ ਸਰਕਾਰ ਦੁਆਰਾ ਸਟਰੀਟ ਵੈਂਡਰਾਂ ਦੇ ਲਈ ਸਵੈ ਕ੍ਰਿਤ ਕਰਜ਼ਿਆਂ ਦੇ ਲਈ ਵਿੱਤੀ ਕਰਨ ਵਿੱਚ ਤੇਜ਼ੀ ਲਿਆਉਣਾ ਹੈ



ਅਤੇ ਇਸ ਯੋਜਨਾ ਤਹਿਤ ਬਿਹਤਰ ਵਿਕਾਸ ਅਧੀਨ ਬਾਕੀ ਬਚੀ ਸਮਾਜਿਕ ਆਰਥਿਕ ਪ੍ਰੋਫਾਈਲਿੰਗ ਅਤੇ ਲਾਭ ਪਾਤਰੀਆਂ ਪਰਿਵਾਰਾਂ ਨੂੰ ਕਲਿਆਣਕਾਰੀ ਯੋਜਨਾਵਾਂ ਦੀ ਮਨਜ਼ੂਰੀ ਦਿਵਾਉਣਾ ਹੈ। ਉਹਨਾਂ ਨੇ ਦੱਸਿਆ ਕਿ ਯੋਜਨਾ ਦੇ ਤਹਿਤ ਸੜਕ ਤੇ ਰੇਹੜੀ ਫੜੀ ਲਾਉਣ ਵਾਲਿਆਂ ਦੇ ਲਈ ਵਿੱਤੀ ਸਮੱਸਿਆਵਾਂ ਨਾਲ ਨਜਿੱਠਣ ਦੇ ਲਈ ਇਹ ਯੋਜਨਾ ਇੱਕ ਪ੍ਰਭਾਵਕਾਰੀ ਸਾਧਨ ਵਜੋਂ ਸਾਬਤ ਹੋਈ ਹੈ। ਯੋਜਨਾਵਾਂ ਦੇ ਅੰਤਰਗਤ ਆਈ ਪ੍ਰਗਤੀ ਅਤੇ ਉਪਲਬਧੀਆਂ ਨੇ ਨਾ ਕੇਵਲ ਰੇਹੜੀ ਫੜੀਆਂ ਦਾ ਕੰਮ ਕਰਨ ਵਾਲੇ ਲੋਕਾਂ ਵਿੱਚ ਆਤਮ ਵਿਸ਼ਵਾਸ ਜਗਾਇਆ ਹੈ,ਬਲਕਿ ਉਹਨਾਂ ਦੀਆਂ ਉਮੀਦਾਂ ਨੂੰ ਵੀ ਨਵੀਂ ਉਡਾਨ ਦਿੱਤੀ ਹੈ ਕਿਉਂਕਿ ਇਹ ਯੋਜਨਾ ਸਟਰੀਟ ਵੈਂਡਰਾਂ ਦੇ ਜੀਵਨ ਵਿੱਚ ਵੱਡਾ ਬਦਲਾਅ ਲਿਆ ਕੇ ਅਤੇ ਪ੍ਰਭਾਵਸ਼ਾਲੀ ਰੂਪ ਵਿੱਚ ਕਾਰਜ ਕਰ ਰਹੀ ਹੈ। ਉਹਨਾਂ ਇਹ ਵੀ ਕਿਹਾ ਕਿ ਪਖਵਾੜਾ ਯੋਜਨਾ ਦੇ ਤਹਿਤ ਕੇਂਦਰ ਦੀ ਯੋਜਨਾ ਦਾ ਲਾਭ ਲੈਣ ਲਈ ਜਿਨਾਂ ਸਟਰੀਰ ਵੈਂਡਰਾਂ ਨੇ ਕੰਮ ਵਧਾਉਣ ਲਈ ਲੋਨ ਅਪਲਾਈ ਕਰਨਾ ਹੈ, ਉਹ ਆਪਣੀਆਂ ਅਰਜੀਆਂ ਮਨਜ਼ੂਰ ਕਰਵਾਉਣ ਦੇ ਲਈ ਆਪਣੇ ਸੰਬੰਧਿਤ ਦਸਤਾਵੇਜ ਲੈ ਕੇ ਨਗਰ ਨਿਗਮ ਫਗਵਾੜਾ ਵਿਖੇ ਲਾਇਬ੍ਰੇਰੀ ਵਿਚ ਪਹੁੰਚਣ ਅਤੇ ਇਸ ਯੋਜਨਾ ਤਹਿਤ ਵੱਧ ਤੋਂ ਵੱਧ ਲਾਭ ਪ੍ਰਾਪਤ ਕਰਨ।

## ਸੁਧਾਰ ਕਾਲਜ ਵਿੱਚ ਕੁੱਟਮਾਰ ਕਰਨ ਵਾਲੇ ਨੋ ਪੁਲਿਸ ਨੇ ਕੀਤਾ ਕਾਬੂ

ਪੰਜਾਬ ਦਾ ਖੁਲਾਸਾ

**ਜਗਰਾਉਂ :25 ਨਵੰਬਰ (ਜਸਵਿੰਦਰ ਸਿੰਘ ਡਾਂਗੀਆ)** ਪਿਛਲੇ ਦਿਨੀ ਸੁਧਾਰ ਕਾਲਜ ਵਿੱਚ ਕੁੱਟਮਾਰ ਕਰਨ ਅਤੇ ਸੋਸ਼ਲ ਮੀਡੀਆ ਤੇ ਵੀਡੀਓ ਵਾਇਰਲ ਕਰਨ ਦਾ ਮਾਮਲਾ ਸਾਹਮਣੇ ਆਇਆ ਸੀ ਜਿਸ ਦੇ ਤਹਿਤ ਪੁਲਿਸ ਜਿਲਾ ਲੁਧਿਆਣਾ ਦਿਹਾਤੀ ਦੇ ਐਸਐਸਪੀ ਨਵਨੀਤ ਸਿੰਘ ਬੈਂਸ ਵੱਲੋਂ ਕੁੱਟਮਾਰ ਅਤੇ ਲੜਾਈਆਂ ਕਰਨ ਵਾਲਿਆਂ ਵਿਰੁੱਧ ਚਲਾਈ ਗਈ ਮੁਹਿੰਮ ਦੇ ਤਹਿਤ ਡੀਐਸਪੀ ਵਰਿੰਦਰ ਸਿੰਘ ਖੋਸਾ ਦੀ ਦਿਸ਼ਾ ਨਿਰਦੇਸ਼ ਹੇਠ ਥਾਣਾ ਸੁਧਾਰ ਦੇ ਮੁੱਖ ਅਫਸਰ ਜਸਵਿੰਦਰ ਸਿੰਘ ਅਤੇ ਉਹਨਾਂ ਦੀ ਪੁਲਿਸ ਪਾਰਟੀ ਵੱਲੋਂ ਬੀਤੇ ਦਿਨੀਂ ਸੁਧਾਰ ਕਾਲਜ ਵਿਚ ਕੱਟ ਮਾਰ ਕਰਨ ਦੀ ਵੀਡੀਓ ਸੋਸ਼ਲ ਮੀਡੀਆ ਤੇ



ਵਾਇਰਲ ਹੋਈ ਜਿਸ ਨੂੰ ਮੱਦੇ ਨਜ਼ਰ ਰੱਖਦੇ ਹੋਏ ਪੁਲਿਸ ਵੱਲੋਂ ਦੋਸ਼ੀ ਨੂੰ ਗ੍ਰਿਫਤਾਰ ਕੀਤਾ ਗਿਆ। ਜਾਣਕਾਰੀ ਦਿੰਦੇ ਹੋਏ ਡੀਐਸਪੀ ਖੋਸਾ ਨੇ ਕਿਹਾ ਕਿ ਕਾਲਜ ਆ ਰਹੇ ਦੋ ਨੌਜਵਾਨਾਂ ਦੀ ਕੁਝ ਵਿਅਕਤੀਆਂ ਵੱਲੋਂ ਕੁੱਟਮਾਰ ਦਾ ਮਾਮਲਾ ਸਾਹਮਣੇ ਆਇਆ ਸੀ। ਪੁਲਿਸ ਨੂੰ ਹਰਜੀਤ ਸਿੰਘ ਅਤੇ ਪ੍ਰਭਪ੍ਰੀਤ ਸਿੰਘ ਨੇ ਦੱਸਿਆ ਕਿ ਜਦੋਂ ਅਸੀਂ ਕਾਲਜ ਚ ਦਾਖਲ ਹੋਣ ਲੱਗੇ ਤਾਂ ਕੁਝ ਵਿਅਕਤੀਆਂ ਨੇ ਸਾਡੇ ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ, ਸਾਡਾ ਮੋਟਰਸਾਈਕਲ ਵੀ ਭੰਨ ਦਿੱਤਾ ਤੇ ਸਾਡੀ ਪੂਰੀ ਤਰਾਂ ਨਾਲ ਕੁੱਟਮਾਰ ਕੀਤੀ। ਜੇਕਰ ਸਾਨੂੰ ਰਸਤੇ ਚ ਜਾਂਦੇ ਲੋਕ ਨਾ ਬਚਾਉਂਦੇ ਤਾਂ ਸਾਡਾ ਭਾਰੀ ਨੁਕਸਾਨ ਵੀ ਹੋ ਸਕਦਾ ਸੀ। ਕੁੱਟ ਮਾਰ ਦੇ ਦੋਸ਼ ਹੇਠ ਥਾਣਾ ਸੁਧਾਰ ਪੁਲਿਸ ਨੇ ਅਰਸ਼ਦੀਪ ਸਿੰਘ ਨੂੰ ਗ੍ਰਿਫਤਾਰ ਕਰ ਲਿਆ। ਪੁਲਿਸ ਨੇ ਦੱਸਿਆ ਕਿ ਦੋਸ਼ੀ ਉੱਪਰ ਪਹਿਲਾਂ ਵੀ ਕਈ ਮੁਕੱਦਮੇ ਦਰਜ ਹਨ। ਪੁਲਿਸ ਵੱਲੋਂ ਮਾਣਯੋਗ ਅਦਾਲਤ ਵਿੱਚੋਂ ਇੱਕ ਦਿਨ ਦਾ ਰਿਮਾਂਡ ਲਿਆ ਅਤੇ ਡੂੰਘਾਈ ਨਾਲ ਪੁੱਛ ਗਿੱਛ ਕੀਤੀ ਜਾ ਰਹੀ ਹੈ। ਪੁਲਿਸ ਵੱਲੋਂ ਮੁਕੱਦਮੇ ਦੀ ਤਫਦੀਸ਼ ਜਾਰੀ ਹੈ।

## ਅੰਤਰ ਰਾਸ਼ਟਰੀ ਸਾਹਿਤਕ ਸੱਥ ਚੰਡੀਗੜ੍ਹ ਵੱਲੋਂ ਪੁਸਤਕ ਰਿਲੀਜ਼, ਸਨਮਾਨ ਸਮਾਰੋਹ ਅਤੇ ਰਾਜ ਪੱਧਰੀ ਕਵੀ ਦਰਬਾਰ 30 ਨਵੰਬਰ 2024 ਨੂੰ

ਪੰਜਾਬ ਦਾ ਖੁਲਾਸਾ

**ਚੰਡੀਗੜ੍ਹ 25 ਨਵੰਬਰ**- ਅੰਤਰਰਾਸ਼ਟਰੀ ਸਾਹਿਤਕ ਸੱਥ ਚੰਡੀਗੜ੍ਹ ਵੱਲੋਂ ਪੁਸਤਕ ਰਿਲੀਜ਼, ਸਨਮਾਨ ਸਮਾਰੋਹ ਅਤੇ ਰਾਜ ਪੱਧਰੀ ਕਵੀ ਦਰਬਾਰ ਮਿਤੀ 30 ਨਵੰਬਰ 2024 ਨੂੰ ਸਵੇਰੇ 10 ਵਜੇ ਚੰਡੀਗੜ੍ਹ ਦੇ ਸੈਕਟਰ 40 ਏ ਦੇ ਕਮਿਊਨਿਟੀ ਸੈਂਟਰ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਸਮਾਗਮ ਦੇ ਮੁੱਖ ਮਹਿਮਾਨ ਮਨਪ੍ਰੀਤ ਕੌਰ ਸੰਧੂ, ਮੁੰਬਈ ਹੋਣਗੇ। ਜਦੋਂ ਕਿ ਵਿਸ਼ੇਸ਼ ਮਹਿਮਾਨ ਡਾ. ਦਵਿੰਦਰ ਕੌਰ ਖੁਸ਼ ਧਾਲੀਵਾਲ , ਜਸਵਿੰਦਰ ਸਿੰਘ ਕਾਈਨੌਰ, ਗੁਰਬਖਸ਼ ਰਾਵਤ, ਏਰੀਆ ਪਾਰਸ਼ਦ, ਵਾਰਡ ਨੰ 27, ਚੰਡੀਗੜ੍ਹ, ਡਾ. ਦਵਿੰਦਰ ਸਿੰਘ ਬੋਹਾ, ਅਤੇ ਬਾਬੂ ਰਾਮ ਦੀਵਾਨਾ ਹੋਣਗੇ।

ਸੱਥ ਦੇ ਪ੍ਰਧਾਨ ਰਾਜਵਿੰਦਰ ਸਿੰਘ ਗੱਡੂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸਮਾਗਮ 'ਚ ਲੇਖਕ ਜਸਵੀਰ ਸ਼ਰਮਾ ਦੱਦਾਹੂਰ ਸ਼੍ਰੀ ਮੁਕਤਸਰ ਸਾਹਿਬ ਦੀ ਕਾਵਿ ਸੰਗ੍ਰਹਿ ਪੁਸਤਕ ਵਿਰਸੇ ਦੇ ਰਾਗ ਰਿਲੀਜ਼ ਕੀਤੀ ਜਾਵੇਗੀ। ਤਿੰਨ ਨਾਮਵਰ ਲੇਖਕਾਂ ਡਾ. ਦਵਿੰਦਰ ਕੌਰ ਖੁਸ਼ ਧਾਲੀਵਾਲ, ਜਸਪਾਲ ਸਿੰਘ ਦੇਸੂਵੀ ਅਤੇ ਗੀਤਕਾਰ ਮੋਹਨ ਸਿੰਘ ਪ੍ਰੀਤ ਨੂੰ 'ਕਿਰਨ ਬੇਦੀ' ਨਾਂ ਦੇ ਪੁਰਸਕਾਰ ਨਾਲ ਸਨਮਾਨਿਤ ਕੀਤਾ ਜਾਵੇਗਾ। ਇੱਥੇ ਇਹ ਗੱਲ ਵਰਣਨਯੋਗ ਹੈ ਕਿ ਇਹ ਪੁਰਸਕਾਰ ਉੱਘੀ ਸਾਹਿਤਕਾਰ 'ਕਿਰਨ ਬੇਦੀ' ਦੇ ਨਾਂ 'ਤੇ ਸ਼ੁਰੂ ਪਹਿਲੀ ਵਾਰ ਸ਼ੁਰੂ ਕੀਤਾ ਜਾ ਰਿਹਾ ਹੈ ਜਿਨ੍ਹਾਂ ਦੀ ਕਿ ਇਸੇ ਸਾਲ ਮੌਤ ਹੋ ਗਈ ਸੀ। ਸਵ. ਕਿਰਨ ਬੇਦੀ ਜੀ ਦੀ ਯਾਦ ਵਿੱਚ ਇਹ ਪੁਰਸਕਾਰ ਹਰ ਸਾਲ ਵੱਖੋ-ਵੱਖਰੇ ਸਾਹਿਤਕਾਰਾਂ ਨੂੰ ਦਿੱਤੇ ਜਾਣਗੇ। ਇਸ ਸਮਾਗਮ ਦੌਰਾਨ ਰਾਜ ਪੱਧਰੀ ਕਵੀ ਦਰਬਾਰ ਵੀ ਕਰਵਾਇਆ ਜਾਵੇਗਾ। ਜਿਸ ਵਿੱਚ ਪੰਜਾਬ ਭਰ ਦੇ ਨਾਮਵਰ ਕਵੀਆਂ ਦੇ ਨਾਲ-ਨਾਲ ਦੂਜੇ ਰਾਜਾਂ ਦੇ ਕਵੀਆਂ ਸਮੇਤ ਕੁੱਲ 50 ਕਵੀ (ਮਨਪ੍ਰੀਤ ਕੌਰ ਸੰਧੂ ਮੁੰਬਈ, ਚਮਕੌਰ ਸਿੰਘ ਸੰਧੂ ਮੁੰਬਈ, ਬਾਬੂ ਰਾਮ ਦੀਵਾਨਾ, ਜਸਪਾਲ ਸਿੰਘ ਕੰਵਲ, ਗੁਰਦਾਸ ਸਿੰਘ ਦਾਸ ਪਿੰਜੌਰ, , ਤਰਸੇਮ ਸਿੰਘ ਕਾਲੇਵਾਲ, ਦੀਪਕ ਸ਼ਰਮਾ ਚਨਾਰਥਲ, ਪ੍ਰਤਾਪ ਪਾਰਸ ਗੁਰਦਾਸਪੁਰੀ, ਮਨਮੋਹਨ ਸਿੰਘ ਨਾਭਾ, ਡਾ ਦਵਿੰਦਰ ਕੌਰ ਖੁਸ਼ ਧਾਲੀਵਾਲ, ਦੀਪ ਲੁਧਿਆਣਵੀ, ਕਰਮਜੀਤ ਸਿੰਘ ਬੱਗਾ, ਬਲਵਿੰਦਰ ਸਿੰਘ ਢਿੱਲੋਂ, ਇੰਦਰਜੀਤ ਕੌਰ ਵਡਾਲਾ, ਮਨਜੀਤ ਕੌਰ ਗਿੱਲ ਜੰਡਾ, ਗੁਰਬਖਸ਼ ਰਾਵਤ, ਨਿੱਕੀ ਪਾਸੀ, ਚਰਨਜੀਤ ਕੌਤ ਕੌਰ ਬਾਠ, ਰਜਿੰਦਰ ਸਿੰਘ ਧੀਮਾਨ, ਰਜਿੰਦਰ ਰੇਨੂ, ਭੁਪਿੰਦਰ ਸਿੰਘ ਭਾਗੋ ਮਾਜਰਾ, ਕਮਲਜੀਤ ਕੌਰ, ਗੁਰਦੀਪ ਦਾਨੀ, ਗੁਰਭੈ ਸਿੰਘ, ਪਵਨ ਪੰਜਾਬੀ, ਸਮਿੱਤਰ ਸਿੰਘ ਦੋਸਤ, ਜਸਵੀਰ ਸ਼ਰਮਾ ਦੱਦਾਹੂਰ, ਅਮਨ ਢਿੱਲੋਂ ਕਸੇਲ, ਹਰਜੀਤ ਕੌਰ ਵੜੈਚ, ਨੀਲਮ ਨਾਰੰਗ, ਗੁਰਸ਼ਰਨ ਸਿੰਘ ਕਾਕਾ, ਜਗਤਾਰ ਭਾਈ ਰੂਪਾ, ਡਾ. ਦਵਿੰਦਰ ਸਿੰਘ ਬੋਹਾ, ਗੁਰਜੀਤ ਮੋਹਾਲੀ, ਡਾ. ਸੁਨੀਤ ਮਦਾਨ, ਖੁਸ਼ੀ ਰਾਮ ਨਿਮਾਣਾ, ਜਸਵਿੰਦਰ ਕੌਰ ਜੱਸੀ, ਨਰਿੰਦਰ ਕੌਰ ਲੌਂਗੀਆ, ਰਮਨਦੀਪ ਕੌਰ ਰਮਣੀਕ, ਹਰਦੇਵ ਭੁੱਲਰ, ਸੰਧੇ ਸੁਖਬੀਰ, ਬਰਿਜ ਭੂਸ਼ਨ ਸ਼ਰਮਾ, ਜਗਦੇਵ ਸਿੰਘ ਰਡਿਆਲਾ, ਗੁਰਤੇਜ ਖੁਡਾਲ, ਨਿਰਮਲ ਅਧਰੇੜਾ, ਚਰਨਜੀਤ ਸਿੰਘ ਕਲੇਰ, ਮੋਹਨ ਸਿੰਘ ਪ੍ਰੀਤ, ਇਲਾਨਾ ਧੀਮਾਨ, ਜਸਵਿੰਦਰ ਸਿੰਘ ਕਾਈਨੌਰ,ਅਤੇ ਪਿਆਰਾ ਸਿੰਘ ਰਾਹੀ, ਆਦਿ) ਭਾਗ ਲੈ ਰਹੇ ਹਨ।




## ਰਾਜ ਪੱਧਰੀ ਪੈਰਾ ਖੇਡਾਂ ਵਤਨ ਪੰਜਾਬ ਦੀਆਂ ਸ਼ਾਨੋ ਸ਼ੌਕਤ ਨਾਲ ਸੰਪਨ

- ਪੰਜਾਬ ਦੇ ਵੱਖ ਵੱਖ ਜ਼ਿਲ੍ਹਿਆਂ ਤੋਂ 800 ਦੇ ਲਖਭਗ ਪੈਰਾ ਖਿਡਾਰੀਆਂ ਨੇ ਹਿੱਸਾ ਲਿਆ
- ਪੰਜਾਬ ਪੈਰਾ ਸਪੋਰਟਸ ਐਸੋਸੀਏਸ਼ਨ ਵੱਲੋਂ ਇਹਨਾਂ ਖੇਡਾਂ ਨੂੰ ਸਫਤਾਪੂਰਵਕ ਕਰਵਾਉਣ ਵਿੱਚ ਵਿਸ਼ੇਸ਼ ਭੂਮਿਕਾ ਨਿਭਾਈ

ਪੰਜਾਬ ਦਾ ਖੁਲਾਸਾ

**ਜੈਤੋ 25 ਨਵੰਬਰ (ਗੁਰਦੀਪ ਸਿੰਘ ਢਿੱਲੋਂ)**: ਪੰਜਾਬ ਸਰਕਾਰ ਵਲੋਂ ਪੈਰਾ ਖੇਡਾਂ ਵਤਨ ਪੰਜਾਬ ਦੀਆਂ ਲੁਧਿਆਣਾ ਵਿਖੇ ਪੰਜਾਬ ਸਰਕਾਰ ਦੇ ਖੇਡ ਵਿਭਾਗ ਪੰਜਾਬ ਵੱਲੋਂ ਪੰਜਾਬ ਪੈਰਾ ਸਪੋਰਟਸ ਐਸੋਸੀਏਸ਼ਨ ਦੇ ਸਹਿਯੋਗ ਨਾਲ 20 ਨਵੰਬਰ ਤੋਂ 25 ਨਵੰਬਰ ਤੱਕ ਗੁਰੂ ਨਾਨਕ ਦੇਵ ਜੀ ਖੇਡ ਸਟੇਡੀਅਮ ਲੁਧਿਆਣਾ ਵਿਖੇ ਅੱਜ ਸਫ਼ਲਤਾ ਪੂਰਵਕ ਸੰਪੰਨ ਹੋ ਗਈਆਂ ਹਨ, ਅੱਜ 25 ਨਵੰਬਰ ਨੂੰ ਅੰਤਿਮ ਦਿਨ ਕੁੜੀਆਂ ਦੇ ਪੈਰਾ ਅਥਲੈਟਿਕਸ 100 ਮੀਟਰ, 200 ਮੀਟਰ, 400 ਮੀਟਰ, 800,1500 ਮੀਟਰ ਦੌੜਾਂ ਦੇ ਮੁਕਾਬਲੇ, ਸ਼ਾਟਪੁੱਟ, ਲੰਬੀ ਛਾਲ, ਉੱਚੀ ਛਾਲ, ਜੇਵੇਲਿਨ ਥਰੋ ਆਦਿ ਖੇਡਾਂ ਦੇ ਮੁਕਾਬਲੇ ਕਰਵਾਏ ਗਏ। ਪੰਜਾਬ ਪੈਰਾ ਸਪੋਰਟਸ ਐਸੋਸੀਏਸ਼ਨ ਦੇ ਪ੍ਰਧਾਨ ਜਸਪ੍ਰੀਤ ਸਿੰਘ ਧਾਲੀਵਾਲ ਅਤੇ ਮੀਡੀਆ ਇੰਚਾਰਜ ਪ੍ਰਮੋਦ ਧੀਰ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਸਾਲ ਪੰਜਾਬ ਸਰਕਾਰ ਵੱਲੋਂ ਪੰਜਾਬ ਵਿੱਚ ਪਹਿਲੀ ਵਾਰ ਕਰਾਈਆਂ ਗਈਆਂ ਪੈਰਾ ਖੇਡਾਂ ਵਤਨ ਪੰਜਾਬ ਦੀਆਂ ਵਿੱਚ ਪੈਰਾ ਅਥਲੈਟਿਕਸ ਖੇਡਾਂ ਵਿੱਚ ਹਿੱਸਾ ਲੈਣ ਵਾਲੇ ਜੇਤੂ ਖਿਡਾਰੀਆਂ ਨੂੰ ਮੈਡਲ ਪਾਕੇ ਸਨਮਾਨਿਤ ਕੀਤਾ ਗਿਆ।ਅੱਜ ਮੁੱਖ ਮਹਿਮਾਨ ਵਜੋਂ ਵਿਧਾਇਕ ਹਲਕਾ ਜੈਤੋ ਸ੍ਰ ਅਮੋਲਕ ਸਿੰਘ, ਵਿਸ਼ੇਸ਼ ਮਹਿਮਾਨ ਧਰਮਜੀਤ ਸਿੰਘ ਰਾਮੇਆਣਾ ਵਾਈਸ ਚੇਅਰਮੈਨ ਪੰਜਾਬ ਵਾਟਰ ਸਪਲਾਈ ਤੇ ਸੀਵਰੇਜ ਬੋਰਡ, ਲਛਮਣ ਸ਼ਰਮਾ ਭਗਤੂਆਣਾ ਚੈਅਰਮੈਨ ਮਾਰਕੀਟ ਕਮੇਟੀ ਜੈਤੋ, ਕੁਲਦੀਪ ਚੁੱਘ ਜੀ ਡੀ ਐਸ ਓ ਲੁਧਿਆਣਾ, ਸੁਖਦੇਵ ਸਿੰਘ ਪੰਨੂ ਦਰੋਣਾਚਾਰੀਆ ਅਵਾਰਡੀ, ਪ੍ਰੇਮ ਸਿੰਘ ਕੋਚ ਜਿਮਨਾਸਟਿਕ ਲੁਧਿਆਣਾ,ਸੰਜੀਵ ਸ਼ਰਮਾ ਅਥਲੈਟਿਕਸ ਕੋਚ ਲੁਧਿਆਣਾ, ਪਰਵੀਨ ਠਾਕਰ ਜੂਡੋ ਕੋਚ ਲੁਧਿਆਣਾ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ ਅਤੇ ਜੇਤੂ ਖਿਡਾਰੀਆਂ ਨੂੰ ਮੈਡਲ ਪਾਕੇ ਸਨਮਾਨਿਤ ਕੀਤਾ।




ਇਸ ਮੌਕੇ ਪੰਜਾਬ ਪੈਰਾ ਸਪੋਰਟਸ ਐਸੋਸੀਏਸ਼ਨ ਦੇ ਅਹੁਦੇਦਾਰ ਪ੍ਰਧਾਨ ਚਰਨਜੀਤ ਸਿੰਘ ਬਰਾੜ, ਜਨਰਲ ਸਕੱਤਰ ਜਸਪ੍ਰੀਤ ਸਿੰਘ ਧਾਲੀਵਾਲ, ਖਜਾਨਚੀ ਸ਼ਾਮਿੰਦਰ ਸਿੰਘ ਢਿੱਲੋਂ, ਜੁਆਇੰਟ ਸੈਕਟਰੀ ਦਵਿੰਦਰ ਸਿੰਘ ਟਫੀ ਬਰਾੜ, ਡਾਕਟਰ ਰਮਨਦੀਪ ਸਿੰਘ, ਮੀਡੀਆ ਇੰਚਾਰਜ ਪ੍ਰਮੋਦ ਧੀਰ, ਜਗਰੂਪ ਸਿੰਘ ਸੂਬਾ ਬਰਾੜ, ਗੁਰਪ੍ਰੀਤ ਸਿੰਘ ਧਾਲੀਵਾਲ, ਜਸਇੰਦਰ ਸਿੰਘ ਢਿੱਲੋਂ, ਅਮਨਦੀਪ ਸਿੰਘ ਬਰਾੜ, ਡਾਕਟਰ ਲਾਕਸ਼ੀ, ਡਾਕਟਰ ਨਵਜੋਤ ਸਿੰਘ, ਡਾਕਟਰ ਗੁਰਸ਼ਰਨ ਸਿੰਘ, ਸੁਖਜਿੰਦਰ ਸਿੰਘ, ਕੋਚ ਗਗਨਦੀਪ ਸਿੰਘ, ਕੋਚ ਮਨਪ੍ਰੀਤ ਸਿੰਘ, ਰਮਨ ਕੁਮਾਰ, ਸੁਖਪ੍ਰੀਤ ਸਿੰਘ ਢਿੱਲੋਂ,ਸਿਮਰਨ ਕੌਰ ਰੰਧਾਵਾ,ਖੁਸ਼ਦੀਪ ਕੌਰ, ਹਰੀਸ਼ਾ ਅਤੇ ਸ਼ਵਨ ਆਦਿ ਨੇ ਵੀ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਅਤੇ ਪੈਰਾ ਖਿਡਾਰੀਆਂ ਨੂੰ ਪੈਰਾ ਖੇਡਾਂ ਵਤਨ ਪੰਜਾਬ ਦੀਆਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ ਪ੍ਰੇਰਿਤ ਕੀਤਾ, ਮੁਬਾਰਕਾਂ ਦਿੱਤੀਆਂ ਅਤੇ ਪ੍ਰਬੰਧਕਾਂ ਵਜੋਂ ਵਿਸ਼ੇਸ਼ ਸਹਿਯੋਗ ਦਿੱਤਾ। ਅੰਤ ਵਿੱਚ ਪੰਜਾਬ ਪੈਰਾ ਸਪੋਰਟਸ ਐਸੋਸੀਏਸ਼ਨ ਅਤੇ ਖੇਡ ਵਿਭਾਗ ਪੰਜਾਬ ਵਲੋਂ ਮੁੱਖ ਮਹਿਮਾਨਾਂ, ਵਿਸ਼ੇਸ਼ ਮਹਿਮਾਨਾਂ, ਸਾਰੇ ਡਿਊਟੀ ਕਰਨ ਵਾਲੇ ਖੇਡ ਅਫ਼ਸਰਾਂ, ਅਧਿਆਪਕਾਂ,ਵੱਖ ਵੱਖ ਜ਼ਿਲ੍ਹਿਆਂ ਤੋਂ ਆਏ ਕੋਚਾਂ, ਐਸੋਸ਼ੀਏਸ਼ਨ ਦੇ ਪ੍ਰਬੰਧਕਾਂ, ਵਲੰਟੀਅਰ ਵਿਦਿਆਰਥੀਆਂ ਆਦਿ ਨੂੰ ਸਰਟੀਫਿਕੇਟ ਅਤੇ ਮੋਮੈਂਟੋ ਦੇਕੇ ਸਨਮਾਨਿਤ ਕੀਤਾ ਗਿਆ।

ਪੰਜਾਬ ਦਾ ਖੁਲਾਸਾ



## ਪਿੰਡ ਵਾੜਾ ਦਰਾਕਾ ਤੋਂ ਸਰਪੰਚ ਅੰਗਰੇਜ਼ ਸਿੰਘ ਸਾਥੀਆਂ ਸਮੇਤ ਆਪ ਚ ਸ਼ਾਮਿਲ

ਪੰਜਾਬ ਦਾ ਖੁਲਾਸਾ

**ਫਰੀਦਕੋਟ, 25 ਨਵੰਬਰ (ਗੁਰਦੀਪ ਸਿੰਘ ਢਿੱਲੋਂ)** ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਾਂਹਵਧੂ ਸੋਚ ਅਤੇ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇ ਹਲਕੇ ਵਿੱਚ ਕੀਤੇ ਵਿਕਾਸ ਦੇ ਕੰਮਾਂ ਤੋਂ ਖੁਸ ਹੋਰ ਕੇ ਪਿੰਡ ਵਾੜਾ ਦਰਾਕਾਂ ਤੋਂ ਸਰਪੰਚ ਅੰਗਰੇਜ



ਸਿੰਘ ਸਾਥੀਆਂ ਸਮੇਤ ਆਮ ਆਮਦੀ ਪਾਰਟੀ ਵਿੱਚ ਸ਼ਾਮਿਲ ਹੋਏ। ਜਿੰਨਾਂ ਦਾ ਪੀ.ਆਰ.ਓ ਮਨਪ੍ਰੀਤ ਸਿੰਘ ਧਾਲੀਵਾਲ, ਚੇਅਰਮੈਨ ਗੁਰਮੀਤ ਸਿੰਘ ਆਰੇ ਵਾਲੇ ਅਤੇ ਬਲਾਕ ਪ੍ਰਧਾਨ ਮਾਸਟਰ ਕੁਲਦੀਪ ਸਿੰਘ ਮੌੜ ਸਰਪੰਚ ਨੇ ਸਵਾਗਤ ਕੀਤਾ। ਸਰਪੰਚ ਅੰਗਰੇਜ਼ ਸਿੰਘ ਤੋਂ ਇਲਾਵਾ ਸੁਖਪ੍ਰੀਤ ਸਿੰਘ ਪੰਚ, ਮਨਿੰਦਰ ਸਿੰਘ, ਬਲਜੀਤ ਸਿੰਘ ਮੈਂਬਰ ਪੰਚਾਇਤ, ਜਸਵਿੰਦਰ ਸਿੰਘ, ਸੁਖਚੈਨ ਸਿੰਘ, ਬਲਤੇਜ਼ ਸਿੰਘ, ਮੇਜਰ ਸਿੰਘ, ਰਾਜਵਿੰਦਰ ਸਿੰਘ, ਗੁਰਪਿੰਦਰ ਕੌਰ ਅਤੇ ਗੁਰਭੇਜ ਸਿੰਘ ਵੀ ਪਾਰਟੀ ਵਿੱਚ ਸ਼ਾਮਿਲ ਹੋਏ।

ਇਸ ਮੌਕੇ ਪੰਚਾਇਤ ਨੂੰ ਸਨਮਾਨਿਤ ਕਰਦੇ ਹੋਏ ਪੀ.ਆਰ.ਓ ਮਨਪ੍ਰੀਤ ਸਿੰਘ ਧਾਲੀਵਾਲ, ਚੇਅਰਮੈਨ ਗੁਰਮੀਤ ਸਿੰਘ ਆਰੇ ਵਾਲੇ ਅਤੇ ਬਲਾਕ ਪ੍ਰਧਾਨ ਮਾਸਟਰ ਕੁਲਦੀਪ ਸਿੰਘ ਮੌੜ ਸਰਪੰਚ ਨੇ ਕਿਹਾ ਕਿ ਇਹ ਬਹੁਤ ਖੁਸ਼ੀ ਦੀ ਗੱਲ ਹੈ ਕਿ ਆਮ ਆਦਮੀ ਪਾਰਟੀ ਜਮੀਨੀ ਪੱਧਰ ਤੇ ਲੋਕਾਂ ਦੇ ਵਿੱਚ ਵਿਚਰ ਰਹੀ ਹੈ ਤਾਂ ਹੀ ਲੋਕ ਆਮ ਆਦਮੀ ਪਾਰਟੀ ਤੋਂ ਖੁਸ਼ ਹੋ ਕੇ ਬਿਨ੍ਹਾਂ ਕਿਸੇ ਦਬਾਓ ਦੇ ਪਾਰਟੀ ਵਿੱਚ ਸ਼ਾਮਿਲ ਹੋ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਸਰਕਾਰ ਹਰ ਇਕ ਵਰਗ ਦੇ ਨਾਲ ਖੜੀ ਹੈ। ਉਨ੍ਹਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਤੋਂ ਹਰ ਵਰਗ ਖੁਸ਼ ਹੈ ਅਤੇ ਪਾਰਟੀ ਦੇ ਨਾਲ ਜੁੜਨਾ ਚਾਹੁੰਦਾ ਹੈਂ। ਇਸ ਮੌਕੇ ਵਿੱਕੀ ਸਹੋਤਾ, ਮਨਪ੍ਰੀਤ ਸਿੰਘ ਨੰਬਰਦਾਰ, ਬੂਟਾ ਸਿੰਘ, ਹਰਪ੍ਰੀਤ ਸਿੰਘ, ਅਰਸ਼ਦੀਪ ਸਿੰਘ, ਜਸਪ੍ਰੀਤ ਕੌਰ ਜੱਸੀ ਕਲਿਆਣ ਮਹਿਲਾ ਆਗੂ, ਸੁਖਪਾਲ ਸਿੰਘ, ਗੁਰਤੇਜ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਅਤੇ ਅਹੁਦੇਦਾਰ ਹਾਜ਼ਰ ਸਨ।

## ਕੈਮਿਸਟ ਐਸੋਸੀਏਸ਼ਨ ਜਗਰਾਉਂ ਵੱਲੋਂ ਲੋੜਵੰਦ ਬਜ਼ੁਰਗਾਂ ਦੀ ਸਹਾਇਤਾ ਇੱਕ ਸ਼ਲਾਘਾਯੋਗ ਕਦਮ..ਐਸ ਐਚ ਓ ਅਮ੍ਰਿਤਪਾਲ.

ਪੰਜਾਬ ਦਾ ਖੁਲਾਸਾ

**ਜਗਰਾਉਂ, 25 ਨਵੰਬਰ (ਜਸਵਿੰਦਰ ਸਿੰਘ ਡਾਂਗੀਆ).** ਗੁਰੂ ਨਾਨਕ ਸਹਾਰਾ ਸੋਸਾਇਟੀ ਜਗਰਾਉਂ ਦੇ ਚੇਅਰਮੈਨ ਗੁਰਮੇਲ ਸਿੰਘ ਢਿੱਲੋਂ( ਯੂ ਕੇ.)ਅਤੇ ਪ੍ਰਧਾਨ ਕੈਪਟਨ ਨਰੇਸ਼ ਵਰਮਾ ਵੱਲੋਂ ਕੈਮਿਸਟ ਐਸੋਸੀਏਸ਼ਨ ਜਗਰਾਉਂ ਦੇ ਪ੍ਰਧਾਨ ਡਾਕਟਰ ਪੰਕਜ ਅੱਗਰਵਾਲ, ਸੈਕਟਰੀ ਕੇਵਲ ਕ੍ਰਿਸ਼ਨ ਮਲਹੋਤਰਾ ਅਤੇ ਸਮੂਹ ਕੈਮਿਸਟ ਮੇਂਬਰਾ ਦੇ ਸਹਿਯੋਗ ਨਾਲ 197 ਵਾ ਸਵਰਗੀ ਸੰਸਾਰ ਚੰਦ ਵਰਮਾ ਮੈਮੋਰੀਅਲ ਮਹੀਨਾਵਾਰ ਪੈਨਸ਼ਨ ਅਤੇ ਰਾਸ਼ਨ ਵੰਡ ਸਮਾਗਮ ਸਥਾਨਕ ਡੀ ਏ ਵੀ ਕਾਲੇਜ ਜਗਰਾਉਂ ਵਿਖ਼ੇ ਕਰਵਾਇਆ ਗਿਆ.ਇਹ ਸਮਾਗਮ ਪ੍ਰੈਸ ਕਲੱਬ ਜਗਰਾਉਂ ਦੇ ਸਾਬਕਾ ਚੇਅਰਮੈਨ ਪੱਤਰਕਾਰ ਓ ਪੀ ਭੰਡਾਰੀ ਦੀ ਨਿੱਘੀ ਯਾਦ ਨੂੰ ਸਮਰਪਿਤ ਸੀ.ਪ੍ਰਧਾਨ ਪੰਕਜ ਅੱਗਾਰਵਲ ਦੀ ਯੋਗ ਅਗਵਾਈ ਹੇਠ ਇਸ ਸਮਾਗਮ ਦੇ ਮੁੱਖ ਮਹਿਮਾਨ ਐਸ ਐਚ ਓ ਜਗਰਾਉਂ ਅਮ੍ਰਿਤਪਾਲ ਸਿੰਘ ਸਨ ਅਤੇ ਵਿਸ਼ੇਸ਼ ਮਹਿਮਾਨ ਦੇ ਤੌਰ ਤੇ ਅਨਿਲ ਮਲਹੋਤਰਾ ( ਆਸਟ੍ਰੇਲੀਆ ) ਸ਼ਾਮਿਲ ਹੋਏ. ਇਸ ਮੌਕੇ ਕੈਮਿਸਟ ਐਸੋਸੀਏਸ਼ਨ ਵੱਲੋਂ 32 ਜ਼ਰੂਰਤਮੰਦ ਬਜ਼ੁਰਗਾਂ ਨੂੰ ਪੈਨਸ਼ਨ, ਰਾਸ਼ਨ ਅਤੇ ਕੰਬਲ ਮੁੱਖ ਮਹਿਮਾਨ ਅੰਮ੍ਰਿਤ



ਪਾਲ ਸਿੰਘ, ਵਿਸ਼ੇਸ ਮਹਿਮਾਨ ਅਨਿਲ ਮਲਹੋਤਰਾ ਅਤੇ ਸਮੂਹ ਮੇਂਬਰਾ ਨੇ ਵੰਡੇ.ਇਸ ਮੌਕੇ ਪ੍ਰਧਾਨ ਡਾਕਟਰ ਪੰਕਜ ਅੱਗਰਵਾਲ ਨੇ ਕੈਪਟਨ ਨਰੇਸ਼ ਵਰਮਾ ਦੇ 197 ਵੇਂ ਮਹੀਨਿਆਂ ਤੋ ਚੱਲ ਰਹੇ ਇਸ ਨੇਕ ਉਪਰਾਲੇ ਦੀ ਸ਼ਲਾਂਘਾ ਕਰਦੇ ਹੋਏ ਕਿਹਾ ਕਿ ਕੈਮਿਸਟ ਐਸੋਸੀਏਸ਼ਨ ਜਗਰਾਉਂ ਅੱਗੇ ਤੋਂ ਭੀ ਇਹਨਾਂ ਬਜ਼ੁਰਗਾਂ ਦੀ ਸਹਾਇਤਾ ਕਰਦੀ ਰਹੇਗੀ. ਉਹਨਾਂ ਕਿਹਾ 200ਵੇਂ ਸਮਾਗਮ ਤੇ ਉਹ ਹੁਣ ਤੱਕ ਪੈਨਸ਼ਨ ਅਤੇ ਰਾਸ਼ਨ ਦੇਣ ਵਾਲਿਆਂ ਨੂੰ ਅਪਣੇ ਵੱਲੋਂ ਸਨਮਾਨਿਤ ਕਰਣਗੇ. ਇਸ ਮੌਕੇ ਕੈਮਿਸਟ ਐਸੋਸੀਏਸ਼ਨ ਦੇ ਸਮੂਹ ਮੇਂਬਰਾ ਨੇ ਅਪਣੇ ਹੱਥੀ ਸਭ ਬਜ਼ੁਰਗਾਂ ਨੂੰ ਛੋਲੇ ਭਟੂਰੇ ਅਤੇ ਚਾਹ ਮਿਠਾਈ ਦਾ ਨਾਸ਼ਤਾ ਕਰਵਾਇਆ.ਆਸਟ੍ਰੇਲੀਆ ਤੋ ਆਏ ਅਨਿਲ ਮਲਹੋਤਰਾ ਨੇ ਅਪਣੀ ਸਵਰਗੀ ਧਰਮਪਤਨੀ ਸ਼੍ਰੀਮਤੀ ਰੀਨਾ ਮਲਹੋਤਰਾ ਦੀ ਯਾਦ ਵਿੱਚ ਸਭ ਬਜ਼ੁਰਗਾਂ ਦੀ ਮਾਲੀ ਸਹਾਇਤਾ ਕੀਤੀ. ਇਸ ਮੌਕੇ ਮੰਚ ਸੰਚਾਲਣ ਹਮੇਸ਼ਾਂ ਦੀ ਤਰ੍ਹਾਂ ਕੈਪਟਨ ਨਰੇਸ਼ ਵਰਮਾ ਨੇ ਬਾਖੂਬੀ ਕੀਤਾ. ਇਸ ਮੌਕੇ ਹਿਰਨਾਂ ਤੋ ਇਲਾਵਾ ਐਸ ਐਚ ਓ ਅਮ੍ਰਿਤਪਾਲ ਸਿੰਘ, ਪ੍ਰਧਾਨ ਡਾਕਟਰ ਪੰਕਜ ਅਗਰਵਾਲ, ਸੈਕਟਰੀ ਕੇਵਲ ਕ੍ਰਿਸ਼ਨ ਮਲਹੋਤਰਾ, ਖਜਾਨਚੀ ਸੁਨੀਲ ਸਿੰਗਲਾ, ਵਾਈਸ ਪ੍ਰਧਾਨ ਨਵਦੀਪ ਗੁਪਤਾ, ਰਾਹੁਲ ਗੁਪਤਾ ਪਰਮਜੀਤ ਸਿੰਘ ਤਨੇਜਾ,ਕੈਪਟਨ ਨਾਰਿਹ ਵਰਮਾ,ਸ਼ਸ਼ੀ ਭੂਸ਼ਣ ਜੈਨ, ਡਾਕਟਰ ਰਾਕੇਸ਼ ਭਾਰਦਵਾਜ, ਜਤਿੰਦਰ ਬਾਂਸਲ, ਰਵਿੰਦਰ ਵਰਮਾ, ਡਾਕਟਰ ਬੀ ਬੀ ਸਿਗਲਾ, ਕੰਚਨ ਗੁਪਤਾ,ਮੋਹਿਤ ਜੈਨ,ਸੱਤ ਪਾਲ ਸਿੰਘ ਦੇਹੜਕਾ,ਅਨਿਲ ਮਲਹੋਤਰਾ ਅਤੇ ਹੋਰ ਪਤਵੰਤੇ ਹਾਜ਼ਿਰ ਸਨ. ਸੱਚਮੁੱਚ ਇਹ ਸਮਾਗਮ ਇੱਕ ਯਾਦਗਾਰ ਸਮਾਗਮ ਹੋ ਨਿਬੜਿਆ.

## ਰਾਜ ਪੱਧਰੀ ਕੁਇਜ਼ ਮੁਕਾਬਲੇ ਵਿੱਚ ਬਾਬਾ ਫਰੀਦ ਸਕੂਲ ਦੀ ਰਵਨੀਤ ਕੌਰ ਨੇ ਮਾਰੀਆਂ ਮੱਲਾਂ

ਪੰਜਾਬ ਦਾ ਖੁਲਾਸਾ

**ਫਰੀਦਕੋਟ, 25 ਨਵੰਬਰ (ਗੁਰਦੀਪ ਸਿੰਘ ਢਿੱਲੋਂ)** :- ਬੀਤੇ ਦਿਨੀ ਭਾਸ਼ਾ ਵਿਭਾਗ ਵੱਲੋਂ ਰਾਜ ਪੱਧਰੀ ਕੁਇਜ਼ ਮੁਕਾਬਲੇ ਗੁਰੂ ਨਾਨਕ ਦੇਵ ਔਡੀਟੋਰੀਅਮ ਆਈ.ਕੇ. ਗੁਜਰਾਲ ਯੂਨੀਵਰਸਿਟੀ ਕਪੂਰਥਲਾ ਵਿਖੇ ਕਰਵਾਏ ਗਏ, ਜਿਸ ਵਿੱਚ 22 ਜਿਲਿਆਂ ਦੇ



ਵਿਦਿਆਰਥੀਆਂ ਨੇ ਇਸ ਕੁਇਜ਼ ਮੁਕਾਬਲੇ ਵਿੱਚ ਭਾਗ ਲਿਆ। ਇਸ ਵਿੱਚ ਰਵਨੀਤ ਕੌਰ ਨੇ ਇਸ ਰਾਜ ਪੱਧਰੀ ਮੁਕਾਬਲੇ ਵਿੱਚ ਦੂਜਾ ਸਥਾਨ ਹਾਸਿਲ ਕੀਤਾ। ਇਸ ਵਿਦਿਆਰਥਣ ਬਾਰੇ ਜਾਣਕਾਰੀ ਦਿੰਦਿਆਂ ਅਦਾਰੇ ਦੇ ਅਧਿਕਾਰੀਆਂ ਨੇ ਕਿਹਾ ਕਿ ਇਸ ਵਿਦਿਆਰਥਨ ਨੂੰ 1500 ਦੀ ਨਕਦ ਰਾਸ਼ੀ, ਮੈਡਲ, ਗਿਫ਼ਟ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ ਇਸ ਤੋਂ ਇਲਾਵਾ ਉਹਨਾਂ ਨੇ ਇਹ ਵੀ ਜਾਣਕਾਰੀ ਦਿੱਤੀ ਕਿ ਇਹਨਾਂ ਵਿਦਿਆਰਥੀਆਂ ਵਿੱਚ ਸਿਰਫ ਉਹੀ ਵਿਦਿਆਰਥੀ ਸਨ ਜੋ ਆਪਣੇ ਜਿਲੇ ਵਿੱਚੋਂ ਪਹਿਲਾ- ਪਹਿਲਾ ਸਥਾਨ ਹਾਸਿਲ ਕਰਕੇ ਗਏ ਸਨ। ਉਹਨਾਂ ਨੇ ਇਸ ਵਿਦਿਆਰਥਣ ਨੂੰ ਇਸ ਕਾਮਯਾਬੀ ਲਈ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਭਵਿੱਖ ਵਿੱਚ ਵੀ ਅਜਿਹੀ ਕਾਰਗੁਜ਼ਾਰੀ ਪੇਸ਼ ਕਰਨ ਲਈ ਆਸ਼ੀਰਵਾਦ ਦਿੱਤਾ ਤੇ ਨਾਲ ਹੀ ਉਹਨਾਂ ਨੇ ਵਿਦਿਆਰਥਣ ਦੇ ਮਾਪਿਆਂ ਅਤੇ ਤਿਆਰੀ ਕਰਵਾਉਣ ਵਾਲੇ ਅਧਿਆਪਕਾਂ ਨੂੰ ਵੀ ਵਧਾਈ ਦਿੱਤੀ। ਅਦਾਰੇ ਦੇ ਚੇਅਰਮੈਨ ਸਿਮਰਜੀਤ ਸਿੰਘ ਸੇਖੋਂ ਜੀ ਨੇ ਵੀ ਇਸ ਹੋਣਹਾਰ ਵਿਦਿਆਰਥਣ ਨੂੰ ਅਸ਼ੀਰਵਾਦ ਦਿੰਦੇ ਹੋਏ ਕਿਹਾ ਕਿ ਅਜਿਹੇ ਹੋਣਹਾਰ ਬੱਚੇ ਜਿੱਥੇ ਅਦਾਰੇ ਦਾ ਨਾਮ ਰੌਸ਼ਨ ਕਰਦੇ ਹਨ ਉੱਥੇ ਆਪਣੇ ਮਾਪਿਆਂ ਅਤੇ ਅਧਿਆਪਕ ਦਾ ਨਾਮ ਵੀ ਚਮਕਾਉਂਦੇ ਹਨ। ਉਹਨਾਂ ਕਿਹਾ ਕਿ ਬਾਬਾ ਫਰੀਦ ਜੀ ਦੀ ਅਪਾਰ ਬਖਸ਼ਿਸ਼ ਸਦਕਾ ਇਸ ਸੰਸਥਾ ਦੇ ਬੱਚੇ ਹਮੇਸ਼ਾ ਹਰ ਸਥਾਨ 'ਤੇ ਮੋਹਰੀ ਰਹੇ ਹਨ ਅਤੇ ਹਮੇਸ਼ਾ ਮੋਹਰੀ ਹੀ ਰਹਿਣਗੇ। ਉਹਨਾਂ ਕਿਹਾ ਕਿ ਸਬਰ ਸਿਦਕ ਅਤੇ ਸਿਰੜ ਦਾ ਪੱਲਾ ਫੜ ਕੇ ਚੱਲਣ ਵਾਲੇ ਵਿਦਿਆਰਥੀ ਹਮੇਸ਼ਾ ਆਪਣੀਆਂ ਮਨ ਚਾਹੀਆਂ ਮੰਜ਼ਿਲਾਂ ਨੂੰ ਪ੍ਰਾਪਤ ਕਰਦੇ ਹਨ।

## ਆਪ ਨੇ ਜ਼ਿਮਨੀ ਚੋਣਾਂ 'ਚ ਤਿੰਨ ਸੀਟਾਂ 'ਤੇ ਜਿੱਤ ਦਰਜ ਕਰ ਕੇ ਰਚਿਆ ਇਤਿਹਾਸ : ਗੁਰਲਾਲ ਘਨੌਰ

ਪੰਜਾਬ ਦਾ ਖੁਲਾਸਾ

**ਘਨੌਰ, 25 ਨਵੰਬਰ (ਅਭਿਸ਼ੇਕ ਸੂਦ):** ਪੰਜਾਬ ਦੀਆਂ 4 ਵਿਧਾਨ ਸਭਾ ਦੀਆਂ ਜਿਮਨੀ ਚੋਣਾਂ ਵਿਚ ਆਮ ਆਦਮੀ ਪਾਰਟੀ ਵਲੋਂ 3 ਸੀਟਾਂ ਉਤੇ ਸ਼ਾਨਦਾਰ ਜਿਤ ਹਾਸਲ ਕਰਕੇ ਇਤਿਹਾਸ ਰਚਿਆ ਹੈ ਅਤੇ ਲੋਕਾਂ ਨੇ ਸਪਸ਼ਟ ਕਰ ਦਿਤਾ ਕਿ ਉਹ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਸੰਤੁਸ਼ਟ ਹਨ ਅਤੇ ਉਨ੍ਹਾਂ ਨਾਲ ਖੜ੍ਹੇ ਹਨ। ਇਹ ਸਬਦਾਂ ਦਾ ਪ੍ਰਗਟਾਵਾ ਕਰਦਿਆਂ ਹਲਕਾ ਘਨੌਰ ਵਿਧਾਇਕ ਗੁਰਲਾਲ ਸਿੰਘ ਨੇ ਪਾਰਟੀ ਦਫ਼ਤਰ ਵਿਚ ਆਪਣੇ ਸਾਥੀਆਂ ਤੇ ਪਾਰਟੀ ਵਰਕਰਾਂ ਵਲੋਂ ਲੱਡੂ ਵੰਡਣ ਮੌਕੇ ਕਹੀ। ਇਸ ਮੌਕੇ ਵਿਸੇਸ਼ ਤੌਰ ਤੇ ਬਲਾਕ ਪ੍ਰਧਾਨ ਮੱਖਣ ਖਾਨ,ਘਨੌਰ ਤੋਂ ਸੀਨੀਅਰ ਆਪ ਆਗੂ ਸੁਰਿੰਦਰ ਤੁਲੀ, ਆਪ ਆਗੂ ਗੁਰਨਾਮ ਸਿੰਘ ਚੰਬਲ, ਪ੍ਰਦੀਪ ਸਿੰਘ ਗੁਰਾਇਆ, ਆਸਿਫ਼ ਖਾਨ ਅੰਸਾਰੀ ਨੇ ਹਲਕਾ ਵਿਧਾਇਕ ਦਾ ਮੂੰਹ ਮਿੱਠਾ ਕਰਵਾਇਆ।



ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਕਹਿਣੀ ਅਤੇ ਕਰਨੀ ਦੀ ਪੱਕੀ ਹੈ ਇਸੇ ਲੜੀ ਦੇ ਤਹਿਤ ਮੁੱਖ ਮੰਤਰੀ ਭਗਵੰਤ ਮਾਨ ਤੇ ਘਨੌਰ ਹਲਕਾ ਵਿਧਾਇਕ ਗੁਰਲਾਲ ਸਿੰਘ ਦੀ ਅਗਵਾਈ ਵਾਲੀ ਸਰਕਾਰ ਵਲੋਂ ਜਨਤਾ ਦੇ ਨਾਲ ਕੀਤੇ ਵਾਅਦੇ ਇੱਕ-ਇੱਕ ਕਰਕੇ ਪੂਰੇ ਕੀਤੇ ਜਾ ਰਹੇ ਹਨ, ਜਿਸ ਨੂੰ ਦੇਖਦਿਆ ਲੋਕਾਂ ਵਲੋਂ ਪਾਰਟੀ ਨੂੰ ਫ਼ਤਵਾ ਦਿਤਾ ਜਾ ਰਿਹਾ ਹੈ। ਵਿਰੋਧੀ ਪਾਰਟੀਆਂ ਦੀ ਅਲੋਚਨਾ ਕਰਦਿਆ ਉਨਾਂ ਕਿਹਾ ਕਿ ਇਨ੍ਹਾਂ ਪਾਸ ਲੋਕਾਂ ਵਿਚ ਜਾਣ ਲਈ ਕੋਈ ਮੁੱਦਾ ਨਹੀਂ ਜਿਸ ਕਾਰਣ ਹੀ ਝੂਠ ਦਾ ਸਹਾਰਾ ਲੈ ਕੇ ਗਲਤ ਪ੍ਰਚਾਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਜਿੱਤ ਦੇ ਨਾਲ ਆਮ ਆਦਮੀ ਪਾਰਟੀ ਨੂੰ ਹੋਰ ਬਲ ਮਿਲੇਗਾ ਅਤੇ ਸਰਕਾਰ ਜਨਤਾ ਦੀ ਸੇਵਾ ਵਿਚ ਹੋਰ ਸਕੀਮਾਂ ਲਿਆਵੇਗੀ।

## ਸਿਹਤ ਵਿਭਾਗ ਨੇ ਚਲਾਈ ਆਉਟ-ਰੀਚ ਇਲਾਕਿਆਂ ਲਈ ਸਪੈਸ਼ਲ ਟੀਕਾਕਰਣ ਮੁਹਿੰਮ

ਪੰਜਾਬ ਦਾ ਖੁਲਾਸਾ

**ਅੰਮ੍ਰਿਤਸਰ, 25 ਨਵੰਬਰ (ਦਿਨੇਸ਼ ਸੋਨੀ)** ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਸਿਹਤ ਵਿਭਾਗ ਵਲੋਂ ਸਿਵਲ ਸਰਜਨ ਡਾ ਕਿਰਨਦੀਪ ਕੌਰ ਜੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ, ਜਿਲਾ ਟੀਕਾਕਰਣ ਅਫਸਰ ਡਾ ਭਾਰਤੀ ਧਵਨ ਦੀ ਅਗਵਾਹੀ ਹੇਠਾਂ ਸਪੈਸ਼ਲ ਇਮੁਨਾਈਜੇਸ਼ਨ ਵੀਕ



ਸੰਬਧੀ ਜਿਲਾ ? ਭਰ ਦੇ ਆਓਟ ਰੀਚ ਇਲਾਕਿਆਂ ਵਿਚ ਇਕ ਸਪੈਸ਼ਲ ਟੀਕਾਕਰਣ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਅਵਸਰ ਤੇ ਜਿਲਾ ? ਟੀਕਾਕਰਣ ਅਫਸਰ ਡਾ ਭਾਰਤੀ ਨੇ ਕਿਹਾ ਕਿ ਵਿਸ਼ਵ ਟੀਕਾਕਰਣ ਹਫਤਾ ਪੂਰੇ ਵਿਸ਼ਵ ਭਰ ਵਿਚ ਮਿਤੀ 25 ਨਵੰਬਰ ਤੋਂ ਲੈਕੇ ਮਿਤੀ 30 ਨਵੰਬਰ ਤੱਕ ਮਨਾਇਆ ਜਾ ਰਿਹਾ ਹੈ। ਇਸ ਮੁਹਿੰਮ ਦੌਰਾਣ ਇਹ ਯਕੀਨੀ ਬਣਾਇਆ ਜਾਵੇਗਾ ਕਿ ਕੋਈ ਬੱਚਾ ਜਾਂ ਗਰਭਵਤੀ ਮਾਂ ਵੈਕਸੀਨੇਸ਼ਨ ਤੋਂ ਵਾਂਝਾ ਨਾਂ ਰਹੇ। ਇਸ ਹਫਤੇ ਦੌਰਾਨ ਜਿਲੇ ? ਭਰ ਦੇ ਸਿਹਤ ਕੇਂਦਰਾਂ ਵਿੱਚ ਸਾਰੇ ਮੈਡੀਕਲ ਅਤੇ ਪੈਰਾ ਮੈਡੀਕਲ ਸਟਾਫ ਵਲੋਂ ਆਮ ਜਨਤਾ ਨੂੰ ਟੀਕਾਕਰਣ ਮੱਹਤਤਾ ਬਾਰੇ ਜਾਗਰੂਕ ਕੀਤਾ ਜਾਵੇਗਾ ਅਤੇ ਆਉਟਰੀਚ ਇਲਾਕੇ ਜਿਵੇਂ ਝੁੱਗੀਆਂ, ਬਸਤੀਆਂ, ਭੱਠੇ, ਗੁੱਜਰਾਂ ਦੇ ਡੇਰੇ, ਮਾਈਗਰੇਟਰੀ ਤੇ ਸੱਲਮ ਏਰੀਏ ਵਿਚ ਟੀਕਾਕਰਣ ਕੈਂਪ ਲਗਾ ਕੇ ਬੱਚਿਆਂ ਅਤੇ ਗਰਭਵਤੀ ਮਾਵਾਂ ਦੀ ਵੈਕਸੀਨੇਸ਼ਨ ਪੂਰੀ ਕੀਤੀ ਜਵੇਗੀ। ਇਸ ਉਪਰੰਤ ਇਸਦਾ ਪੂਰਾ ਰਿਕਾਰਡ ਯੂ ਵਿਨ ਐਪ ਤੇ ਅੱਪ ਲੋਡ ਕੀਤਾ ਜਾਵੇਗਾ, ਜਿਸ ਨਾਲ ਹਰੇਕ ਬੱਚੇ ਅਤੇ ਗਰਭਵਤੀ ਮਾਂ ਦਾ ਟੀਕਾਕਰਣ ਰਿਕਾਰਡ ਕਿਸੇ ਵੀ ਜਗਾ ? ਤੇ ਇੰਟਰਨੈਟ ਦੀ ਮਦਦ ਨਾਲ ਹਾਸਿਲ ਕੀਤਾ ਜਾ ਸਕੇਗਾ, ਜਿਸ ਨਾਲ ਟੀਕਾਕਰਣ ਵਿਚ ਹੋਰ ਵੀ ਆਸਾਨੀ ਹੋ ਸਕੇਗੀ। ਇਸ ਮੌਕੇ ਡਾ ਵਨੀਤ ਕੌਰ, ਜਿਲਾ ? ਐਮ.ਈ.ਆਈ.ਓ. ਅਮਰਦੀਪ ਸਿੰਘ ਅਤੇ ਸਮੂਹ ਸਟਾਫ ਹਾਜਰ ਸੀ।

### ਯੂਨੀਅਨ ਦੀ ਮਾਨਤਾ ਪ੍ਰਾਪਤ ਲਈ ਚੋਣਾਂ

## ਮੀਣਾ ਸਮਾਜ ਨੇ ਮੈਨਜ਼ ਯੂਨੀਅਨ ਨੂੰ ਸਮਰਥਨ ਦੇਣ ਦਾ ਕੀਤਾ ਐਲਾਨ



ਪੰਜਾਬ ਦਾ ਖੁਲਾਸਾ

**ਕਪੂਰਥਲਾ , 25 ਨਵੰਬਰ (ਕੌੜਾ )-** ਬਾਅਦ ਦੁਪਹਿਰ ਮੀਨਾ ਸਮਾਜ ਦੀ ਇੱਕ ਮੀਟਿੰਗ ਸ਼ਹੀਦ ਭਗਤ ਸਿੰਘ ਇੰਸਟੀਚਿਊਟ (ਸੁਪਰਵਾਈਜ਼ਰ ਕਲੱਬ) ਵਿੱਚ ਹੋਈ। ਜਿਸ ਦੀ ਅਗਵਾਈ ਸ਼੍ਰੀ ਭਰਤ ਲਾਲ ਮੀਨਾ ਅਤੇ ਬੰਨੇ ਸਿੰਘ ਮੀਨਾ ਅਤੇ ਉਨ੍ਹਾਂ ਦੇ ਸਾਥੀਆਂ ਨੇ ਕੀਤੀ। ਜਿਸ ਵਿੱਚ ਮੀਨਾ ਸਮਾਜ ਦੇ ਸੈਂਕੜੇ ਲੋਕਾਂ ਨੇ ਸ਼ਮੂਲੀਅਤ ਕਰਕੇ ਯੂਨੀਅਨ ਦੀਆਂ ਮਾਨਤਾ ਪ੍ਰਾਪਤ ਚੋਣਾਂ ਨੂੰ ਲੈਣ ਕੇ ਵਿਚਾਰ ਚਰਚਾ ਕੀਤੀ ਗਈ। ਜਿਸ ਵਿੱਚ ਸਭ ਨੇ ਸਰਬਸੰਮਤੀ ਨਾਲ ਆਰ.ਸੀ.ਐਫ ਵਿੱਚ ਹੋਣ ਵਾਲੀਆਂ ਚੋਣਾਂ ਵਿੱਚ ਮੌਜੂਦਾ ਹਾਲਾਤਾਂ ਵਿੱਚ ਮੈਨਜ਼ ਯੂਨੀਅਨ ਨੂੰ ਸਮਰਥਨ ਦੇਣ ਦਾ ਫੈਸਲਾ ਕੀਤਾ। ਇਸ ਮੀਟਿੰਗ ਵਿੱਚ ਆਊਟਸੋਰਸਿੰਗ ਬਾਰੇ ਵੀ ਵਿਚਾਰ ਵਟਾਂਦਰਾ ਕੀਤਾ ਗਿਆ।ਇਸ ਮੀਟਿੰਗ ਵਿੱਚ ਮੈਨਜ਼ ਯੂਨੀਅਨ ਦੇ ਪ੍ਰਧਾਨ ਸ਼੍ਰੀ ਸੁਰਜੀਤ ਸਿੰਘ ਅਤੇ ਜਨਰਲ ਸਕੱਤਰ ਸ਼੍ਰੀ ਤਾਲਿਬ ਮੁਹੰਮਦ ਅਤੇ ਯੂਨੀਅਨ ਦੇ ਅਹੁਦੇਦਾਰਾਂ ਅਤੇ ਇੰਜਨੀਅਰ ਐਸੋਸੀਏਸ਼ਨ ਤੋਂ ਇੰਜਨੀਅਰ ਸ਼੍ਰੀ ਦਲਜੀਤ ਸਿੰਘ ਬਾਜਵਾ (ਸੁਪਰਵਾਈਜ਼ਰ ਕਲੱਬ ਸਕੱਤਰ) ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਇਸ ਮੌਕੇ ਮੁਨੀ ਰਾਮ ਮੀਣਾ, ਰਜਿੰਦਰ ਮੀਣਾ, ਰਿਸ਼ੀਕੇਸ਼ ਮੀਣਾ, ਵਿਜੇ ਮੀਣਾ, ਵਿਜੇਂਦਰ ਮੀਣਾ, ਮੇਘ ਰਾਮ ਮੀਣਾ, ਕਾਲੂ ਰਾਮ ਮੀਣਾ, ਸ਼ੇਰ ਸਿੰਘ ਮੀਣਾ, ਦਿਨੇਸ਼ ਮੀਣਾ, ਵਿਨੋਦ ਮੀਣਾ, ਬਨਵਾਰੀ ਲਾਲ ਮੀਣਾ, ਰੋਹਿਤ ਮੀਣਾ, ਰਾਜੇਸ਼ ਮੀਣਾ ਆਦਿ ਇਸ ਮੌਕੇ ਮੈਨਜ ਯੂਨੀਅਨ ਦੀ ਵੱਲੋਂ ਗੁਰਪ੍ਰੀਤ ਗੋਪੀ, ਮੁਖਤਿਆਰ ਸਿੰਘ, ਸੁੱਖ ਬਾਜਵਾ, ਰਵਿੰਦਰ ਸਿੰਘ, ਨਰੇਸ਼ ਕੁਮਾਰ, ਬਲਬੀਰ ਆਦਿ ਹਾਜ਼ਰ ਸਨ ? ਸਿੰਘ ਪੰਜੇਟਾ, ਜਸਵੰਤ ਸਿੰਘ, ਰਜਨੀਸ਼, ਗੋਲਡੀ, ਕੇਵਲ ਸਿੰਘ, ਰਾਜੇਸ਼ ਕੁਮਾਰ ,ਰਜਿੰਦਰ ਕੁਮਾਰ, ਮਨਪ੍ਰੀਤ ਸਿੰਘ ਬੱਬੂ, ਰਾਮ ਕੁਮਾਰ, ਬਲਬੀਰ ਸਿੰਘ ਮਲਿਕ, ਇੰਦਰਜੀਤ ਸਿੰਘ, ਸੰਨੀ, ਸੰਦੀਪ ਬੰਗੜ, ਗਿਰੀਰਾਜ ਸਿੰਘ ,ਸਤਨਾਮ ਸਿੰਘ, ਨਵਨੀਤ ਸੈਣੀ, ਜਸਕਰਨ ਸਿੰਘ, ਭਾਰਤ ਭੂਸ਼ਨ ਆਦਿ ਹਾਜ਼ਰ ਸਨ।

## ਮੋਟਰਸਾਇਕਲ ਟਰੱਕ ਦੀ ਟੱਕਰ ਵਿਚ ਇਕ ਜਖਮੀ ਇਕ ਦੀ ਮੌਤ

ਪੰਜਾਬ ਦਾ ਖੁਲਾਸਾ

**ਕਪੂਰਥਲਾ, 25 ਨਵੰਬਰ (ਕੌੜਾ)-** ਸਵੇਰੇ ਪਿੰਡ ਭੌਰ ਦੇ ਨੇੜੇ ਟਰੱਕ ਅਤੇ ਮੋਟਰਸਾਈਕਲ ਦੀ ਟੱਕਰ ਹੋਣ ਕਾਰਨ ਇਕ ਦੀ ਮੌਤ ਹੋ ਗਈ ਅਤੇ ਦੂਜਾ ਜ਼ਖ਼ਮੀ ਹੋ ਗਿਆ। ਸਬ ਇੰਸਪੈਕਟਰ ਸਰਬਜੀਤ ਸਿੰਘ ਚੌਕੀ ਇੰਚਾਰਜ ਡੱਲਾ ਨੇ ਦੱਸਿਆ ਕਿ ਸਵੇਰੇ 6.40 ਵਜੇ ਦੇ ਕਰੀਬ ਦੀਵੇਸ਼ ਕੁਮਾਰ ਮਾਈਨਿੰਗ ਅਫ਼ਸਰ ਪੁੱਤਰ ਸੁਰੇਸ਼ ਕੁਮਾਰ ਵਾਸੀ ਕਵਾਟਰ ਨੰਬਰ 774/ਡੀ ਟਾਈਪ-1 ਆਰ ਸੀ ਐੱਫ ਅਤੇ ਮੋਨੂੰ ਕੁਮਾਰ ਮੀਨਾ ਮਾਈਨਿੰਗ ਅਫ਼ਸਰ ਪੁੱਤਰ ਰਾਮ ਰਤਨ ਮੀਨਾ ਵਾਸੀ ਆਰ ਸੀ ਐੱਫ ਦੋਵੇਂ ਅਪਣੇ ਮੋਟਰਸਾਈਕਲ ਨੰਬਰ ਪੀ ਬੀ 08ਈ ਐਨ 0380 ਤੇ ਆ ਰਹੇ ਸੀ ਅਤੇ ਟਰੱਕ ਨੰਬਰ ਆਰ ਜੇ 19 ਜੀ ਸੀ 4196 ਦੇ ਪਿੱਛੇ ਆਂ ਕੇ ਵੱਜਣ ਨਾਲ ਦੀਵੇਸ਼ ਕੁਮਾਰ ਦੀ ਮੌਤ ਹੋ ਗਈ ਅਤੇ ਮੋਨੂੰ ਕੁਮਾਰ ਮੀਣਾ ਜ਼ਖ਼ਮੀ ਹੋ ਗਿਆ। ਜਿਸਨੂੰ ਰਾਹਗੀਰਾਂ ਨੇ ਮੁੱਢਲੀ ਸਹਾਇਤਾ ਲਈ ਹਸਪਤਾਲ ਭੇਜ ਦਿੱਤਾ। ਜਿਕਰਯੋਗ ਹੈ ਕਿ ਟਰੱਕ ਡਰਾਈਵਰ ਮੌਕੇ ਤੇ ਫਰਾਰ ਹੋ ਗਿਆ। ਪੁਲਸ ਮਾਮਲੇ ਦੀ ਜਾਂਚ ਕਰ ਰਹੀ ਹੈ ਅਤੇ ਉਹਨਾਂ ਕਿਹਾ ਕਿ ਜਾਂਚ ਤੋ ਬਾਅਦ ਬਣਦੀ ਕਾਰਵਾਈ ਕੀਤੀ ਜਾਵੇਗੀ।

## ਪਿੰਡ ਲੱਖਪੁਰ 'ਚ ਬ੍ਰਹਮ ਗਿਆਨੀ ਭਗਤ ਜਵਾਲਾ ਦਾਸ ਡਿਵੈਲਪਮੈਂਟ ਕਮੇਟੀ ਦਾ ਹੋਇਆ ਗਠਨ

ਪੰਜਾਬ ਦਾ ਖੁਲਾਸਾ

**ਫਗਵਾੜਾ 25 ਨਵੰਬਰ ( ਪ੍ਰੀਤ ਕੌਰ ਪ੍ਰੀਤੀ )** ਪਿੰਡ ਲੱਖਪੁਰ ਵਿਖੇ ਐਨ.ਆਰ.ਆਈ. ਵੀਰਾਂ, ਨੌਜਵਾਨਾਂ ਅਤੇ ਪਿੰਡ ਦੇ ਪਤਵੰਤਿਆਂ ਦੀ ਇਕ ਵਿਸ਼ੇਸ਼ ਮੀਟਿੰਗ ਸਰਪੰਚ ਗੁਰਮੀਤ ਸਿੰਘ ਗੋਗੀ ਦੀ ਅਗਵਾਈ ਹੇਠ ਹੋਈ। ਜਿਸ ਵਿਚ ਆਪਸੀ ਵਿਚਾਰ ਵਟਾਂਦਰਾ ਕਰਨ ਉਪਰੰਤ ਸਰਬ ਸੰਮਤੀ ਨਾਲ ਪਿੰਡ ਦੇ ਵਿਕਾਸ ਨੂੰ ਮੁੱਖ ਰੱਖਦੇ ਹੋਏ ਬ੍ਰਹਮ ਗਿਆਨੀ ਭਗਤ ਜਵਾਲਾ ਦਾਸ ਡਿਵੈਲਪਮੈਂਟ ਕਮੇਟੀ ਦਾ ਗਠਨ ਕੀਤਾ ਗਿਆ। ਵਧੇਰੇ ਜਾਣਕਾਰੀ ਦਿੰਦਿਆਂ



ਸਰਪੰਚ ਗੁਰਮੀਤ ਸਿੰਘ ਗੋਗੀ ਅਤੇ ਰਿਟਾ. ਪ੍ਰਿੰਸੀਪਲ ਜਸਵਿੰਦਰ ਸਿੰਘ ਬੰਗੜ ਨੇ ਦੱਸਿਆ ਕਿ ਐਨ.ਆਰ.ਆਈ. ਵੀਰਾਂ ਅਤੇ ਦਾਨੀ ਸੱਜਣਾ ਦੇ ਸਹਿਯੋਗ ਨਾਲ ਪਿੰਡ ਦਾ ਸਮੁੱਚਾ ਵਿਕਾਸ ਕਰਵਾਇਆ ਜਾਵੇਗਾ। ਇਸੇ ਟੀਚੇ ਨੂੰ ਮੁੱਖ ਰੱਖਦੇ ਹੋਏ ਡਿਵੈਲਪਮੈਂਟ ਕਮੇਟੀ ਦਾ ਗਠਨ ਕੀਤਾ ਗਿਆ ਹੈ। ਜੋ ਕਿ ਪ੍ਰਵਾਸੀ ਭਾਰਤੀਆਂ ਅਤੇ ਦਾਨੀ ਸੱਜਣਾਂ ਤੋਂ ਪ੍ਰਾਪਤ ਹੋਣ ਵਾਲੇ ਆਰਥਕ ਸਹਾਇਤਾ ਦਾ ਲੇਖਾ-ਜੋਖਾ ਰੱਖੇਗੀ ਅਤੇ ਪਿੰਡ ਦੇ ਲੋੜੀਂਦੇ ਵਿਕਾਸ ਕਾਰਜ ਕਰਵਾਏ ਜਾਣਗੇ। ਉਹਨਾਂ ਦੱਸਿਆ ਕਿ ਕਮੇਟੀ ਦੇ ਅਹੁਦੇਦਾਰਾਂ ਦਾ ਐਲਾਨ ਅਗਲੀ ਮੀਟਿੰਗ ਵਿਚ ਕਰ ਦਿੱਤਾ ਜਾਵੇਗਾ। ਇਸ ਮੌਕੇ ਪ੍ਰਵਾਸੀ ਭਾਰਤੀ ਅੱਛਰਜੀਤ ਸਿੰਘ, ਜਤਿੰਦਰ ਸਿੰਘ, ਸਤਿੰਦਰ ਸਿੰਘ, ਰਵਿੰਦਰ ਸਿੰਘ, ਹਰਪ੍ਰੀਤ ਸਿੰਘ, ਜਗਜੀਤ ਸਿੰਘ, ਸੁੱਖ ਮਹਿਮੀ, ਦਲਜੀਤ ਸਿੰਘ, ਪਲਵਿੰਦਰ ਸਿੰਘ, ਸ਼ਰਨਜੀਤ ਸਿੰਘ, ਤਰਲੋਚਨ ਸਿੰਘ, ਪ੍ਰੀਤ, ਸਨੀ, ਸੁਮਿਤ ਸਿੰਘ ਆਦਿ ਹਾਜਰ ਸਨ।

## ਪ੍ਰਵਾਸੀ ਭਾਰਤੀਆਂ ਦੇ ਸਹਿਯੋਗ ਨਾਲ ਪਿੰਡ ਸਾਹਨੀ 'ਚ ਲਗਾਇਆ ਅੱਖਾਂ ਦਾ ਤੀਸਰਾ ਫਰੀ ਕੈਂਪ

ਪੰਜਾਬ ਦਾ ਖੁਲਾਸਾ

**ਫਗਵਾੜਾ, 25 ਨਵੰਬਰ (ਪ੍ਰੀਤ ਕੌਰ ਪ੍ਰੀਤੀ)** ਬਲਾਕ ਫਗਵਾੜਾ ਦੇ ਪਿੰਡ ਸਾਹਨੀ ਵਿਖੇ ਪ੍ਰਵਾਸੀ ਭਾਰਤੀਆਂ ਦੇ ਸਹਿਯੋਗ ਨਾਲ ਪਹਿਲੀ ਪਾਤਸ਼ਾਹੀ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ 555ਵੇਂ ਗੁਰਪੁਰਬ ਨੂੰ ਸਮਰਪਿਤ ਤੀਸਰਾ ਅੱਖਾਂ ਦਾ ਫਰੀ ਚੈਕਅਪ ਅਤੇ ਆਪ੍ਰੇਸ਼ਨ ਕੈਂਪ ਹਰ ਸਾਲ ਦੀ ਤਰ੍ਹਾਂ ਪ੍ਰਵਾਸੀ ਭਾਰਤੀਆਂ ਮੇਜਰ ਸਿੰਘ ਕਾਹਲੋਂ, ਮਨਜੀਤ ਕੌਰ ਅਤੇ ਰੋਹਿਨੀ ਦੇ ਸਹਿਯੋਗ ਨਾਲ ਲਗਾਇਆ ਗਿਆ। ਅਰਦਾਸ ਉਪਰੰਤ ਪ੍ਰਬੰਧਕਾਂ ਵਲੋਂ ਕੈਂਪ ਦਾ ਉਦਘਾਟਨ ਕੀਤਾ ਗਿਆ। ਇਸ ਦੌਰਾਨ ਅੱਖਾਂ ਦੇ ਮਾਹਿਰ ਡਾ. ਵਰੁਣ ਸ਼ਰਮਾ ਦੀ ਅਗਵਾਈ ਹੇਠ ਸੁੱਪਰ ਆਈ ਕੇਅਰ ਹਸਪਤਾਲ ਫਗਵਾੜਾ ਦੀ ਟੀਮ ਨੇ 400 ਮਰੀਜਾਂ ਦੀਆਂ ਅੱਖਾਂ ਦੀ ਜਾਂਚ ਕੀਤੀ। 160 ਲੋੜਵੰਦਾ ਨੂੰ ਐਨਕਾਂ ਫਰੀ ਦਿੱਤੀਆਂ ਗਈਆਂ ਜਦਕਿ ਆਪ੍ਰੇਸ਼ਨ ਲਈ ਚੁਣੇ ਗਏ 73 ਮਰੀਜਾਂ ਦੀਆਂ ਅੱਖਾਂ ਵਿਚ ਲੈਂਜ ਪਾਏ ਗਏ। ਇਸ ਤੋਂ ਇਲਾਵਾ ਮਰੀਜਾਂ ਨੂੰ ਲੋੜ ਅਨੁਸਾਰ ਫਰੀ ਦਵਾਈ ਵੀ ਦਿੱਤੀ ਗਈ। ਡਾ. ਵਰੁਣ ਸ਼ਰਮਾ ਨੇ ਮਰੀਜਾਂ ਨੂੰ ਅੱਖਾਂ ਦੀ ਦੇਖਭਾਲ ਅਤੇ ਵਰਤੋਂ ਵਿਚ ਲਿਆਂਦੀ ਜਾਣ ਵਾਲੀ ਸਾਵਧਾਨੀ ਬਾਰੇ ਦੱਸਿਆ। ਕੈਂਪ ਦੇ ਪ੍ਰਬੰਧਕਾਂ ਸੇਵਾਦਾਰ ਰਣਜੀਤ ਸਿੰਘ ਰਾਣਾ ਨੇ ਕੈਂਪ ਨੂੰ



ਸਫਲ ਬਨਾਉਣ ਵਿਚ ਪ੍ਰਵਾਸੀ ਭਾਰਤੀਆਂ ਅਤੇ ਦਾਨੀ ਸੱਜਣਾਂ ਵਲੋਂ ਮਿਲੇ ਸਹਿਯੋਗ ਲਈ ਤਹਿ ਦਿਲੋਂ ਧੰਨਵਾਦ ਕੀਤਾ। ਉਹਨਾਂ ਕਿਹਾ ਕਿ ਇਸ ਕੈਂਪ ਦਾ ਮਕਸਦ ਆਰਥਕ ਪੱਖੋਂ ਕਮਜੋਰ ਪਰਿਵਾਰਾਂ ਨਾਲ ਸਬੰਧਤ ਨੇਤਰ ਰੋਗੀਆਂ ਨੂੰ ਫਰੀ ਇਲਾਜ ਦੀ ਸੁਵਿਧਾ ਦੇਣਾ ਸੀ ਅਤੇ ਖੁਸ਼ੀ ਦੀ ਗੱਲ ਹੈ ਕਿ 400 ਲੋੜਵੰਦਾਂ ਨੇ ਇਕ ਕੈਂਪ ਦਾ ਲਾਭ ਉਠਾਇਆ ਹੈ। ਉਹਨਾਂ ਭਰੋਸਾ ਦਿੱਤਾ ਕਿ ਅਗਲੇ ਸਾਲ ਇਸ ਤੋਂ ਵੀ ਜਿਆਦਾ ਵੱਡੀ ਪੱਧਰ ਤੇ ਕੈਂਪ ਲਗਾਇਆ ਜਾਵੇਗਾ। ਇਸ ਮੌਕੇ ਟਹਿਲ ਸਿੰਘ ਹਰਬੰਸਪੁਰ, ਬੀਬੀ ਕਸ਼ਮੀਰ ਕੌਰ, ਡਾ. ਸੁਖਵਿੰਦਰ ਕੌਰ, ਕੁਲਵੀਰ ਸਿੰਘ ਰਾਮਪੁਰ ਖਲਿਆਣ, ਬੀਬੀ ਕੁਲਵਿੰਦਰ ਕੌਰ, ਸਤਨਾਮ ਸਿੰਘ ਕਾਹਲੋਂ ਪੰਚ, ਕੁਲਵਿੰਦਰ ਕੌਰ, ਸੁਰਜੀਤ ਕੌਰ, ਰਜਨੀ, ਦੀਪਾ ਸਾਹਨੀ, ਜੀਤੋ, ਬਿੰਦਰ ਕੌਰ, ਰਾਜਵਿੰਦਰ ਕੌਰ, ਮੇਜਰ ਸਿੰਘ, ਜਰਨੈਲ ਸਿੰਘ, ਸਚਿੱਤਰ ਸਿੰਘ, ਦਵਿੰਦਰ ਪਾਲ, ਰਾਮ ਸ਼ਰਨ, ਰਾਜਨ ਤੋਂ ਇਲਾਵਾ ਬਲਜਿੰਦਰ, ਆਰਤੀ, ਮਾਲਾ ਆਦਿ ਹਾਜਰ ਸਨ।

## ਪਿੰਡ ਭਾਖੜੀਆਣਾ ਦੀ ਨਵੀਂ ਬਣੀ ਪੰਚਾਇਤ ਨੇ ਕਰਵਾਇਆ ਸ਼ੁਕਰਾਨਾ ਸਮਾਗਮ

ਪੰਜਾਬ ਦਾ ਖੁਲਾਸਾ

**ਫਗਵਾੜਾ, 25 ਨਵੰਬਰ (ਪ੍ਰੀਤ ਕੌਰ ਪ੍ਰੀਤੀ)** ਬਲਾਕ ਫਗਵਾੜਾ ਦੇ ਪਿੰਡ ਭਾਖੜੀਆਣਾ ਦੀ ਨਵੀਂ ਬਣੀ ਗ੍ਰਾਮ ਪੰਚਾਇਤ ਵਲੋਂ ਵਾਹਿਗੁਰੂ ਦੇ ਸ਼ੁਕਰਾਨੇ ਵਜੋਂ ਪਿੰਡ ਦੇ ਗੁਰਦੁਆਰਾ ਸ਼੍ਰੀ ਗੁਰੂ ਰਵਿਦਾਸ ਜੀ ਵਿਖੇ ਸ਼੍ਰੀ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ ਗਿਆ। ਉਪਰੰਤ ਹੈੱਡ ਗ੍ਰੰਥੀ ਭਾਈ ਕਸ਼ਮੀਰ ਸਿੰਘ ਨੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਜਿਸ ਤੋਂ ਬਾਅਦ ਰਾਗੀ ਭਾਈ ਸਿਮਰਜੀਤ ਸਿੰਘ ਅਤੇ ਭਾਈ ਗੁਰਪ੍ਰੀਤ ਸਿੰਘ ਜਲੰਧਰ ਵਾਲਿਆਂ ਨੇ ਕਥਾ ਕੀਰਤਨ



ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਗੁਰਦੁਆਰਾ ਸਾਹਿਬ ਦੀ ਕਮੇਟੀ ਦੇ ਪ੍ਰਧਾਨ ਪਲਵਿੰਦਰ ਸਿੰਘ ਨੇ ਸਰਪੰਚ ਬੀਬੀ ਮੀਨਾ ਕੁਮਾਰੀ ਪਤਨੀ ਸੰਤੋਖ ਸਿੰਘ ਨੂੰ ਸਿਰੋਪਾ ਪਾ ਕੇ ਸਨਮਾਨਤ ਕਰਨ ਉਪਰੰਤ ਸਮੁੱਚੀ ਪੰਚਾਇਤ ਨੂੰ ਸ਼ੁੱਭ ਇੱਛਾਵਾਂ ਦਿੱਤੀਆਂ ਅਤੇ ਭਰੋਸਾ ਜਤਾਇਆ ਕਿ ਪਿੰਡ ਦੇ ਵਿਕਾਸ ਨੂੰ ਪੂਰੀ ਤਨਦੇਹੀ ਨਾਲ ਕਰਵਾਇਆ ਜਾਵੇਗਾ। ਸਰਪੰਚ ਮੀਨਾ ਕੁਮਾਰੀ ਨੇ ਸਮੁੱਚੀ ਪੰਚਾਇਤ ਵਲੋਂ ਪਿੰਡ ਵਾਸੀਆਂ ਨੂੰ ਵਿਸ਼ਵਾਸ ਦੁਆਇਆ ਕਿ ਜੋ ਭਰੋਸਾ ਉਹਨਾਂ ਉਪਰ ਜਤਾਇਆ ਗਿਆ ਹੈ, ਉਸ ਨੂੰ ਕਾਇਮ ਰੱਖਦੇ ਹੋਏ ਪਾਰਟੀਬਾਜੀ ਤੋਂ ਉੱਪਰ ਉੱਠ ਕੇ ਪਿੰਡ ਦਾ ਸਮੁੱਚਾ ਵਿਕਾਸ ਕਰਵਾਇਆ ਜਾਵੇਗਾ। ਉਹਨਾਂ ਨੇ ਪਿੰਡ ਵਾਸੀਆਂ ਨਾਲ ਚੋਣਾਂ ਤੋਂ ਪਹਿਲਾਂ ਕੀਤੇ ਸਾਰੇ ਵਾਅਦੇ ਪੂਰੇ ਕਰਨ ਦਾ ਭਰੋਸਾ ਵੀ ਦਿੱਤਾ ਅਤੇ ਕਿਹਾ ਕਿ ਅਧੂਰੇ ਪਏ ਵਿਕਾਸ ਕਾਰਜ ਪਿੰਡ ਵਾਸੀਆਂ ਨਾਲ ਵਿਚਾਰ ਵਟਾਂਦਰਾ ਕਰਕੇ ਪਹਿਲ ਦੇ ਅਧਾਰ ਤੇ ਪੂਰੀ ਪਾਰਦਰਸ਼ਿਤਾ ਦੇ ਨਾਲ ਕਰਵਾਏ ਜਾਣਗੇ। ਇਸ ਮੌਕੇ ਤਰਲੋਚਨ ਸਿੰਘ ਨੰਬਰਦਾਰ ਭਾਖੜੀਆਣਾ, ਭੁਪਿੰਦਰ ਸਿੰਘ ਨੰਬਰਦਾਰ, ਪੰਚਾਇਤ ਮੈਂਬਰ ਮਲਕੀਤ ਚੰਦ, ਹਰਜੀਤ ਕੌਰ, ਕੁਲਵਿੰਦਰ ਕੌਰ, ਮਨਜੀਤ ਸਿੰਘ, ਬਲਵਿੰਦਰ ਕੌਰ ਤੋਂ ਇਲਾਵਾ ਸੰਤੋਖ ਸਿੰਘ, ਜਤਿੰਦਰ ਸਿੰਘ, ਸਤਨਾਮ ਸਿੰਘ ਬਲਾਕ ਸੰਮਤੀ ਮੈਂਬਰ, ਅਮਰਜੀਤ ਸਿੰਘ, ਹਰਵਿੰਦਰ ਸਿੰਘ, ਪਰਮਜੀਤ ਸਿੰਘ ਅਤੇ ਵੱਡੀ ਗਿਣਤੀ ਵਿਚ ਪਿੰਡ ਵਾਸੀ ਹਾਜਰ ਸਨ।

## ਅਸ਼ਵਨੀ ਕੁਮਾਰ ਨੇ ਸੰਭਾਲਿਆ ਨਾਇਬ ਤਹਿਸੀਲਦਾਰ ਮਮਦੋਟ ਦਾ ਚਾਰਜ

ਪੰਜਾਬ ਦਾ ਖੁਲਾਸਾ

**ਮਮਦੋਟ, 25 ਨਵੰਬਰ (ਸ਼ਰਮਾਂ)** ਪੰਜਾਬ ਸਰਕਾਰ ਵੱਲੋ ਪਿਛਲੇ ਦਿਨੀ ਕੀਤੀਆਂ ਗਈਆਂ ਬਦਲੀਆਂ ਕਾਰਨ ਸਬ ਤਹਿਸੀਲ ਮਮਦੋਟ ਦੀ ਨਾਇਬ ਤਹਿਸੀਲਦਾਰ ਦੀ ਖਾਈ ਸੀਟ ਤੇ ਅਸ਼ਵਨੀ ਕੁਮਾਰ ਨੇ ਬਤੌਰ ਨਾਇਬ ਤਹਿਸੀਲਦਾਰ ਅੱਜ ਆਪਣਾ ਚਾਰਜ ਸੰਭਾਲ ਲਿਆ ਹੈ।



ਇਸ ਮੌਕੇ ਤੇ ਉਨ ਾਂ ਦੱਸਿਆਂ ਕਿ ਉਹ ਪਠਾਨਕੋਟ ਵਿਖੇ ਸਦਰ ਕਾਨੂੰਗੋ ਦੀ ਪੋਸਟ ਤੇ ਤਾਇਨਾਤ ਸੀ ਅਤੇ ਪੰਜਾਬ ਸਰਕਾਰ ਨੇ ਪਦ ਉਨਤ ਕਰਕੇ ਉਨ ਾਂ ਨੂੰ ਮਮਦੋਟ ਸਬ ਤਹਿਸੀਲ ਵਿਖੇ ਨਾਇਬ ਤਹਿਸੀਲਦਾਰ ਤਾਇਨਾਤ ਕੀਤਾ ਹੈ । ਇੱਥੇ ਇਹ ਵੀ ਦੱਸਣਾ ਬਨਦਾ ਹੈ ਕਿ ਮਮਦੋਟ ਵਿਖੇ ਉਨ ਾਂ ਦੀ ਬਤੌਰ ਨਾਇਬ ਤਹਿਸੀਲਦਾਰ ਇਹ ਪਹਿਲੀ ਪੋਸਟਿੰਗ ਹੈ । ਇਸ ਮੌਕੇ ਤੇ ਉਨ ਾਂ ਕਿਹਾ ਕਿ ਸਬ ਤਹਿਸੀਲ ਮਮਦੋਟ ਵਿਖੇ ਕੰਮ ਕਰਵਾਉਣ ਲਈ ਆਏ ਕਿਸੇ ਵੀ ਵਿਅਕਤੀ ਨੂੰ ਕੋਈ ਮੁਸ਼ਕਲ ਪੇਸ਼ ਨਹੀ ਆਉਣ ਦਿੱਤੀ ਜਾਵੇਗੀ ।

ਉਹਨਾਂ ਕਿਹਾ ਕਿ ਜੇਕਰ ਕੋਈ ਮੁਸ਼ਕਲ ਪੇਸ਼ ਆਉਦੀ ਹੈ ਤਾਂ ਉਹ ਕੰਮ ਵਾਲੇ ਦਿਨ ਕੋਈ ਵੀ ਵਿਅਕਤੀ ਉਹਨਾਂ ਨੂੰ ਸਿੱਧਾ ਆ ਕੇ ਮਿਲ ਸਕਦਾ ਹੈ ਤਾਂ ਜੋ ਉਹਨਾਂ ਦਾ ਬਿਨਾ ਸਮਾ ਗੁਵਾਏ ਕੰਮ ਹੋ ਸਕੇ ।

ਇੱਥੇ ਵਰਨਣਯੋਗ ਹੈ ਕਿ ਇਸ ਤੋ ਪਹਿਲਾਂ ਸਬ ਤਹਿਸੀਲ ਮਮਦੋਟ ਵਿਖੇ ਗੁਰੂਹਰਸਹਾਏ ਦੇ ਜੈਅਮਨਦੀਪ ਗੋਇਲ ਨੂੰ ਮਮਦੋਟ ਸਬ ਤਹਿਸੀਲ ਦਾ ਨਾਇਬ ਤਹਿਸੀਲਦਾਰ ਦਾ ਵਾਧੂ ਚਾਰਜ ਦਿੱਤਾ ਗਿਆ ਸੀ । ਇਸ ਮੌਕੇ ਤੇ ਹੋਰਨਾਂ ਤੋ ਇਲਾਵਾ ਗੁਰਭੇਜ ਸਿੰਘ ਆਰ.ਸੀ. , ਮੋਨੂੰ ਮਹਿਤਾ , ਸੋਨੂੰ ਗੀਡਰ , ਜੰਗੀਰ ਗਰੋਵਰ ਐਡਵੋਕੇਟ ਤੇ ਇਲਾਵਾ ਸਮੂਹ ਅਸ਼ਟਾਮ ਫਰੋਸ਼ ਅਤੇ ਟਾਇਪਿਸਟ ਹਾਜਰ ਸਨ ।

## ਸ਼੍ਰੀ ਮਹਾਵੀਰ ਜੈਨ ਮਾਡਲ ਸੀ.ਐਸ. ਸਕੂਲ ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ

ਪੰਜਾਬ ਦਾ ਖੁਲਾਸਾ

**ਫਗਵਾੜਾ, 25 ਨਵੰਬਰ ( ਪ੍ਰੀਤ ਕੌਰ ਪ੍ਰੀਤੀ)** ਸਿੱਖ ਧਰਮ ਦੇ ਮੋਢੀ, ਮਹਾਨ ਸਮਾਜ ਸੁਧਾਰਕ, ਇਲਾਹੀ ਸਰੂਪ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ 555ਵੇਂ ਪ੍ਰਕਾਸ਼ ਉਤਸਵ ਨੂੰ ਸਮਰਪਿਤ ਇਕ ਵਿਸ਼ਾਲ ਸਮਾਗਮ ਸ਼੍ਰੀ ਮਹਾਵੀਰ ਜੈਨ ਮਾਡਲ ਸੀਨੀਅਰ ਸੈਕੰਡਰੀ ਸਕੂਲ, ਹੁਸ਼ਿਆਰਪੁਰ ਰੋਡ, ਫਗਵਾੜਾ ਦੇ ਵਿਹੜੇ ਵਿਚ ਕਰਵਾਇਆ ਗਿਆ। . ਇਸ ਦੌਰਾਨ ਸਕੂਲ ਦੇ ਚਾਰ ਹਾਊਸਾਂ ਵਿੱਚ ਵੰਡੇ ਵਿਦਿਆਰਥੀਆਂ ਨੇ ਸ਼ਬਦ ਗਾਇਨ ਕਰਕੇ ਹਾਜ਼ਰ ਸੰਗਤਾਂ ਨੂੰ ਕੀਰਤਨ ਸਰਵਣ ਕਰਵਾਇਆ। ਸਟੇਜ ਸੰਚਾਲਕ ਸੰਦੀਪ ਸਿੰਘ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸਮੁੱਚੇ ਜੀਵਨ ਫਲਸਫੇ, ਮਹਾਨ ਸਿਧਾਂਤਾਂ ਅਤੇ ਸਿੱਖਿਆਵਾਂ 'ਤੇ ਚਾਨਣਾ ਪਾਇਆ ? ਉਨ੍ਹਾਂ ਗੁਰੂ ਜੀ ਦੀਆਂ ਸਿੱਖਿਆਵਾਂ ਅਤੇ ਉਪਦੇਸ਼ਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਆ। ਸਕੂਲ ਦੇ ਪ੍ਰਿੰਸੀਪਲ ਜਗਪਾਲ ਸਿੰਘ ਨੇ ਸਾਰਿਆਂ ਨੂੰ



ਗੁਰਪੁਰਬ ਦੀ ਵਧਾਈ ਦਿੰਦਿਆਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ - ਨਾਮ ਜਪੋ, ਕਿਰਤ ਕਰੋ, ਵੰਡ ਛਕੋ - ਖੁਸ਼ਹਾਲ ਜੀਵਨ ਜਿਊਣ ਦਾ ਮੂਲ ਮੰਤਰ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਪਦਾਰਥਵਾਦੀ ਯੁੱਗ ਵਿੱਚ ਜਦੋਂ ਨੈਤਿਕ ਕਦਰਾਂ-ਕੀਮਤਾਂ ਪੂਰੀ ਤਰ੍ਹਾਂ ਨਿਘਾਰ ਵੱਲ ਜਾ ਰਹੀਆਂ ਹਨ ਤਾਂ ਮਹਾਨ ਆਗੂ ਅਤੇ ਦੂਰਅੰਦੇਸ਼ੀ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਹੋਰ ਵੀ ਮਹੱਤਵਪੂਰਨ ਅਤੇ ਪ੍ਰਮਾਣਿਕ ਹੋ ਜਾਂਦੀਆਂ ਹਨ। ਉਨ੍ਹਾਂ ਇਸ ਵਿਸ਼ਾਲ ਸਮਾਗਮ ਦੇ ਆਯੋਜਨ ਲਈ ਸਕੂਲ ਪ੍ਰਬੰਧਕ ਕਮੇਟੀ ਦੇ ਮੁਖੀ ਅਜੈ ਜੈਨ, ਸਕੱਤਰ ਅਤੁਲ ਜੈਨ ਅਤੇ ਖਜ਼ਾਨਚੀ ਅਜੀਤ ਜੈਨ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਧੰਨਵਾਦ ਕੀਤਾ। ਸਮਾਗਮ ਦੇ ਅੰਤ ਵਿੱਚ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਜਿਸ ਨੂੰ ਸਕੂਲ ਸਟਾਫ਼, ਮੈਨੇਜਮੈਂਟ ਕਮੇਟੀ ਅਤੇ ਵਿਦਿਆਰਥੀਆਂ ਨੇ ਇਕੱਠੇ ਬੈਠ ਕੇ ਪ੍ਰਵਾਨ ਕੀਤਾ।

## ਮੈਡੀਕਲ ਚੈਕਅਪ ਅਤੇ ਜਾਗਰੂਕਤਾ ਕੈਪ ਲਗਾਇਆ

ਪੰਜਾਬ ਦਾ ਖੁਲਾਸਾ

**ਬਾਜਾਖਾਨਾ, 25 ਨਵੰਬਰ (ਅਵਤਾਰ ਸਿੰਘ ਮੱਲਾ)** ਪਿੰਡ ਪੰਜਗਰਾਈਂ ਕਲਾਂ ਵਿਖੇ ਮੈਡੀਕਲ ਚੈਕਅਪ ਅਤੇ ਜਾਗਰੂਕਤਾ ਕੈਂਪ ਲਗਾਇਆ ਸਿਵਲ ਸਰਜਨ ਫਰੀਦਕੋਟ ਡਾ ਚੰਦਰ ਸ਼ੇਖਰ ਤੇ ਸੀਨੀਅਰ ਮੈਡੀਕਲ ਅਫਸਰ ਸੀ ਐਚ ਦੀ ਬਾਜਾਖਾਨਾ ਡਾ ਹਰਿੰਦਰ ਗਾਂਧੀ ਤੇ ਡਾ ਅਵਤਾਰਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਟੀ ਬੀ ਤੇ ਛਾਤੀ ਰੋਗਾਂ ਦੇ ਮਾਹਿਰ ਡਾਕਟਰ ਵਿਸ਼ਾਲ



ਮਹਰੋਲੀਆਂ ਦੀ ਅਗਵਾਈ ਵਿਚ ਪਿੰਡ ਪੰਜਗਰਾਈਂ ਕਲਾਂ ਵਿਖੇ ਸਾਹ ਦੀ ਬੀਮਾਰੀਆਂ ਸੰਬੰਧੀ ਮੈਡੀਕਲ ਚੈਕਅਪ ਤੇ ਜਾਗਰੂਕਤਾ ਕੈਂਪ ਲਗਾਇਆ ਗਿਆ । ਡਾ ਵਿਸ਼ਾਲ ਮਹਰੋਲੀਆਂ ਵਲੋਂ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਵਰਤਮਾਨ ਸਮੇਂ ਲੋਕਾਂ ਨੂੰ ਸਾਹ ਦੀ ਕਾਫੀ ਬਿਮਾਰੀਆਂ ਲੱਗ ਰਹੀਆਂ ਹਨ। ਇਸ ਲਈ ਜਰੂਰੀ ਹੈ ਕਿ ਇਹਨਾਂ ਦੀ ਜਲਦ ਤੋਂ ਜਲਦ ਜਾਂਚ ਕਰਵਾਕੇ ਇਲਾਜ ਕਰਵਾਇਆ ਜਾਵੇ। ਉਹਨਾਂ ਦੱਸਿਆ ਕਿ ਇਸ ਕੈਂਪ ਵਿਚ ਲੋਕਾਂ ਦੀ ਜਾਂਚ ਦੇ ਨਾਲ ਨਾਲ ਮੁਫ਼ਤ ਦਵਾਈਆਂ ਵੀ ਦਿਤੀਆਂ ਗਈਆਂ ਹਨ। ਬੀ ਈ ਈ ਫਲੈਗ ਚਾਵਲਾ ਨੇ ਜਾਣਕਾਰੀ ਦਿੱਤੀ ਕਿ ਸਿਹਤ ਵਿਭਾਗ ਵਲੋਂ ਸਮੇਂ ਸਮੇਂ ਤੇ ਮੈਡੀਕਲ ਕੈਂਪ ਲਗਾਏ ਜਾਂਦੇ ਹਨ, ਜਿਨਾ ਰਾਹੀਂ ਲੋਕਾਂ ਨੂੰ ਉਹਨਾਂ ਦੇ ਘਰ ਤੇ ਨਜਦੀਕ ਸਿਹਤ ਸੇਵਾਵਾਂ ਮਿਲ ਸਕਣ । ਉਹਨਾਂ ਕਿਹਾ ਕਿ ਲੋਕਾਂ ਨੂੰ ਆਪਣੀ ਸਿਹਤ ਵੱਲ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ ਤੇ ਜੇਕਰ ਕਿਸੇ ਬਿਮਾਰੀ ਤੇ ਲੱਛਣ ਨਜਰ ਆਉਣ ਤਾਂ ਜਾਂਚ ਕਰਵਾਕੇ ਇਲਾਜ ਕਰਵਾਉਣਾ ਚਾਹੀਦਾ ਹੈ। ਇਸ ਮੌਕੇ ਸਿਹਤ ਸੁਪਰਵਾਈਜਰ ਕੁਲਜੀਤ ਕੌਰ, ਸਰਪੰਚ ਸੁਖਮੰਦਰ ਸਿੰਘ, ਸੀ ਐਚ ਓ ਪ੍ਰਿਸਪ੍ਰੀਤ, ਮ ਪ ਹ ਵ ਜਸਕਰਨ ਸਿੰਘ, ਅਮਰਜੀਤ ਕੌਰ, ਜਸਵੀਰ ਕੌਰ ਤੇ ਸਮੂਹ ਆਸ਼ਾ ਵਰਕਰਜ ਦਾ ਭਰਪੂਰ ਸਹਿਯੋਗ ਰਿਹਾਂ।

# ਡੀ.ਐਸ.ਪੀ ਵੱਲੋਂ ਸੰਪਰਕ ਪ੍ਰੋਗਰਾਮ ਤਹਿਤ ਰੈੱਡ ਕਰਾਸ ਵਿਖੇ ਪਬਲਿਕ ਮੀਟਿੰਗ ਕੀਤੀ ਗਈ

ਪੰਜਾਬ ਦਾ ਖੁਲਾਸਾ

**ਸ੍ਰੀ ਮੁਕਤਸਰ ਸਾਹਿਬ, 25 ਨਵੰਬਰ (ਮਨਪ੍ਰੀਤ ਮੋਨੂੰ/ ਪਰਮਜੀਤ ਬੇਦੀ)** ਸ੍ਰੀ ਗੌਰਵ ਯਾਦਵ ਆਈ.ਪੀ.ਐਸ ਡੀ.ਜੀ.ਪੀ ਪੰਜਾਬ ਵੱਲੋਂ ਲੋਕਾਂ ਨਾਲ ਹੋਰ ਨੇੜਤਾ ਅਤੇ ਉਨ੍ਹਾਂ ਨਾਲ ਸਿੱਧਾ ਰਾਬਤਾ ਬਣਾਉਦਿਆ ਪੂਰੇ ਸੂਬੇ ਅੰਦਰ ਸੰਪਰਕ ਪ੍ਰੋਗਰਾਮ ਚਲਾਇਆ ਜਾ ਰਿਹਾ ਹੈ ਇਸ ਤਹਿਤ ਸ੍ਰੀ ਤੁਸ਼ਾਰ ਗੁਪਤਾ ਆਈ.ਪੀ.ਐਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਜਿਲ੍ਹਾਂ ਅੰਦਰ ਪੁਲਿਸ ਦੀਆਂ ਅਲੱਗ ਅਲੱਗ ਟੀਮਾਂ ਬਣਾ ਕੇ ਪਿੰਡਾ/ਸ਼ਹਿਰਾਂ ਸਕੂਲਾ/ਕਾਲਜਾਂ ਵਿੱਚ ਨਸ਼ੇ ਅਤੇ ਸਟਰੀਟ ਕ੍ਰਾਇਮ ਖਿਲਾਫ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ, ਇਸੇ ਤਹਿਤ ਹੀ ਸ.ਸਤਨਾਮ ਸਿੰਘ ਡੀ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਲੋਕਾਂ ਨਾਲ ਸਿੱਧਾ ਰਾਬਤਾ ਬਣਾਉਂਦਿਆ ਰੈੱਡ ਕਰਾਸ ਸ੍ਰੀ ਮੁਕਤਸਰ ਸਾਹਿਬ ਵੱਲੋਂ ਪਬਲਿਕ ਮੀਟਿੰਗ ਕੀਤੀ ਗਈ ਇਸ ਮੀਟਿੰਗ ਵਿੱਚ ਸ੍ਰੀ ਮੁਕਤਸਰ ਸਾਹਿਬ ਦੇ ਮੋਹਿਤਵਾਰ ਵਿਅਕਤੀਆਂ ਤੋਂ ਇਲਾਵਾ 250 ਦੇ ਕ੍ਰੀਬ ਲੋਕਾਂ ਨੇ ਭਾਗ ਲਿਆ।



ਇਸ ਮੀਟਿੰਗ ਵਿੱਚ ਸ.ਸਤਨਾਮ ਸਿੰਘ ਡੀ.ਐਸ.ਪੀ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਨਸ਼ੇ ਅਤੇ ਸਟਰੀਟ ਕ੍ਰਇਮ ਦੇ ਖਿਲਾਫ ਪੁਲਿਸ ਅਤੇ ਲੋਕਾਂ ਵਿਚਕਾਰ ਸਹਿਯੋਗ ਅਤੇ ਇੱਕਜੁੱਟਤਾ ਨੂੰ ਮਜਬੂਤ ਕਰਨ ਲਈ ਸੰਪਰਕ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ ਜਿਸ ਤਹਿਤ ਅੱਜ ਰੈਡ ਕਰਾਸ ਸ੍ਰੀ ਮੁਕਤਸਰ ਸਾਹਿਬ ਵਿਖੇ ਲੋਕਾਂ ਨੂੰ ਰੂਬਰੂ ਹੋ ਕੇ ਉਨ੍ਹਾਂ ਨਾਲ ਗੱਲਬਾਤ ਕੀਤੀ ਗਈ, ਇਸ ਮੀਟਿੰਗ ਦੌਰਾਨ ਸ਼ਹਿਰ ਵਾਸੀਆਂ ਨਾਲ ਗੱਲਬਾਤ ਕਰਦਿਆ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਨਸ਼ਿਆਂ ਤੇ ਕ੍ਰਾਇਮ ਵਿਰੁੱਧ ਜੰਗ ਵਿੱਚ ਪੂਰਾ ਸਹਿਯੋਗ ਦੇਣ ਦੀ ਅਪੀਲ ਕੀਤੀ, ਉਨ੍ਹਾਂ ਪਬਲਿਕ ਨੂੰ ਯਕੀਨ ਦਵਾਇਆ ਕਿ ਨਸ਼ਿਆਂ ਅਤੇ ਕ੍ਰਾਇਮ ਵਿਰੁੱਧ ਮਿਲਕੇ ਕੰਮ ਕਰਨ ਨਾਲ ਸਫਲਤਾ ਹਾਸਿਲ ਕੀਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਇਸ ਤਰਾਂ ਦੀਆਂ ਮੀਟਿੰਗਾਂ ਨਾ ਸਿਰਫ ਪੁਲਿਸ ਪ੍ਰਤੀ ਜਨਤਾ ਦਾ ਵਿਸ਼ਵਾਸ਼ ਵਧਾਉਦੀਆਂ ਹਨ ਸਗੋਂ ਇਨ੍ਹਾਂ ਮੀਟਿੰਗਾਂ ਦੌਰਾਨ ਮਿਲਣ ਵਾਲੇ ਅਹਿਮ ਸੁਝਾਅ ਸਾਡੇ ਲਈ ਅਹਿਮ ਕਦਮ ਚੁੱਕਣ ਵਿੱਚ ਮੱਦਦਗਾਰ ਸਾਬਤ ਹੁੰਦੇ ਹਨ। ਇਸ ਦੇ ਨਾਲ ਹੀ ਉਂਨਾਂ ਪਬਲਿਕ ਨੂੰ ਅਪੀਲ ਕੀਤੀ ਹੈ ਕਿ ਜੇਕਰ ਕਿਸੇ ਕੋਲ ਨਸ਼ਿਆਂ ਦੀ ਵਿਕਰੀ ਜਾ ਗੈਰ ਕਾਨੂੰਨੀ ਗਤੀਵਿਧਿਆ ਬਾਰੇ ਜਾਣਕਾਰੀ ਹੋਵੇ ਤਾਂ ਉਹ ਇਸ ਨੂੰ ਬਿਨ੍ਹਾਂ ਕਿਸੇ ਡਰ ਭੈਅ ਤੋਂ ਸ੍ਰੀ ਮੁਕਤਸਰ ਸਾਹਿਬ ਪੁਲਿਸ ਹੈਲਪ ਲਾਇਨ ਨੰਬਰ 80549-42100 ਅਤੇ ਪੰਜਾਬ ਪੁਲਿਸ ਚੰਡੀਗੜ ਦੇ ਹੈਲਪਲਾਇਨ ਨੰਬਰ 97791-00200 ਤੇ ਸਾਂਝੀ ਕਰਨ। ਜਾਣਕਾਰੀ ਦੇਣ ਵਾਲੇ ਦੀ ਪਹਿਚਾਣ ਗੁਪਤ ਰੱਖੀ ਜਾਵੇਗੀ। ਇਸ ਮੌਕੇ ਏ.ਐਸ.ਆਈ ਗੁਰਾਂਦਿੱਤਾ ਸਿੰਘ, ਏ.ਐਸ.ਆਈ ਸੁਖਮੰਦਰ ਸਿੰਘ, ਹੌਲਦਾਰ ਪਵਿਤਰ ਸਿੰਘ, ਜਗਮੀਤ ਸਿੰਘ, ਰਾਮ ਸਿੰਘ, ਪ੍ਰਭਨੀਤ ਸਿੰਘ, ਭਗਵਾਨ ਸਿੰਘ, ਗੁਰਮੀਤ ਸਿੰਘ, ਜਗਦੀਪ ਸਿੰਘ, ਮਨਿੰਦਰ ਸਿੰਘ (ਐਮ.ਸੀ), ਹਰਨੇਕ ਸਿੰਘ ਬੁੱਟਰ, ਸੁੱਖਮੰਦਰ ਸਿੰਘ, ਬਲਵਿੰਦਰ ਸਿੰਘ, ਸੰਜੀਵ ਧੂੜੀਆਂ, ਸ਼ੁਭਾਸ਼ ਦੁਮੜਾ, ਜਗਮੀਤ ਸਿੰਘ, ਡਾ. ਸਾਗਰ ਆਦਿ ਹਾਜ਼ਰ ਸਨ।

# ਬੇਟੀ ਬਚਾਓ ਬੇਟੀ ਪੜ੍ਹਾਓ ਤਹਿਤ ਜਾਗਰੂਕਤਾ ਸੈਮੀਨਾਰ ਅਤੇ ਜਾਗਰੂਕਤਾ ਰੈਲੀਆਂ ਦਾ ਆਯੋਜਨ



ਪੰਜਾਬ ਦਾ ਖੁਲਾਸਾ

**ਫਰੀਦਕੋਟ 25 ਨਵੰਬਰ (ਗੁਰਦੀਪ ਸਿੰਘ ਢਿੱਲੋਂ)** ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਦੀ ਯੋਗ ਅਗਵਾਈ ਅਤੇ ਸ੍ਰੀਮਤੀ ਰਤਨਦੀਪ ਸੰਧੂ ਜਿਲ੍ਹਾ ਪ੍ਰੋਗਰਾਮ ਅਫਸਰ ਫਰੀਦਕੋਟ ਦੇ ਯਤਨਾ ਸਦਕਾ ਜਿਲ੍ਹਾ ਫਰੀਦਕੋਟ ਵਿਖੇ ਔਰਤਾਂ ਪ੍ਰਤੀ ਹਿੰਸਾ ਵਿਰੁੱਧ ਅੰਤਰਰਾਸ਼ਟਰੀ ਦਿਵਸ ਦੇ ਮੌਕੇ ਬੇਟੀ ਬਚਾਓ ਬੇਟੀ ਪੜ੍ਹਾਓ ਤਹਿਤ ਜਾਗਰੂਕਤਾ ਸੈਮੀਨਾਰ ਅਤੇ ਜਾਗਰੂਕਤਾ ਰੈਲੀਆਂ ਦਾ ਆਯੋਜਨ ਕੀਤਾ ਗਿਆ। ।

ਇਸ ਨੂੰ ਮੁੱਖ ਰੱਖਦਿਆ ਜਿਲ੍ਹਾ ਪੱਧਰ ਤੇ ਆਂਗਣਵਾੜੀ ਵਰਕਰਾਂ ਲਈ ਜਾਗਰੂਕਤਾ ਸੈਸ਼ਨ ਕੀਤਾ ਗਿਆ ਜਿਸ ਅਧੀਨ ਸੈਮੀਨਾਰ ਦੀ ਸ਼ੁਰੂਆਤ ਵਿੱਚ ਸ੍ਰੀਮਤੀ ਚਰਨਜੀਤ ਕੌਰ ਡਾਈਟੀਸ਼ੀਅਨ, ਮੈਡੀਕਲ ਕਾਲਜ ਫਰੀਦਕੋਟ ਵੱਲੋ ਔਰਤਾਂ ਨੂੰ ਸਰੀਰਕ ਪੱਖ ਤੋ ਤੰਦਰੁਸਤ ਰਹਿਣ ਸਬੰਧੀ ਸਹੀ ਆਹਾਰ ਲੈਣ ਸਬੰਧੀ ਲੈਕਚਰ ਦਿੱਤਾ ਗਿਆ । ਉਨ੍ਹਾਂ ਦੱਸਿਆ ਕਿ ਔਰਤਾਂ ਨੂੰ ਆਪਣੀ ਸਿਹਤ ਪ੍ਰਤੀ ਖਾਸ ਧਿਆਨ ਦੇਣ ਦੀ ਜਰੂਰਤ ਹੈ ਤਾਂ ਹੀ ਉਹ ਆਪਣੇ ਅਧਿਕਾਰਾਂ ਅਤੇ ਹੱਕਾਂ ਪ੍ਰਤੀ ਸਹੀ ਸੋਚ ਸਕਦੀਆਂ ਹਨ। ਇਸ ਉਪਰੰਤ ਮਿਸ ਅਵਿਨਾਸ਼ ਕੌਰ ਐਡਵੋਕੇਟ ਵੱਲੋ ਹਾਜ਼ਰੀਨ ਨੂੰ ਔਰਤਾਂ ਵਿਰੁੱਧ ਹਿੰਸਾ ਪ੍ਰਤੀ ਲਾਗੂ ਹੁੰਦੇ ਵੱਖ ਵੱਖ ਐਕਟਾਂ ਦੀ ਜਾਣਕਾਰੀ ਦਿੱਤੀ ਗਈ । ਇਸ ਉਪਰੰਤ ਸ੍ਰੀਮਤੀ ਰਤਨਦੀਪ ਸੰਧੂ ਜਿਲ੍ਹਾ ਪ੍ਰੋਗਰਾਮ ਅਫਸਰ ਫਰੀਦਕੋਟ ਵੱਲੋ ਔਰਤਾਂ ਪ੍ਰਤੀ ਵੱਧ ਰਹੀ ਹਿੰਸਾ ਵਿਰੁੱਧ ਲੈਕਚਰ ਰਾਹੀ ਜਾਗਰੂਕ ਕੀਤਾ ਗਿਆ। ਸੈਮੀਨਾਰ ਦੇ ਅੰਤ ਤੇ ਜਿਲ੍ਹੇ ਵਿੱਚ ਵਧੀਆਂ ਕੰਮ ਕਰਦੀਆਂ ਆਂਗਣਵਾੜੀ ਵਰਕਰਾ ਅਤੇ ਸੁਪਰਵਾਈਜਰਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਉਪਰੰਤ ਔਰਤਾਂ ਪ੍ਰਤੀ ਹਿੰਸਾ ਵਿਰੁੱਧ ਅੰਤਰਰਾਸ਼ਟਰੀ ਦਿਵਸ ਨੂੰ ਮੁੱਖ ਰੱਖਦਿਆਂ ਪਿੰਡ ਪੱਧਰ ਤੇ ਜਾਗਰੂਕਤਾ ਮੁਹਿੰਮ ਲਈ ਰੈਲੀਆਂ ਕੀਤੀਆਂ ਗਈਆਂ। ਸਿੱਖਿਆ ਵਿਭਾਗ ਦੇ ਸਹਿਯੋਗ ਨਾਲ ਔਰਤਾਂ ਵਿਰੁੱਧ ਹਿੰਸਾ ਦੇ ਪਹਿਲੂਆਂ ਨੂੰ ਉਜਾਗਰ ਕਰਨ ਲਈ ਸਕੂਲਾਂ ਵਿੱਚ ਸਵੇਰੇ ਦੀ ਸਭਾ ਵਿੱਚ ਸਪੈਸ਼ਲ ਸੈਮੀਨਾਰ ਆਯੋਜਿਤ ਕੀਤੇ ਗਏ ਅਤੇ ਸਕੂਲਾਂ ਵਿੱਚ ਇਸ ਵਿਸ਼ੇ ਅਧੀਨ ਪੋਸਟਰ ਮੇਕਿੰਗ ਗਤੀਵਿਧੀਆਂ ਵੀ ਕਰਵਾਈਆਂ ਗਈਆਂ। ਇਸ ਮੌਕੇ ਸ੍ਰੀ ਅਮਨਦੀਪ ਸੋਢੀ ਜਿਲ੍ਹਾ ਬਾਲ ਸੁਰੱਖਿਆ ਅਫਸਰ, ਕੁਲਦੀਪ ਸਿੰਘ ਜਿਲ੍ਹਾ ਕੋਆਰਡੀਨੇਟਰ( ਪੋਸ਼ਣ ਅਭਿਆਣ) , ਸੁਖਦੀਪ ਸਿੰਘ ਬਲਾਕ ਕੋਆਰਡੀਨੇਟਰ ਪੋਸ਼ਣ ਅਭਿਆਣ, ਸਮੂਹ ਸੁਪਰਵਾਈਜਰ ਜਿਲ੍ਹਾ ਫਰੀਦਕੋਟ, ਸਮੂਹ ਸਟਾਫ ਦਫਤਰ ਡੀ.ਪੀ.ਓ ਫਰੀਦਕੋਟ , ਸਮੂਹ ਸਟਾਫ ਸਖੀ ਵਨ ਸਟਾਪ ਸੈਂਟਰ ਫਰੀਦਕੋਟ ਹਾਜ਼ਰ ਸਨ।



# ਨੌਜਵਾਨ ਪੀੜੀ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਬੀ ਐਸ ਐਫ 116 ਬਟਾਲੀਅਨ ਵੱਲੋਂ ਸਾਈਕਲਿਸਟ ਰੇਸ ਆਯੋਜਨ

ਪੰਜਾਬ ਦਾ ਖੁਲਾਸਾ

**ਮਮਦੋਟ, 25 ਨਵੰਬਰ (ਹਰਪ੍ਰੀਤ ਸਿੰਘ ਹੈਪੀ)** ਨੌਜਵਾਨ ਪੀੜੀ ਨੂੰ ਨਸ਼ੇ ਦੀ ਦਲਦਲ ਤੋ ਬਚਾਉਣ ਲਈ ਬੀਐਸਐਫ 116 ਬਟਾਲੀਅਨ ਵੱਲੋਂ ਮਮਦੋਟ ਹੈਡ ਕੁਆਰਟਰ ਵਿਖੇ ਇੱਕ ਸਾਈਕਲਿਸਟ ਏਵੈਂਟ ਦਾ ਆਯੋਜਨ ਕੀਤਾ ਗਿਆ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋ ਦੂਰ ਰਹਿਣ ਲਈ ਜਾਗਰੂਕ ਕੀਤਾ ਗਿਆ। ਇਸ ਸਮਾਗਮ ਦੌਰਾਨ ਮਮਦੋਟ ਨਗਰ ਪੰਚਾਇਤ ਦੇ ਪ੍ਰਧਾਨ ਉਪਿੰਦਰਜੀਤ ਸਿੰਘ ਸਿੰਧੀ, ਨਿਰਵੈਰ ਸਿੰਘ ਸਿੰਧੀ ਬਲਰਾਜ ਸਿੰਘ ਸੰਧੂ, ਦਲਜੀਤ ਬਾਬਾ ਅਤੇ ਵਿੱਕੀ ਮਦਾਨ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ। ਬੀ ਐਸ ਐਫ ਦੇ ਉਚ ਅਧਿਕਾਰੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 470 ਕਿਲੋਮੀਟਰ ਵਾਲੀ ਇਹ ਸਾਈਕਲਿਸਟ ਈਵੈਂਟ ਫਾਜ਼ਿਲਕਾ ਦੇ ਸਾਦਕੀ ਚੌਕੀ ਤੋਂ ਸ਼ੁਰੂ ਹੋ ਕੇ ਵਾਇਆ ਮਮਦੋਟ ਰਾਂਹੀ ਅਤੇ ਹੁਸੈਨੀ ਵਾਲਾ ਤੋ ਹੋ ਕੇ ਵਾਹਗਾ ਅਟਾਰੀ ਬਾਰਡਰ ਵਿਖੇ ਪਹੁੰਚੇਗੀ। ਅਤੇ ਕਰਤਾਰਪੁਰ ਕੋਰੀਡੋਰ ਨਜ਼ਦੀਕ ਸਮਾਪਤ ਹੋ ਜਾਵੇਗੀ।

ਇਸ ਸਾਈਕਲਿਸਟ ਇਵੈਂਟ ਦੇ ਵਿੱਚ 50 ਤੋਂ ਵੱਧ ਨੌਜਵਾਨ ਹਿੱਸਾ ਲੈ ਰਹੇ ਹਨ। ਉਹਨਾਂ ਨੇ ਦੱਸਿਆ ਕਿ ਇਸ ਸਾਈਕਲਿਸਟ ਦਾ ਮੁੱਖ ਉਦੇਸ਼ ਅੱਜ ਦੀ ਯੂ ਆਰ ਪੀਡੀ ਨੂੰ ਨਸ਼ਿਆਂ ਦੇ ਦਲ ਦਲ ਵਿੱਚ ਫਸਣ ਤੋਂ ਬਚਾਉਣਾ ਹੈ ਅਤੇ ਵੱਖ-ਵੱਖ ਖੇਡਾਂ ਇਹ ਜਾਗਰੂਕ ਕਰਨਾ ਜਰੂਰੀ ਹੈ ਕਿ ਇੱਕ ਨਰੋਆ ਮਨ ਇੱਕ ਨਰੋਏ ਸਰੀਰ ਵਿੱਚ ਵਾਸ ਕਰਦਾ ਹੈ। ਮਨੁੱਖ ਆਪਣੇ ਆਪ ਨੂੰ ਸਿਹਤਮੰਦ ਰੱਖਣ ਦੇ ਲਈ ਖੇਡਾਂ ਵਿੱਚ ਭਾਗ ਲੈਣਾ ਚਾਹੀਦਾ ?

# ਬੀ.ਕੇ.ਯੂ. (ਕਾਦੀਆਂ) ਵੱਲੋਂ ਚੰਡੀਗੜ੍ਹ ਦੇ ਸਮੱਰਥਨ 'ਚ ਰਾਜਪਾਲ ਨੂੰ ਭੇਜਿਆ ਮੰਗ ਪੱਤਰ

## ਪੰਜਾਬ ਦੇ ਪਿੰਡਾਂ ਨੂੰ ਉਜਾੜ ਕੇ ਬਣਾਏ ਚੰਡੀਗੜ੍ਹ ਉੱਤੇ ਹੱਕ ਸਿਰਫ ਤੇ ਸਿਰਫ ਪੰਜਾਬ ਦਾ - ਗਿਆਸਪੁਰਾ

ਪੰਜਾਬ ਦਾ ਖੁਲਾਸਾ

**ਸਮਰਾਲਾ, 25 ਨਵੰਬਰ (ਸੁੱਚਾ ਬੰਗੜ)** - ਭਾਰਤੀ ਕਿਸਾਨ ਯੂਨੀਅਨ (ਕਾਦੀਆਂ) ਦੇ ਜ਼ਿਲ੍ਹਾ ਪ੍ਰਧਾਨ ਹਰਦੀਪ ਸਿੰਘ ਗਿਆਸਪੁਰਾ ਦੀ ਅਗਵਾਈ ਹੇਠ ਮਿਲੇ ਵਫਦ ਨੇ ਐਸ. ਡੀ. ਐਮ. ਸਮਰਾਲਾ ਰਾਹੀਂ ਇੱਕ ਮੰਗ ਪੱਤਰ ਪੰਜਾਬ ਦੇ ਗਵਰਨਰ ਨੂੰ ਭੇਜਿਆ। ਮੰਗ ਪੱਤਰ ਵਿੱਚ ਵਫਦ ਨੇ ਮੰਗ ਕੀਤੀ ਕਿ ਪੰਜਾਬ ਦੇ ਪਿੰਡਾਂ ਨੂੰ ਉਜਾੜ ਕੇ ਬਣਾਏ ਚੰਡੀਗੜ੍ਹ ਉੱਤੇ ਸਿਰਫ ਪੰਜਾਬ ਦਾ ਹੱਕ ਹੈ। ਇਹ ਕੇਂਦਰ ਸਰਕਾਰ ਦੀ ਡੂੰਘੀ ਚਾਲ ਹੈ ਕਿ ਚੰਡੀਗੜ੍ਹ ਦੀ ਜਮੀਨ ਉੱਤੇ ਹਰਿਆਣਾ ਵਿਧਾਨ ਸਭਾ ਲਈ ਜਗ੍ਹਾ ਦੇਣੀ, ਜਦੋਂ ਕਿ ਜਦੋਂ ਤੋਂ ਪੰਜਾਬੀ ਸੂਬਾ ਹੋਂਦ ਵਿੱਚ ਆਇਆ ਤਾਂ ਉਦੋਂ ਹਿਮਾਚਲ ਪ੍ਰਦੇਸ਼ ਵੀ ਪੰਜਾਬ ਵਿੱਚੋਂ ਹੀ ਨਿਕਲਿਆ ਸੀ, ਜਿਸਦੀ ਵੱਖਰੀ ਰਾਜਧਾਨੀ ਸ਼ਿਮਲਾ ਬਣਾਈ ਗਈ ਸੀ, ਜਦੋਂ ਕਿ ਪੰਜਾਬ ਵੱਲੋਂ ਆਪਸੀ ਭਾਈਚਾਰਾ ਕਾਇਮ ਰੱਖਦੇ ਹੋਏ ਆਰਜੀ ਤੌਰ ਤੇ ਹਰਿਆਣੇ ਨੂੰ ਰਾਜਧਾਨੀ ਵਜੋਂ ਵਰਤਣ ਲਈ ਜਗ੍ਹਾ ਦਿੱਤੀ ਹੋਈ ਸੀ, ਪ੍ਰੰਤੂ ਹੁਣ ਕੇਂਦਰ ਸਰਕਾਰ ਦੀ ਬਦਨੀਤੀ ਕਾਰਨ ਹਰਿਆਣੇ ਨੂੰ ਜਾਣਬੁੱਝ ਕੇ ਵਿਧਾਨ ਸਭਾ ਦੀ ਇਮਾਰਤ ਬਣਾਉਣ ਲਈ ਜਗ੍ਹਾ ਦੇਣਾ, ਜੋ ਸਰਾਸਰ ਪੰਜਾਬ ਨਾਲ ਧੱਕਾ ਹੈ। ਇਸ ਲਈ ਸਭ ਤੋਂ ਵੱਧ ਜਿੰਮੇਵਾਰ ਸਮੇਂ ਸਮੇਂ ਤੇ ਪੰਜਾਬ ਉੱਤੇ ਰਾਜ ਕਰਨ ਵਾਲੀਆਂ ਸਿਆਸੀ ਪਾਰਟੀਆਂ ਦੇ ਨੁਮਾਇੰਦੇ ਹਨ, ਜਿਨ੍ਹਾਂ ਨੇ ਆਪਣੀਆਂ ਕੁਰਸੀਆਂ ਦੇ ਲਾਲਚ ਸਦਕਾ ਚੰਡੀਗੜ੍ਹ ਦੇ ਮੁੱਦੇ ਉੱਤੇ ਕਦੇ ਅਵਾਜ਼ ਬੁਲੰਦ ਨਹੀਂ ਕੀਤੀ। ਪ੍ਰੰਤੂ ਹੁਣ ਇਸ ਮੁੱਦੇ ਉੱਤੇ ਭਾਰਤੀ ਕਿਸਾਨ ਯੂਨੀਅਨ (ਕਾਦੀਆਂ) ਕਦੇ ਵੀ ਪਿੱਛੇ ਨਹੀਂ ਹਟੇਗੀ। ਜ਼ਿਲ੍ਹਾ ਪ੍ਰਧਾਨ ਹਰਦੀਪ ਸਿੰਘ ਗਿਆਸਪੁਰਾ ਨੇ ਕਿਹਾ ਕਿ ਚੰਡੀਗੜ੍ਹ ਪੰਜਾਬ ਦਾ ਸੀ ਅਤੇ ਪੰਜਾਬ ਦਾ ਹੀ ਰਹੇਗਾ, ਉਨ੍ਹਾਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਵੀ ਆਪਣਾ ਸਟੈਂਡ ਸਪੱਸ਼ਟ ਕਰਨ ਕਿਹਾ, ਜੇਕਰ ਉਹ ਚੰਡੀਗੜ੍ਹ ਪ੍ਰਤੀ ਜਰਾ ਵੀ ਸੰਜੀਦਾ ਹਨ, ਤਾਂ ਖੁੱਲ ਕੇ ਸਾਹਮਣੇ ਆ ਕੇ ਬਿਆਨ ਦੇਣ। ਬੀ. ਕੇ. ਯੂ (ਕਾਦੀਆਂ) ਚੰਡੀਗੜ੍ਹ ਦੇ ਮੁੱਦੇ ਤੇ ਕਿਸੇ ਤਰ੍ਹਾਂ ਦੇ ਸੰਘਰਸ਼ ਤੋਂ ਪਿੱਛੇ ਨਹੀਂ ਹਟੇਗਾ। ਮੰਗ ਪੱਤਰ ਦੇਣ ਮੌਕੇ ਉਪਰੋਕਤ ਤੋਂ ਇਲਾਵਾ ਮਨਪ੍ਰੀਤ ਸਿੰਘ ਘੁਲਾਲ ਜ਼ਿਲ੍ਹਾ ਜਨਰਲ ਸਕੱਤਰ, ਮੋਹਣ ਸਿੰਘ ਬਾਲਿਓਂ ਬਲਾਕ ਪ੍ਰਧਾਨ, ਦਰਸ਼ਨ ਸਿੰਘ ਰੋਹਲੇ ਬਲਾਕ ਪ੍ਰਧਾਨ, ਗੁਰਜੀਤ ਸਿੰਘ ਗੜ੍ਹੀ ਤਰਖਾਣਾ ਜ਼ਿਲ੍ਹਾ ਪ੍ਰੈਸ ਸਕੱਤਰ, ਕੁਲਦੀਪ ਸਿੰਘ ਗੜ੍ਹੀ ਮੀਤ ਪ੍ਰਧਾਨ, ਬਲਵਿੰਦਰ ਸਿੰਘ ਮੁਸ਼ਕਾਬਾਦ, ਰਤਨ ਸਿੰਘ ਘੁਲਾਲ, ਕੁਲਵੀਰ ਸਿੰਘ ਘੁਲਾਲ, ਜਗਜੀਤ ਸਿੰਘ ਸਹਿਜੋਮਾਜਰਾ, ਹਰਬੰਸ ਸਿੰਘ ਖੀਰਨੀਆਂ, ਨੇਤਰ ਸਿੰਘ ਉਟਾਲਾਂ ਇਕਾਈ ਪ੍ਰਧਾਨ, ਨਿਰਮਲ ਸਿੰਘ ਰੋਹਲੇ, ਜਗਜੀਵਨ ਸਿੰਘ ਰੋਹਲੇ, ਕਰਮ ਸਿੰਘ ਉਟਾਲਾਂ, ਤਮਨ ਸਿੰਘ ਮਾਛੀਵਾੜਾ, ਕਰਨੈਲ ਸਿੰਘ ਚਹਿਲਾਂ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਯੂਨੀਅਨ ਦੇ ਵਰਕਰ ਹਾਜਰ ਸਨ।



# ਸਿਹਤ ਵਿਭਾਗ ਵਲੋਂ 28 ਨਵੰਬਰ 2024 ਨੂੰ ਮਨਾਇਆ ਜਾ ਰਿਹਾ ਹੈ ਨੈਸ਼ਨਲ ਡੀ ਵਰਮਿੰਗ ਡੇ: ਡਾ. ਜਗਦੀਪ ਚਾਵਲਾ ਸਿਵਲ ਸਰਜਨ

ਪੰਜਾਬ ਦਾ ਖੁਲਾਸਾ

**ਸ੍ਰੀ ਮੁਕਤਸਰ ਸਾਹਿਬ, 25 ਨਵੰਬਰ (ਮਨਪ੍ਰੀਤ ਮੋਨੂੰ)** ਪੰਜਾਬ ਸਰਕਾਰ ਲੋਕਾਂ ਨੂੰ ਤੰਦਰੁਸਤ ਰੱਖਣ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ । ਇਸ ਸਬੰਧ ਵਿਚ ਸਿਹਤ ਵਿਭਾਗ ਵਲੋਂ 28 ਨਵੰਬਰ 2024 ਨੂੰ ਰਾਸ਼ਟਰੀ ਪੇਟ ਦੇ ਕੀੜਿਆਂ ਤੋਂ ਮੁਕਤੀ ਦਿਵਸ ਮਨਾਇਆ ਜਾ ਰਿਹਾ ਹੈ।ਜਿਸ ਦੇ ਸਬੰਧ ਵਿਚ ਅੱਜ ਦਫਤਰ ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ ਵਿਖੇ ਡਾ. ਜਗਦੀਪ ਚਾਵਲਾ ਸਿਵਲ ਸਰਜਨ ਨੇ ਪ੍ਰਚਾਰ ਸਮੱਗਰੀ ਬੈਨਰ ਅਤੇ ਪੋਸਟਰ ਜਾਰੀ ਕੀਤੇ।ਇਸ ਸਬੰਧ ਵਿਚ ਜਾਣਕਾਰੀ ਦਿੰਦਿਆਂ ਉਨ੍ਹਾ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਹੋਰ ਵਿਭਾਗ ਦੇ ਸਹਿਯੋਗ ਨਾਲ ਹਰ ਸਾਲ ਵਿੱਚ ਦੋ ਵਾਰ ਪੇਟ ਦੇ ਕੀੜਿਆਂ ਤੋਂ ਮੁਕਤੀ ਦਾ ਰਾਸ਼ਟਰੀ ਦਿਵਸ ਮਨਾਇਆ ਜਾਂਦਾ ਹੈ ਅਤੇ ਪੰਜਾਬ ਸਰਕਾਰ ਵਲੋਂ ਇਹ ਦਿਨ 28 ਨਵੰਬਰੀ 2024 ਨੂੰ ਮਨਾਇਆ ਜਾ ਰਿਹਾ ਹੈ ਜਿਸ ਦੋਰਾਨ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਸਾਰੇ ਸਰਕਾਰੀ ਸਕੂਲਾਂ, ਪ੍ਰਾਈਵੇਟ ਸਕੂਲਾਂ, ਪੋਲੀਟੈਕਨਿਕ ਕਾਲਜ, ਆਈਲੈਟਸ ਸੈਂਟਰ ਅਤੇ ਆਂਗਣਵਾੜੀ ਸੈਂਟਰਾਂ ਅਤੇ ਸਕੂਲ ਨਾ ਜਾਣ ਵਾਲੇ 1 ਤੋ 19 ਸਾਲ ਤੱਕ ਦੇ ਲਗਭੱਗ 231630 ਬੱਚਿਆਂ ਨੂੰ ਐਲਬਿੰਡਾਜੋਲ ਦੀ ਗੋਲੀ (ਚਬਾ ਕੇ ਖਾਣ ਵਾਲੀ ਗੋਲੀ) ਖੁਵਾਈ ਜਾ ਰਹੀ ਹੈ ਤਾਂ ਜ਼ੋ ਬੱਚਿਆਂ ਨੂੰ ਪੇਟ ਦੇ ਕੀੜੇ ਹੋਣ ਕਾਰਣ ਹੋਣ ਵਾਲੇ ਨੁਕਸਾਨਾਂ ਤੋ ਬਚਾਇਆ ਜਾ ਸਕੇ। ਉਨ੍ਹਾ ਕਿਹਾ ਕਿ ਜਿਲ੍ਹੇ ਵਿਚ ਇੱਕ ਸਾਲ ਤੋ ਲੈ ਕੇ 2 ਸਾਲਾਂ ਤੱਕ ਦੇ ਬੱਚਿਆਂ ਨੂੰ ਐਲਬਿੰਡਾਜੋਲ ਸਿਰਪ ਦੀ ਡੋਜ਼ ਅਤੇ 2 ਤੋ 19 ਸਾਲ ਤੱਕ ਕੇ ਬੱਚਿਆਂ ਨੂੰ 400 ਮਿਲੀਗ੍ਰਾਮ ਐਲਬਿੰਡਾਜੋਲ ਦੀ ਇੱਕ ਗੋਲੀ ਖੁਆਈ ਜਾਵੇਗੀ।ਐਲਬਿੰਡਾਜ਼ੋਲ ਗੋਲੀਆਂ ਅਤੇ ਸਿਰਫ ਦੀ ਸਪਲਾਈ ਪੂਰੀ ਮਾਤਰਾ ਵਿਚ ਜਿਲ੍ਹੇ ਦੀਆਂ ਸਾਰੀਆਂ ਸਿਹਤ ਸੰਸਥਾਵਾਂ ਨੂੰ ਬੱਚਿਆਂ ਦੀ ਗਿਣਤੀ ਅਨੁਸਾਰ ਪਹੁੰਚਾ ਦਿੱਤੀ ਗਈ ਹੈ । ਉਨ੍ਹਾਂ ਦੱਸਿਆ ਕਿ ਬੱਚੇ ਦੇ ਪੇਟ ਵਿੱਚ ਕੀੜੇ ਹੋਣ ਕਾਰਣ ਬੱਚੇ ਵਿੱਚ ਅਨੀਮੀਆ, ਭੁੱਖ ਘੱਟ ਲੱਗਣਾ, ਕੁਪੋਸ਼ਣ, ਮਾਨਸਿਕ ਤੇ ਬੌਧਿਕ ਕਮਜੋਰੀ, ਥਕਾਵਟ, ਬੇਚੈਨੀ, ਪੇਟ ਵਿੱਚ ਦਰਦ, ਜੀਅ ਮਤਲਾਉਣਾ, ਚਿੜਚਿੜਾਪਣ, ਉਲਟੀ ਅਤੇ ਦਸਤ ਆਉਣਾ ਜਾਂ ਲੈਟਰੀਨ ਵਿੱਚ ਖੂਨ ਆਉਣਾ ਲੱਛਣ ਹੋ ਸਕਦੇ ਹਨ ਅਤੇ ਬੱਚਾ ਦਿਨੋ ਦਿਨ ਕਮਜੋਰੀ ਅਤੇ ਥਕਾਵਟ ਮਹਿਸੂਸ ਕਰਦਾ ਹੈ। ਇਸ ਲਈ ਪੰਜਾਬ ਸਰਕਾਰ ਵੱਲੋਂ ਹਰ ਸਾਲ ਵਿੱਚ ਦੋ ਵਾਰ (ਛੇ ਮਹੀਨਿਆਂ ਦੇ ਫਰਕ ਨਾਲ) ਬੱਚਿਆਂ ਨੂੰ ਪੇਟ ਦੇ ਕੀੜੇ ਖਤਮ ਕਰਨ ਲਈ ਐਲਬਿੰਡਾਜੋਲ ਗੋਲੀਆਂ ਖੁਆਈਆਂ ਜਾਂਦੀਆਂ ਹਨ।ਹਰ ਇੱਕ ਬੱਚੇ ਨੂੰ ਇਹ ਗੋਲੀ ਖਾਣੀ ਅਤੀ ਜਰੂਰੀ ਹੈ ਤਾਂ ਜੋ ਬੱਚਿਆਂ ਦੀ ਸਿਹਤ ਨੂੰ ਬਿਹਤਰ ਬਣਾਇਆ ਜਾ ਸਕੇ।ਇਸ ਮੌਕੇ ਡਾ. ਬੰਦਨਾ ਬਾਂਸਲ ਜਿਲ੍ਹਾ ਟੀਕਾਕਰਨ ਅਫਸਰ ਨੇ ਦੱਸਿਆ ਕਿ ਪੇਟ ਦੇ ਕੀੜਿਆਂ ਤੋਂ ਬਚਣ ਲਈ ਸਾਨੂੰ ਆਪਣੇ ਹੱਥ ਖਾਣਾ ਖਾਣ ਤੋਂ ਪਹਿਲਾ, ਖਾਣਾ ਪਰੋਸਣ ਤੋਂ ਪਹਿਲਾਂ ਅਤੇ ਪਾਖਾਨਾ ਜਾਣ ਤੋਂ ਬਾਅਦ ਸਾਬਣ ਜਾਂ ਲੀਕਵਡ ਨਾਲ ਧੋਣੇ ਚਾਹੀਦੇ ਹਨ, ਖੁੱਲ੍ਹੇ ਵਿੱਚ ਪਾਖਾਨਾ ਜਾਣ ਤੋਂ ਪ੍ਰਹੇਜ ਕਰਨਾ ਚਾਹੀਦਾ ਹੈ, ਹਮੇਸ਼ਾ ਸਾਫ਼ ਪਾਣੀ ਪੀਣਾ ਚਾਹੀਦਾ ਹੈ, ਨੰਗੇ ਪੈਰ ਨਹੀਂ ਰਹਿਣਾ ਚਾਹੀਦਾ, ਖਾਣਾ ਢੱਕ ਕੇ ਰੱਖਣਾ ਚਾਹੀਦਾ ਹੈ ਅਤੇ ਆਲੇ ਦੁਆਲੇ ਦੀ ਸਫ਼ਾਈ ਰੱਖਣੀ ਚਾਹੀਦੀ ਹੈ।ਇਸ ਮੌਕੇ ਡਾ.ਕੁਲਤਾਰ ਸਿੰਘ ਜਿਲ੍ਹਾ ਪਰਿਵਾਰ ਭਲਾਈ ਅਫਸਰ, ਸੁਖੰਦਰ ਸਿੰਘ ਜਿਲ੍ਹਾ ਮਾਸ ਮੀਡੀਆ ਅਫਸਰ,ਮਨਪ੍ਰੀਤ ਕੌਰ ਸੁਪਰਡੈਂਟ, ਦੀਪਕ ਕੁਮਾਰ ਡੀ.ਪੀ.ਐਮ., ਲਾਲ ਚੰਦ ਸਿਹਤ ਇਸਪੈਕਟਰ,ਬਬਲੀ ਕਲਰਕ, ਸ਼੍ਰੀਮਤੀ ਸ਼ਾਲੂ ਜਿਲ੍ਹਾ ਸਕੂਲ ਹੈਲਥ ਕੋਆਰਡੀਨੇਟਰ ਭੁਪਿੰਦਰ ਸਿੰਘ ਸਟੈਨੋ, ਗੁਰਪ੍ਰੀਤ ਸਿੰਘ ਹਾਜ਼ਰ ਸਨ।



# ਸਮੁਦਾਇਕ ਸਿਹਤ ਕੇਂਦਰ ਬਾਜਾਖਾਨਾ ਦੇ ਸਮੂਹ ਸਟਾਫ ਦੀ ਸਿਹਤ ਜਾਗਰੂਕਤਾ ਗਤੀਵਿਧੀਆਂ ਸਬੰਧੀ ਟਰੇਨਿੰਗ ਅਤੇ ਮੀਟਿੰਗ ਕੀਤੀ

ਪੰਜਾਬ ਦਾ ਖੁਲਾਸਾ

**ਬਾਜਾਖਾਨਾ, 25 ਨਵੰਬਰ (ਅਵਤਾਰ ਸਿੰਘ ਮੱਲਾ )** ਸਰਜਨ ਫਰੀਦਕੋਟ ਡਾ ਚੰਦਰ ਸ਼ੇਖਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫਸਰ, ਸੀ.ਐਚ.ਸੀ. ਬਾਜਾਖਾਨਾ ਡਾ ਅਵਤਾਰਜੀਤ ਸਿੰਘ ਦੀ ਅਗਵਾਈ ਵਿਚ ਸਮੁਦਾਇਕ ਸਿਹਤ ਕੇਂਦਰ ਬਾਜਾਖਾਨਾ ਵਿਖੇ ਡਾਕਟਰ, ਫਾਰਮੇਸੀ ਅਫਸਰ, ਸਿਹਤ ਸੁਪਰਵਾਇਜਰ, ਸਟਾਫ ਨਰਸ, ਕਮਿਊਨਟੀ ਹੈਲਥ ਅਫਸਰ, ਆਸ਼ਾ ਫਸੀਲੀਟੇਟਰ ਤੇ ਹੋਰ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਸਿਹਤ ਪ੍ਰੋਗਰਾਮਾਂ ਦੇ ਪ੍ਰਚਾਰ ਸਬੰਧੀ ਟਰੇਨਿੰਗ ਅਤੇ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵੱਖ ਵੱਖ ਸਿਹਤ ਅਤੇ ਪ੍ਰਸ਼ਾਸਨਿਕ ਮਸਲਿਆ ਦੇ ਵਿਚਾਰ ਕੀਤਾ ਗਿਆ। ਇਸ ਮੌਕੇ ਡਿਪਟੀ ਮਾਸ ਮੀਡਆ ਅਫਸਰ ਲਖਵਿੰਦਰ ਸਿੰਘ ਕੈਂਥ, ਆਈ ਈ ਸੀ ਗਤੀਵਿਧੀਆਂ ਦੇ ਨੋਡਲ ਅਫਸਰ ਬੀ ਈ ਈ ਸੋਨਦੀਪ ਸਿੰਘ ਸੰਧੂ, ਫਲੈਗ ਚਾਵਲਾ ਨੇ ਸਟਾਫ ਨੂੰ ਜਨਨੀ ਸ਼ਿਸ਼ੂ ਸੁਰਕਸ਼ਾ ਕਾਰਯਕਰਮ, ਕੁਸ਼ਟ ਰੋਗ ਨਿਵਾਰਨ ਪ੍ਰੋਗਰਾਮ, ਸੁਜਾਤਾ ਐਪ, ਆਯੂਸ਼ਮਾਨ ਸਿਹਤ ਬੀਮਾ ਕਾਰਡ, ਆਈਓਡੀਨ ਦੀ ਮਹਤਤਾ, ਇੰਟੀਗਰੇਟਡ ਡਿਸੀਜ਼ ਸਰਵਿਲਾਂਸ ਪ੍ਰੋਗਰਾਮ, ਰਾਸ਼ਟਰੀ ਬਾਲ ਸੁੱਰਖਿਆ ਕਾਰਯਕਰਮ, ਐਨ ਸੀ ਡੀ, ਸਾਂਸ, ਨੈਸ਼ਨਲ ਵੈਕਟਰ ਬੌਰਨ ਡਸੀਜ ਕੰਟਰੋਲ ਪ੍ਰੋਗਰਾਮ ਅਤੇ ਟੀਕਾਕਰਨ ਪ੍ਰੋਗਰਾਮ ਆਦਿ ਬਾਰੇ ਜਾਣਕਾਰੀ ਅਤੇ ਸਮੀਖਿਆ ਕਰਦੇ ਹੋਏ ਇਨਾਂ ਬਾਰੇ ਲੋਕਾਂ ਤੱਕ ਜਾਣਕਾਰੀ ਪਹੁਚਾਣ ਲਈ ਸੋਸ਼ਲ ਮੀਡੀਆ ਪਲੈਟਫਾਰਮ ਦੀ ਵਰਤੋਂ ਸਬੰਧੀ ਟਰੇਨਿੰਗ ਦਿੱਤੀ ਗਈ। ਉਨਾਂ ਕਿਹਾ ਕਿ ਲੋਕਾਂ ਨੂੰ ਇਸ ਬਾਰੇ ਵੱਧ ਤੋਂ ਵੱਧ ਜਾਣਕਾਰੀ ਦੇਣ ਤਾਂ ਜੋ ਇਨਾਂ ਚੱਲ ਰਹੇ ਸਿਹਤ ਪ੍ਰੋਗਰਾਮਾਂ ਦਾ ਲਾਭ ਹਰੇਕ ਘਰ ਤੱਕ ਪਹੁੰਚ ਸਕੇ। ਉਨਾਂ ਕਿਹਾ ਕਿ ਸਿਹਤ ਜਾਗਰੁਕ ਗਤੀਵਿਧੀਆਂ ਵਿਚ ਤੇਜੀ ਲਿਆਈ ਜਾਵੇ ਤੇ ਲੋਕਾਂ ਨੂੰ ਸਰਕਾਰ ਵੱਲੋਂ ਮਿਲ ਰਹੀਆਂ ਸਿਹਤ ਸਹੂਲਤਾਂ ਦਾ ਪੂਰਾ ਲਾਭ ਪਹੁੰਚਾਣ ਲਈ ਕਿਹਾ। ਜਨਮ ਤੇ ਮੌਤ ਕੁਆਰਡੀਨੇਟਰ ਚਮਕੌਰ ਸਿੰਘ ਨੇ ਕਿਹਾ ਕਿ ਜਨਮ ਤੇ ਮੌਤ ਦਾ ਰਿਕਾਰਡ ਮੁਕੰਮਲ ਰੱਖਿਆ ਜਾਵੇ ਅਤੇ ਆਪਣੀਆਂ ਰਿਪੋਰਟਾਂ ਸਮੇਂ ਸਿਰ ਭੇਜੀਆ ਜਾਣ। ਇਸ ਮੌਕੇ ਸਮੂਹ ਅਧਿਕਾਰੀ ਤੇ ਕਰਮਚਾਰੀ ਆਦਿ ਹਾਜਰ ਸਨ।



# ਸਰਪੰਚ ਸੰਧੂ ਸਮੇਤ ਪੰਚਾਂ ਨੂੰ ਕੀਤਾ ਸਨਮਾਨਿਤ

ਪੰਜਾਬ ਦਾ ਖੁਲਾਸਾ

**ਅੰਮ੍ਰਿਤਸਰ, 25 ਨਵੰਬਰ (ਦਿਨੇਸ਼ ਸੋਨੀ)**- ਗ੍ਰਾਮ ਪੰਚਾਇਤ ਬਾਬਾ ਦਰਸ਼ਨ ਸਿੰਘ ਕਲੋਨੀ ਦੇ ਨਵ ਨਿਯੁਕਤ ਸਰਪੰਚ ਅਤੇ ਮੈਂਬਰਾਂ ਨੂੰ ਸਨਮਾਨਿਤ ਕਰਨ ਲਈ ਵਾਰਡ ਨੰਬਰ ਛੇ ਵੱਲੋਂ ਸਨਮਾਨ ਸਮਰੋਹ ਕਰਵਾਇਆ ਗਿਆ ਨਵ ਨਿਯੁਕਤ ਸ ਸਰਪੰਚ ਅਮਨਦੀਪ ਸਿੰਘ ਸੰਧੂ ਬਾਬਾ ਗੁਰਜੀਤ ਸਿੰਘ ਕੁੱਲੀ ਵਾਲੇ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ ਪੰਚ ਕੁਲਵੰਤ ਕੌਰ ਪੰਚ ਜਸਬੀਰ ਕੌਰ ਪੰਚ ਰਜਵੰਤ ਕੌਰ ਪੰਚ ਕੈਪਟਨ ਸੁਲੱਖਣ ਸਿੰਘ ਪੰਚ ਬਲਵਿੰਦਰ ਕੌਰ ਨੂੰ ਵਾਰਡ ਨੰਬਰ ਛੇ ਦੇ ਇਲਾਕਾ ਨਿਵਾਸੀਆਂ ਵੱਲੋਂ ਸਰੋਪਾ ਦੇਖ ਕੇ ਸਨਮਾਨਿਤ ਕੀਤਾ ਗਿਆ ਮੀਟਿੰਗ ਨੂੰ ਸੰਬੋਧਨ ਕਰਦਿਆਂ ਸਰਪੰਚ ਅਮਨਦੀਪ ਸਿੰਘ ਸੰਧੂ ਬਾਬਾ ਗੁਰਜੀਤ ਸਿੰਘ ਕੁੱਲੀ ਵਾਲਿਆਂ ਕਿਹਾ ਕਿ ਜਿੱਥੇ ਪੰਚਾਇਤ ਦੀਆਂ ਵੱਖ ਵੱਖ ਵਾਰਡਾਂ ਵਿੱਚ ਵਿਕਾਸ ਕਾਰਜ ਪਿਛਲੇ 10 ਸਾਲ ਦੇ ਕਾਰਜਕਾਲ ਵਿੱਚ ਪਛੜ ਗਏ ਹਨ ਉੱਥੇ ਇਹਨਾਂ ਵਾਰਡਾਂ ਵਿੱਚ ਵਿਕਾਸ ਕਾਰਜ ਕਰਵਾਉਣ ਲਈ ਯਤਨਸ਼ੀਲ ਹੋਣਗੇ ਉਹਨਾਂ ਕਿਹਾ ਕਿ ਜਿੱਥੇ ਅੱਜ 10 ਦਿਨ ਦੇ ਕਰੀਬ ਉਨਾਂ ਦੀ ਸਮੁੱਚੀ ਟੀਮ ਵੱਲੋਂ ਬੰਦ ਪਈਆਂ ਸਟਰੀਟ ਲਾਈਟਾਂ ਡੀਪੂ ਹੋਲਡਰ ਕੇਵਾਈਸੀ ਕਰਾਉਣ ਵਿੱਚ ਸਫਲ ਹੋਏ ਹਨ ਉਥੇ ਉਹ ਪੰਚਾਇਤ ਦੇ ਕਾਰਜਾਂ ਲਈ ਤਤਪਰ ਰਹਿਣਗੇ ਇਲਾਕੇ ਵਿੱਚ ਵਾਟਰ ਸਪਲਾਈ ਬਿਜਲੀ ਸਪਲਾਈ ਅਤੇ ਸੜਕਾਂ ਬਣਾਉਣ ਲਈ ਛੇਤੀ ਉਪਰਾਲਾ ਕੀਤਾ ਜਾ ਰਿਹਾ ਇਸ ਮੌਕੇ ਬਲਰਾਜ ਸਿੰਘ ਗਿੱਲ ਮੱਸਾ ਸਿੰਘ ਬਖਸ਼ੀਸ਼ ਸਿੰਘ ਅਮਰੀਕ ਸਿੰਘ ਗੁਰਜੀਤ ਸਿੰਘ ਜਗਜੀਤ ਸਿੰਘ ਰਸਪਾਲ ਸਿੰਘ ਰਣਜੀਤ ਸਿੰਘ ਰੇਸ਼ਮ ਸਿੰਘ ਰਣਜੀਤ ਸਿੰਘ ਰਾਣਾ ਪ੍ਰੀਤਮ ਸਿੰਘ ਅਜੀਤ ਸਿੰਘ ਪੱਤਰਕਾਰ ਨਵਤੇਜ ਸਿੰਘ ਵਿਰਦੀ ਹੈਡ ਗ੍ਰੰਥੀ ਗੁਰਦੁਆਰਾ ਕਾਲ ਸਰ ਸਾਹਿਬ ਭਾਈ ਅੰਗਰੇਜ ਸਿੰਘ ਨਛੱਤਰ ਸਿੰਘ ਅਸ਼ੋਕ ਕੁਮਾਰ ਡਾਕਟਰ ਕੁਲਵੰਤ ਸਿੰਘ ਅਮਰੀਕ ਸਿੰਘ ਮਨਜੀਤ ਸਿੰਘ ਆਜ ਹਾਜ਼ਰ ਸਨ



# ਡਾ ਜਗਦੀਪ ਚਾਵਲਾ ਸਿਵਲ ਸਰਜਨ ਨੇ ਸ਼ਿਵ ਮੰਦਿਰ ਵਿਖੇ ਲਗਾਏ ਗਏ ਟੀਕਰਕਨ ਕੈਂਪ ਤੋਂ ਵਿਸ਼ੇਸ਼ ਟੀਕਾਕਰਨ ਸਪਤਾਹ ਦੀ ਕੀਤੀ ਸ਼ੁਰੂਆਤ

ਪੰਜਾਬ ਦਾ ਖੁਲਾਸਾ

**ਸ੍ਰੀ ਮੁਕਤਸਰ ਸਾਹਿਬ, 25 ਨਵੰਬਰ (ਮਨਪ੍ਰੀਤ ਮੋਨੂੰ)** ਡਾ ਜਗਦੀਪ ਚਾਵਲਾ ਸਿਵਲ ਸਰਜਨ ਸ਼੍ਰੀ ਮੁਕਤਸਰ ਸਾਹਿਬ ਨੇ ਅੱਜ ਤੋਂ 30 ਨਵੰਬਰ ਤੱਕ ਮਨਾਏ ਜਾ ਰਹੇ ਵਿਸ਼ੇਸ਼ ਟੀਕਾਕਰਨ ਸਪਤਾਹ ਦੀ ਸ਼ੁਰੂਆਤ ਸ਼ਿਵ ਮੰਦਿਰ ਸ਼੍ਰੀ ਮੁਕਤਸਰ ਸਾਹਿਬ ਵਿਖੇ ਲਗਾਏ ਗਏ ਵਿਸ਼ੇਸ਼ ਟੀਕਾਕਰਨ ਕੈਂਪ ਤੋਂ ਕੀਤੀ । ਇਸ ਮੌਕੇ ਉਨ੍ਹਾ ਕਿਹਾ ਕਿ ਬੱਚਿਆਂ ਅਤੇ ਗਰਭਵਤੀ ਔਰਤਾਂ ਨੂੰ ਮਾਰੂ ਬੀਮਾਰੀਆਂ ਤੋਂ ਬਚਾਉਣ ਲਈ ਸਿਹਤ ਵਿਭਾਗ ਵਲੋਂ ਰੁਟੀਨ ਟੀਕਾਕਰਨ ਮੁਹਿੰਮ ਚਲਾਈ ਜਾ ਰਹੀ ਹੈ।ਰੁਟੀਨ ਟੀਕਾਕਰਨ ਦੋਰਾਨ ਕਿਸੇ ਕਾਰਨ ਵਾਂਝੇ ਰਹਿ ਗਏ ਬੱਚਿਆਂ ਦਾ ਮੁਕੰਮਲ ਟੀਕਾਕਰਨ ਕਰਨ ਲਈ ਸਿਹਤ ਵਿਭਾਗ ਵਲੋਂ ਅੱਜ ਤੋਂ 30 ਨਵੰਬਰ ਤੱਕ ਵਿਸ਼ੇਸ਼ ਟੀਕਾਕਰਨ ਸਪਤਾਹ ਮਨਾਇਆ ਜਾ ਰਿਹਾ ਹੈ। ਇਸ ਸਪਤਾਹ ਦੋਰਾਨ ਗਰਭਵਤੀ ਮਾਵਾਂ ਅਤੇ ਪੰਜ ਸਾਲ ਤੱਕ ਦੇ ਜਿਹੜੇ ਬੱਚੇ ਕਿਸੇ ਕਾਰਣ ਟੀਕਾਕਰਣ ਤੋਂ ਵਾਂਝੇ ਰਹਿ ਗਏ ਜਾਂ ਫਿਰ ਅਧੂਰਾ ਟੀਕਾਕਰਣ ਹੋਇਆ ਹੈ, ਉਹਨਾਂ ਦਾ ਵਿਸ਼ੇਸ਼ ਕੈਂਪਾਂ ਰਾਹੀਂ ਟੀਕਾਕਰਣ ਕੀਤਾ ਜਾ ਰਿਹਾ ਹੈ ਅਤੇ ਇਸ ਸਪਤਾਹ ਦੋਰਾਨ ਰੁਟੀਨ ਟੀਕਾਕਰਣ ਤੋਂ ਛੁੱਟ ਗਏ ਏਰੀਏ, ਦਾਨਾ ਮੰਡੀਆਂ, ਹਾਈ ਰਿਸਕ ਏਰੀਏ, ਸਲੱਮ ਏਰੀਏ, ਮਾਈਗ੍ਰੇਟਰੀ ਆਬਾਦੀ, ਝੁੱਗੀਆਂ ਝੌਂਪੜੀਆਂ, ਭੱਠੇ, ਖਾਲੀ ਸਬ ਸੈਂਟਰਾਂ ਜਿਥੇ 2 ਜਾਂ 3 ਨਿਯਮਿਤ ਟੀਕਾਕਰਣ ਸ਼ੈਸ਼ਨ ਨਾ ਹੋਏ ਹੋਣ, ਪਹੁੰਚ ਤੋਂ ਦੂਰ ਆਬਾਦੀ, ਆਊਟਬ੍ਰੇਕ ਵਾਲੀ ਆਬਾਦੀ ਅਤੇ ਹੋਰ ਮੁਸ਼ਕਿਲ ਏਰੀਏ ਕਵਰ ਕੀਤੇ ਜਾਣਗੇ ।ਉਨ੍ਹਾ ਕਿਹਾ ਕਿ ਗਰਭਵਤੀ ਮਾਂਵਾਂ ਨੂੰ ਟੈਟਨਸ ਦੇ ਦੋ ਟੀਕੇ ਅਤੇ ਬੱਚਿਆਂ ਨੂੰ ਪੋਲੀਓ, ਤਪਦਿਕ, ਗਲਘੋਟੂ, ਦਸਤ, ਖਸਰਾ ਅਤੇ ਰੂਬੇਲਾ, ਦਿਮਾਗੀ ਬੁਖਾਰ, ਪੀਲੀਆ, ਕਾਲੀ ਖੰਘ, ਨਿਮੋਨੀਆ ਅਤੇ ਅੰਧਰਾਤੇ ਵਰਗੀਆਂ ਜਾਨਲੇਵਾ ਬਿਮਾਰੀਆਂ ਤੋਂ ਬਚਾਅ ਲਈ ਸੰਪੂਰਨ ਟੀਕਾਕਰਨ ਕਰਵਾਉਣਾ ਜਰੂਰੀ ਹੈ, ਉਹਨਾਂ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਸਪਤਾਹ ਦੋਰਾਨ ਗਰਭਵਤੀ ਔਰਤਾਂ ਅਤੇ ਬੱਚਿਆਂ ਦਾ ਟੀਕਾਕਰਣ ਸੰਪੂਰਨ ਕਰਨ ਲਈ ਇਸ ਮੁਹਿੰਮ ਦਾ ਪੂਰਾ ਲਾਭ ਉਠਾਉਣ।ਇਸ ਮੌਕੇ ਡਾ ਬੰਦਨਾ ਬਾਂਸਲ ਜਿਲ੍ਹਾ ਟੀਕਾਕਰਨ ਅਫਸਰ ਨੇ ਕਿਹਾ ਕਿ ਸਿਹਤ ਵਿਭਾਗ ਵਲੋਂ 12 ਮਾਰੂ ਬੀਮਾਰੀਆਂ ਦਾ ਮੁਫਤ ਟੀਕਾਕਰਨ ਕੀਤਾ ਜਾ ਰਿਹਾ ਹੈ ਜੋ ਕਿ ਵਧੀਆ ਕੁਆਲਟੀ ਦੀ ਵੈਕਸੀਨ ਨਾਲ ਕੀਤਾ ਜਾਂਦਾ ਹੈ ਅਤੇ ਵੈਕਸੀਨ ਦਾ ਰੱਖ ਰਖਾਵ ਦੀ ਆਨਲਾਇਨ ਨਿਗਰਾਨੀ ਕੀਤੀ ਜਾਂਦੀ ਹੈ ਤਾਂ ਜੋ ਵੈਕਸੀਨ ਦੀ ਗੁਣਵਤਾ ਬਰਕਰਾਰ ਰੱਖੀ ਜਾ ਸਕੇ। ਉਨ੍ਹਾ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਦਾ ਜਾਂ ਆਪਣੇ ਨੇੜੇ ਦੇ ਘਰ੍ਹਾਂ ਦੇ ਬੱਚਿਆਂ ਦਾ ਮੁਕੰਮਲ ਟੀਕਾਕਰਨ ਕਰਵਾਉਣ ਲਈ ਸਿਹਤ ਵਿਭਾਗ ਨੂੰ ਸਹਿਯੋਗ ਦੇਣ ਕਿਉਕਿ ਜੇਕਰ ਕੁਝ ਬੱਚੇ ਮੁਕੰਮਲ ਟੀਕਾਕਰਨ ਤੋਂ ਵਾਂਝੇ ਰਹਿ ਜਾਂਦੇ ਹਨ ਤਾਂ ਉਸ ਬੀਮਾਰੀ ਦਾ ਖਤਰਾ ਸਮਾਜ ਤੇ ਬਣਿਆ ਰਹਿੰਦਾ ਹੈ ।ਇਸ ਲਈ ਕਿਸੇ ਵੀ ਬੀਮਾਰੀ ਨੂੰ ਜੜੋਂ ਖਤਮ ਕਰਨ ਲਈ ਸਮਾਜ ਦੇ ਸਾਰੇ ਬੱਚਿਆਂ ਦਾ ਮੁਕੰਮਲ ਟੀਕਾਕਰਨ ਜਰੂਰੀ ਹੈ। ਇਸ ਲਈ ਪੋਲੀਓ ਅਤੇ ਹੋਰ ਬੀਮਾਰੀਆਂ ਨੂੰ ਸਮਾਜ ਵਿਚੋਂ ਜੜ੍ਹ ਤੋਂ ਖਤਮ ਕਰਨ ਲਈ ਆਪਣੇ ਅਤੇ ਸਮਾਜ ਦੇ ਸਾਰੇ ਬੱਚਿਆਂ ਦਾ ਮੁਕੰਮਲ ਟੀਕਾਕਰਨ ਕਰਨਾ ਯਕੀਨੀ ਬਣਾਇਆ ਜਾਵੇ।ਇਸ ਮੌਕੇ ਸੁਖਮੰਦਰ ਸਿੰਘ ਜਿਲ੍ਹਾ ਮਾਸ ਮੀਡੀਆ ਅਫਸਰ,ਗੁਰਮੇਲ ਕੌਰ ਐਲ.ਐਚ.ਵੀ., ਵਕੀਲ ਸਿੰਘ, ਕੇਵਲਪ੍ਰੀਤ ਕੌਰ ਹਾਜ਼ਰ ਸਨ।

# ਸਕੂਲ ਆਫ ਐਮੀਨੈਂਸ ਵਿਖੇ ਲਗਾਇਆ ਬਿਜਨੈੱਸ ਬਲਾਸਟਰ ਮੇਲਾ

## *ਨੋਡਲ ਅਫਸਰ ਰੁਬੀਨਾ ਚੋਪੜਾ ਅਤੇ ਚੇਅਰਮੈਨ ਜਸਬੀਰ ਸਿੰਘ ਨੇ ਕੀਤਾ ਮੇਲੇ ਦਾ ਉਦਘਾਟਨ.*

ਪੰਜਾਬ ਦਾ ਖੁਲਾਸਾ

**ਮਮਦੋਟ, 25 ਨਵੰਬਰ (ਸ਼ਰਮਾ/ ਹਰਪ੍ਰੀਤ ਸਿੰਘ ਹੈਪੀ)**- ਪੰਜਾਂਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਸਿਖਿਆ ਪ੍ਰਾਪਤ ਕਰ ਰਹੇ ਵਿਦਿਆਰਥੀਆਂ ਅਤੇ ਵਿਦਿਆਰਥਣਾਂ ਵਾਸਤੇ ਇੱਕ ਨਿਵੇਕਲੀ ਪਹਿਲ ਕਰਦਿਆਂ ਓਹਨਾ ਦੇ ਮਨਾਂ ਵਿੱਚ ਇੱਕ ਲਾਭਦਾਇਕ ਅਤੇ ਟਿਕਾਉ ਵਪਾਰਕ ਖਿਆਲ ਪੈਦਾ ਕਰਨ ਅਤੇ ਪੜ੍ਹਾਈ ਤੋਂ ਬਾਅਦ ਓਹਨਾ ਨੂੰ ਖੁਦ ਆਪਣਾ ਬਿਜਨੈੱਸ ਸ਼ੁਰੂ ਕਰਕੇ ਆਪਣੇ ਪੈਰਾਂ ਤੇ ਖੜ੍ਹਾ ਕਰਨ ਦੇ ਉਦੇਸ਼ ਨਾਲ ਸ਼ੁਰੂ ਕੀਤੀ ਬਿਜਨੈੱਸ ਬਲਾਸਟਰ ਸਕੀਮ ਤਹਿਤ ਅੱਜ ਨੋਡਲ ਅਫਸਰ ਸਕੂਲ ਪ੍ਰਿੰਸੀਪਲ ਰੁਬੀਨਾ ਚੋਪੜਾ ਦੀ ਰਹਿਨੁਮਾਈ ਹੇਠ (ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ (ਸਕੂਲ ਆਫ ਐਮੀਨੈਂਸ ) ਮਮਦੋਟ ਵਿਖੇ ਬਿਜਨੈੱਸ ਬਲਾਸਟਰ ਮੇਲਾ ਲਗਾਇਆ ਗਿਆ. ਇਸ ਮੇਲੇ ਦਾ ਉਦਘਾਟਨ ਨੋਡਲ ਅਫਸਰ ਰੁਬੀਨਾ ਚੋਪੜਾ ਅਤੇ ਸਕੂਲ ਮੇਨਜਮੈਂਟ ਕਮੇਟੀ ਦੇ ਚੇਅਰਮੈਨ ਜਸਬੀਰ ਸਿੰਘ ਵੱਲੋਂ ਕੀਤਾ ਗਿਆ. ਮੇਲੇ ਦੌਰਾਨ ਜਿਥੇ ਸਕੂਲ ਦੇ ਸਟਾਫ ਅਤੇ ਬੱਚਿਆਂ ਵੱਲੋਂ ਸਕੂਲੀ ਵਿਦਿਆਰਥਣਾਂ ਵੱਲੋਂ ਆਪਣੇ ਹੱਥਾਂ ਨਾਲ ਖੁਦ ਤਿਆਰ ਕੀਤੀਆਂ ਵਸਤਾਂ ਦੀ ਖ੍ਰੀਦ ਕੀਤੀ ਓਥੇ ਨਾਲ ਹੀ ਓਹਨਾ ਵਿਦਿਆਰਥਣਾਂ ਵੱਲੋਂ ਆਪਣੇ ਹੱਥਾਂ ਨਾਲ ਖੁਦ ਤਿਆਰ ਕੀਤੀ ਭੇਲ ਪੂਰੀ, ਪੌਪ ਕੋਰਨ, ਆਟੇ ਦੀਆਂ ਸੇਵੀਆਂ ਸਮੇਤ ਕਈ ਹੋਰ ਵਿਅੰਜਨਾਂ ਦਾ ਵੀ ਖੂਬ ਆਨੰਦ ਮਾਣਿਆ ਅਤੇ ਜੂਟ ਤੋਂ ਬਣੀਆਂ ਆਈਟਮਾਂ ਖਰੀਦੀਆਂ . ਸਕੂਲੀ ਬੱਚੇ ਆਪਣੇ ਹੀ ਸਾਥੀਂ ਬੱਚਿਆਂ ਵੱਲੋਂ ਤਿਆਰ ਕੀਤੀਆਂ ਵਸਤਾਂ ਨੂੰ ਖ੍ਰੀਦ ਕੇ ਇੱਕ ਵੱਖਰੀ ਤਰਾਂ ਦੀ ਖੁਸ਼ੀ ਮਹਿਸੂਸ ਕਰ ਰਹੇ ਸਨ. ਇਸ ਮੌਕੇ ਗੱਲਬਾਤ ਕਰਦਿਆਂ ਨੋਡਲ ਅਫਸਰ ਰੁਬੀਨਾ ਚੋਪੜਾ ਅਤੇ ਕਮਲ ਗੋਇਲ ਅਸਿਸਟੈਂਸ ਨੋਡਲ ਅਫਸਰ ਨੇ ਦੱਸਿਆ ਕਿ ਪੰਜਾਬ ਸਕੂਲ ਸਿਖਿਆ ਵਿਭਾਗ ਦੀ ਇਸ ਨਿਵੇਕਲੀ ਪਹਿਲ ਨਾਲ ਬੱਚਿਆਂ ਵਿੱਚ ਆਪਣਾ ਬਿਜਨੈੱਸ ਕਰਨ ਦੀ ਰੁੱਚੀ ਵਿੱਚ ਵਾਧਾ ਹੋਵੇਂਗਾ ਤੇ ਓਹਨਾ ਦਾ ਆਤਮ ਵਿਸ਼ਵਾਸ਼ ਵੀ ਵਧੇਗਾ. ਓਹਨਾ ਦੱਸਿਆ ਕਿ ਇਸ ਮੇਲੇ ਨੂੰ ਸਫਲ ਬਣਾਉਣ ਅਤੇ ਬੱਚਿਆਂ ਨੂੰ ਗਾਈਡ ਕਰਨ ਵਿੱਚ ਨੀਲਮ ਕੱਕੜ ਮੈਥ ਲੈਕਚਰਾਰ , ਕੁਲਵਿੰਦਰ ਕੌਰ ਪੰਜਾਬੀ ਮਿਸਟ੍ਰੈਸ, ਅਜੇ ਕੁਮਾਰ, ਰਾਜੇਸ਼ ਜੈਨ, ਨਿਰਮਲ ਸਿੰਘ ਵੱਲੋਂ ਅਹਿਮ ਭੂਮਿਕਾ ਨਿਭਾਈ ਗਈ ਹੈ. ਇਸ ਮੌਕੇ ਦਵਿੰਦਰ ਕੌਰ, ਹਰਮਨ ਕੌਰ ਰਵਿੰਦਰ ਸਿੰਘ ਅਤੇ ਸਕੂਲ ਮੈਨਜਮੈਂਟ ਕਮੇਟੀ ਦੇ ਮੈਂਬਰ ਸਹਿਬਾਨ ਹਾਜ਼ਰ ਸਨ.



# ਆਮ ਪਬਲਿਕ ਨੂੰ ਨਸ਼ਿਆਂ ਵਿਰੁੱਧ ਸੈਮੀਨਾਰ ਦਾ ਆਯੋਜਨ ਕਰ ਕੀਤਾ ਜਾਗਰੂਕ

## ਨਸ਼ਿਆਂ ਦੇ ਕਾਰੋਬਾਰੀ ਦਾ ਪਤਾ ਦੱਸਣ ਵਾਲੇ ਦਾ ਨਾਮ ਰੱਖਿਆ ਜਾਵੇਗਾ ਗੁਪਤ-ਐਸ.ਐਸ.ਪੀ.

ਪੰਜਾਬ ਦਾ ਖੁਲਾਸਾ

**ਜਗਰਾਉਂ, 25 ਨਵੰਬਰ (ਜਸਵਿੰਦਰ ਸਿੰਘ ਡਾਂਗੀਆ)** ਪੁਲਿਸ ਜ਼ਿਲਾ ਲੁਧਿਆਣਾ ਦਿਹਾਤੀ ਦੇ ਐਸਐਸਪੀ ਨਵਨੀਤ ਸਿੰਘ ਬੈਂਸ ਵੱਲੋਂ ਲੋਕਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ "ਮਿਸ਼ਨ ਸੰਪਰਕ" ਦੇ ਤਹਿਤ ਵੱਖ ਵੱਖ ਪਿੰਡਾਂ ਵਿੱਚ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਹਨ। ਇਸੇ ਦੇ ਤਹਿਤ ਡੀ.ਐਸ.ਪੀ.(ਡੀ) ਗੁਰ ਇਕਬਾਲ ਸਿੰਘ ਅਤੇ ਥਾਣਾ ਸਿਧਵਾਂ ਬੇਟ ਦੇ ਮੁੱਖ ਅਫਸਰ ਇੰਸਪੈਕਟਰ ਜਸਵੀਰ ਸਿੰਘ ਤੂਰ ਦੀ ਅਗਵਾਈ ਹੇਠ ਸਿੱਧਵਾਂ ਬੇਟ ਦੇ ਨੇੜੇ ਦੇਵ ਫਾਰਮ ਵਿਖੇ ਪੁਲਿਸ ਪਬਲਿਕ ਪਾਰਟਨਰਸ਼ਿਪ ਪ੍ਰੋਗਰਾਮ ਤਹਿਤ ਆਮ ਪਬਲਿਕ ਨੂੰ ਨਸ਼ਿਆਂ ਦੇ ਵਿਰੁੱਧ ਜਾਗਰੂਕ ਕਰਣ ਲਈ ਇੱਕ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਚੌਕੀ ਗਿੱਦੜਪਿੰਡੀ ਦੇ ਮੁੱਖ ਅਫਸਰ ਰਾਜ ਵਰਿੰਦਰ ਪਾਲ ਸਿੰਘ, ਚੌਕੀ ਭੂੰਦੜੀ ਦੇ ਮੁੱਖ ਅਫਸਰ ਦਲਜੀਤ ਸਿੰਘ ਹਾਜ਼ਰ ਸਨ। ਸਿੱਧਵਾਂ ਬੇਟ ਏਰੀਏ ਦੇ ਪਿੰਡਾਂ ਦੀਆਂ ਪੰਚਾਇਤਾ ਦੇ ਸਰਪੰਚ, ਪੰਚ ਅਤੇ ਹੋਰ ਪਤਵੰਤੇ ਸੱਜਣ ਹਾਜ਼ਿਰ ਹੋਏ। ਇਸ ਮੌਕੇ ਸਭ ਨੇ ਨਸ਼ਿਆਂ ਦੇ ਵਿਰੁੱਧ ਪੁਲਿਸ ਨਾਲ ਪੂਰਾ ਸਹਿਯੋਗ ਦੇਣ ਦਾ ਵਾਅਦਾ ਕੀਤਾ, ਕਈ ਸਰਪੰਚਾ ਨੇ ਕਿਹਾ ਕਿ ਉਹਨਾਂ ਨੇ ਤਾ ਅਪਣੇ ਪਿੰਡ ਦੀ ਪੰਚਾਇਤ ਦੀ ਮੀਟਿੰਗ ਕਰ ਕੇ ਮਤਾ ਪਾ ਦਿੱਤਾ ਹੈਂ ਕਿ ਉਹ ਨਸ਼ਾ ਕਰਨ ਵਾਲੇ ਅਤੇ ਨਸ਼ਾ ਵੇਚਣ ਵਾਲੇ ਦਾ ਬਿਲਕੁੱਲ ਸਾਥ ਨਹੀ ਦੇਣਗੇ ਸਗੋਂ ਇਸਦੀ ਇਤਲਾਹ ਪੁਲਿਸ ਨੂੰ ਦੇਕੇ ਉਸਨੂੰ ਸਜ਼ਾ ਦੁਆਣਗੇ। ਇਸ ਮੌਕੇ ਐਸ.ਐਚ.ਓ. ਨੇ ਸਾਰੀ ਪਬਲਿਕ ਨੂੰ ਆਪਣਾ ਨੰਬਰ ਅਤੇ ਪੰਜਾਬ ਸਰਕਾਰ ਵੱਲੋਂ ਜਾਰੀ ਕੀਤਾ ਹੈਲਪਲਾਈਨ ਮੋਬਾਈਲ ਨੰਬਰ ਦਿੱਤਾ ਅਤੇ ਕਿਹਾ ਕਿ ਉਹ ਕਿਸੇ ਵੇਲੇ ਵੀ ਉਹਨਾਂ ਨਾਲ ਸੰਪਰਕ ਕਰ ਸਕਦੇ ਹਨ , ਉਹਨਾਂ ਕਿਹਾ ਕਿ ਨਸ਼ੇ ਦੇ ਕਾਰੋਬਾਰੀ ਦਾ ਪਤਾ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ।

ਇਸ ਮੌਕੇ ਮੰਚ ਸੰਚਾਲਣ ਦੀ ਅਹਿਮ ਭੂਮਿਕਾ ਕੈਪਟਨ ਨਰੇਸ਼ ਵਰਮਾ ਨੇ ਬਾਖੂਬੀ ਨਿਭਾਈ। ਇਸ ਮੌਕੇ ਤੇ ਸਿੱਧਵਾਂ ਬੇਟ ਏਰੀਏ ਦੇ ਸਰਪੰਚ,ਪੰਚਾਇਤ ਮੇਂਬਰ ਅਤੇ ਹੋਰ ਪਤਵੰਤੇ ਸੱਜਣ ਵੀ ਹਾਜ਼ਿਰ ਸਨ।

ਕੀ ਕਹਿਣਾ ਹੈ ਐਸ.ਐਸ.ਪੀ. ਨਵਨੀਤ ਸਿੰਘ ਬੈਂਸ ਦਾ

ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਐਸਐਸਪੀ ਨਵਨੀਤ ਸਿੰਘ ਬੈਂਸ ਨੇ ਕਿਹਾ ਕਿ ਨਸ਼ਿਆਂ ਖਿਲਾਫ "ਮਿਸ਼ਨ ਸੰਪਰਕ" ਜੋ ਮੁਹਿੰਮ ਚਲਾਈ ਗਈ ਹੈ ਉਸ ਦੇ ਤਹਿਤ ਪੁਲਿਸ ਵੱਲੋਂ ਸਮੇਂ ਸਮੇਂ ਤੇ ਸਰਚ ਆਪਰੇਸ਼ਨ ਕੀਤੇ ਜਾ ਰਹੇ ਹਨ ।ਉਨ੍ਹਾਂ ਕਿਹਾ ਕਿ ਨਸ਼ੇ ਦਾ ਕਾਰੋਬਾਰ ਕਰਨ ਵਾਲੇ ਨੂੰ ਬਖਸ਼ਿਆ ਨਹੀਂ ਜਾਵੇਗਾ ਤੇ ਪੁਲਿਸ ਨੂੰ ਇਸ ਵਿੱਚ ਲਗਾਤਾਰ ਕਾਮਯਾਬੀ ਵੀ ਮਿਲ ਰਹੀ ਹੈ।

ਉਨ੍ਹਾਂ ਪਬਲਿਕ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਅੰਦਰੋਂ ਨਸ਼ਿਆਂ ਨੂੰ ਜੜ ਤੋਂ ਖਤਮ ਕਰਨ ਲਈ ਪੁਲਿਸ ਦਾ ਬੇਝਿਜਕ ਹੋ ਕੇ ਸਾਥ ਦੇਣ ਅਤੇ ਆਪਣੇ ਆਪਣੇ ਪਿੰਡ ਵਿੱਚ ਸੀਸੀ ਟੀਵੀ ਕੈਮਰੇ ਜਰੂਰ ਲਗਵਾਉਣ।





# ਪੰਥਕ ਮਸਲਿਆਂ ਤੇ ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ ਅਤੇ ਇੰਟਰਨੈਸ਼ਨਲ ਫੈਡਰੇਸ਼ਨ ਵੱਲੋਂ ਕਰਵਾਇਆ ਪਹਿਲਾ ਸੈਮੀਨਾਰ

ਪੰਜਾਬ ਦਾ ਖੁਲਾਸਾ

**ਰਾਮੇਆਣਾ, 25 ਨਵੰਬਰ ( ਮਾਸਟਰ ਸਰਬਜੀਤ ਸਿੰਘ ਮਲਹੋਤਰਾ)** ਪੰਥਕ ਏਕਤਾ ਦੇ ਮੁੱਦਈ, ਕੌਮੀ ਸੁਤੰਤਰਤਾ ਦੇ ਸਵਰਗਵਾਸੀ ਭਾਈ ਪਰਮਜੀਤ ਸਿੰਘ ਖਾਲਸਾ ਦੀ ਨਿੱਘੀ ਅਤੇ ਮਿੱਠੀ ਯਾਦ ਵਿੱਚ ਪਹਿਲਾ ਸੈਮੀਨਾਰ ਇਸ਼ਮੀਤ ਸੰਗੀਤ ਅਕੈਡਮੀ ਲੁਧਿਆਣਾ ਵਿਖੇ ਇੰਟਰਨੈਸ਼ਨਲ ਸਿੱਖ ਫੈਡਰੇਸ਼ਨ ਅਤੇ ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ ਵਲੋਂ ਕਰਵਾਇਆ ਗਿਆ , ਜਿਸ ਵਿੱਚ ਭਾਈ ਲਵਪ੍ਰੀਤ ਸਿੰਘ ਸਰਕਲ ਪ੍ਰਧਾਨ ਕੋਟਕਪੂਰਾ ਨੇ ਆਪਣੀ ਜਥੇਬੰਦੀ ਸਮੇਤ ਹਾਜ਼ਰੀ ਭਰੀ। ਇਸ ਸੈਮੀਨਾਰ ਵਿੱਚ ਫੈਡਰੇਸ਼ਨ ਆਗੂਆਂ ਨੇ ਵੱਖ ਵੱਖ ਮੁੱਦੇ ਉੱਤੇ ਗੱਲ ਕੀਤੀ , ਜਿਵੇਂ ਕਿ ਸਿੱਖ ਕੌਮ ਨੂੰ ਦਰਪੇਸ਼ ਚੁਣੌਤੀਆਂ, ਸਮੱਸਿਆਵਾਂ, ਭਾਰਤੀ ਰਾਜਤੰਤਰ ਵਲੋਂ ਕੀਤੇ ਜਾ ਰਹੇ ਜ਼ੁਲਮਾਂ ਤੇ ਧੱਕੇਸ਼ਾਹੀਆ ਅਤੇ ਦੇਸ਼ ਪੰਜਾਬ ਦੇ ਹੱਕਾਂ ਅਧਿਕਾਰਾਂ ਆਦਿ ਵਿਸ਼ਿਆਂ ਨੂੰ ਲੈ ਕਿ ਵਿਚਾਰ ਕੀਤੀ। ਇਸ ਸੈਮੀਨਾਰ ਵਿੱਚ ਸਿੱਖ ਚਿੰਤਕ, ਪ੍ਰੋਫੈਸਰ, ਬੁੱਧੀਜੀਵੀ ਅਤੇ ਸਿੰਘ ਸਾਹਿਬਾਨ ਨੇ ਹਾਜ਼ਰੀ ਭਰੀ। ਕੌਮ ਨੂੰ ਦਰਪੇਸ਼ ਸਮੱਸਿਆ ਤੋਂ ਜਾਣੂ



ਕਰਵਾਇਆ ਅਤੇ ਉਹਨਾਂ ਦੇ ਹੱਲ ਲਈ ਆਪਣੇ ਵਿਚਾਰ ਸਾਂਝੇ ਕੀਤੇ , ਜਿਸ ਵਿੱਚ ਆਲ ਇੰਡੀਆ ਸਿੱਖ ਫੈਡਰੇਸ਼ਨ ਦੇ ਕੌਮੀ ਪ੍ਰਧਾਨ ਭਾਈ ਦਲੇਰ ਸਿੰਘ ਡੋਡ , ਇੰਟਰਨੈਸ਼ਨਲ ਫੈਡਰੇਸ਼ਨ ਭਾਈ ਮੇਜਰ ਸਿੰਘ ,ਜਿਲ੍ਹਾ ਪ੍ਰਧਾਨ ਧਰਮਿੰਦਰ ਸਿੰਘ ਜੈਤੋ, ਮੁਕੰਦ ਸਿੰਘ ਸਰਾਵਾਂ , ਹਰਪ੍ਰੀਤ ਸਿੰਘ ਕੋਟਕਪੂਰਾ, ਸਾਹਿਬ ਸਿੰਘ ਮੱਤਾ ਅਤੇ ਦੀਪ ਸਿੰਘ ਖਾਲਸਾ ਨੇ ਹਾਜ਼ਰੀ ਭਰੀ ?

# ਕੇਂਦਰ ਸਰਕਾਰ ਨਾਲ ਨਾ-ਮਿਲਵਰਤਣ ਅਤੇ ਟਕਰਾਅ ਦਾ ਪੰਜਾਬ ਨੂੰ ਹਮੇਸ਼ਾ ਨੁਕਸਾਨ ਹੋਇਆ ਪਰ ਕਈ ਸਿਆਸੀ ਲੋਕਾਂ ਨੇ ਨਿੱਜੀ ਫਾਇਦਾ ਚੁੱਕਿਆ ਸਿਆਗ

## ਸੁਸ਼ੀਲ ਸਿਆਗ ਨੇ ਮਹਾਰਾਸ਼ਟਰ ਵਿਚ ਭਾਜਪਾ ਦੀ ਜਿੱਤ 'ਤੇ ਪੰਜਾਬੀਆਂ ਨੂੰ ਵਧਾਈ ਦਿੱਤੀ ਅਤੇ 2027 ਵਿਚ ਪੰਜਾਬ ਵਿਚ ਭਾਜਪਾ ਦੀ ਸਰਕਾਰ ਬਣਾਉਣ ਦਾ ਸੱਦਾ ਦਿੱਤਾ

ਪੰਜਾਬ ਦਾ ਖੁਲਾਸਾ

**ਪੱਟੀ ਸਦੀਕ, 25 ਨਵੰਬਰ (ਬਲਕਰਨ ਸਿੰਘ ਮਸ਼ਾਲ)**- ਭਾਜਪਾ ਆਗੂ ਅਤੇ ਪ੍ਰਭਾਵਸ਼ਾਲੀ ਬੁਲਾਰੇ ਸੁਸ਼ੀਲ ਸਿਆਗ ਢੀਂਗਾ ਵਾਲੀ ਨੇ ਮਹਾਰਾਸ਼ਟਰ ਵਰਗੇ ਵੱਡੇ ਸੂਬੇ ਵਿਚ ਭਾਜਪਾ ਦੀ ਸ਼ਾਨਦਾਰ ਜਿੱਤ 'ਤੇ ਪੰਜਾਬੀਆਂ ਨੂੰ ਵਧਾਈ ਦਿੰਦਿਆਂ ਪੰਜਾਬ ਦੇ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਪੰਜਾਬ ਦੇ ਉੱਜਵਲ ਭਵਿੱਖ ਲਈ ਭਾਜਪਾ ਦੇ ਨਾਲ ਚੱਲਣ ਅਤੇ 2027 ਵਿੱਚ ਬੀਜੇਪੀ ਦੀ ਡਬਲ ਇੰਜਣ ਵਾਲੀ ਸਰਕਾਰ ਲਿਆਉਣ।ਸਿਆਗ ਨੇ ਕਿਹਾ ਕਿ ਜੇਕਰ ਪੰਜਾਬ ਖੇਤੀ ਪ੍ਰਧਾਨ ਸੂਬਾ ਹੈ ਤਾਂ ਸਾਡਾ ਗੁਆਂਢੀ ਸੂਬਾ ਹਰਿਆਣਾ ਵੀ ਇੱਕ ਖੇਤੀ ਪ੍ਰਧਾਨ ਸੂਬਾ ਹੈ ਅਤੇ ਇੱਥੋਂ ਦੇ ਲੋਕਾਂ ਨੇ ਕੇਂਦਰ ਸਰਕਾਰ ਨਾਲ ਸੁਹਿਰਦ ਸਬੰਧ ਬਣਾ ਕੇ ਤਰੱਕੀ ਦੇ ਨਵੇਂ ਆਯਾਮ ਸਥਾਪਤ ਕਰ ਰਹੇ ਹਨ।ਸਿਆਗ ਨੇ ਦੋਸ਼ ਲਾਇਆ ਕਿ ਕੁਝ ਸਵਾਰਥੀ ਲੀਡਰਾਂ ਨੇ ਅਪਣੇ ਸੌੜੇ ਹਿੱਤਾਂ ਲਈ ਪੰਜਾਬੀਆਂ ਦੇ ਮਨਾਂ ਵਿੱਚ ਭਾਜਪਾ ਅਤੇ ਕੇਂਦਰ ਸਰਕਾਰ ਵਿਰੁੱਧ ਨਫ਼ਰਤ ਦਾ ਜਾਲ ਬੁਣਿਆ ਹੋਇਆ ਹੈ,ਜਿਸ ਵਿੱਚ ਪੰਜਾਬੀਆਂ ਨੂੰ ਸੋਚਣਾ ਪਵੇਗਾ ਕਿ ਕਿਹੜੀ ਪਾਰਟੀ ਉਨ੍ਹਾਂ ਦੇ ਹਿੱਤ ਵਿੱਚ ਹੈ।ਸਿਆਗ ਨੇ ਕਿਹਾ ਕਿ ਉਹ ਸਮਝਦੇ ਹਨ ਕਿ ਇਸ ਸੰਘਰਸ਼ ਦਾ ਸਭ ਤੋਂ ਵੱਧ ਅਸਰ ਪਿਆ ਹੈ ਜਾਂ ਇਸ ਦੀ ਕੀਮਤ ਚੁਕਾਉਣੀ ਪਈ ਹੈ ਤਾਂ ਉਹ ਸਾਡੀ ਨਵੀਂ ਪੀੜ੍ਹੀ ਹੈ,ਜਿਨ੍ਹਾਂ ਨੇ ਇਹ ਸਮਝ ਲਿਆ ਹੈ ਕਿ ਪੰਜਾਬ ਦੇ ਅੰਦਰ ਲਗਾਤਾਰ ਗੜਬੜ ਵਾਲਾ ਮਾਹੌਲ, ਕੁਝ ਸਿਆਸੀ ਪਾਰਟੀਆਂ ਦੇ ਖਾਸ ਉਦੇਸ਼ਾਂ ਅਤੇ ਖਾਹਿਸ਼ਾਂ ਦੀ ਪੂਰਤੀ ਲਈ ਕੀਤੇ ਜਾ ਰਹੇ ਧਰਨੇ, ਮੁਜ਼ਾਹਰੇ, ਟਕਰਾਅ ਪੰਜਾਬ ਨੂੰ ਲਗਾਤਾਰ ਪਿੱਛੇ ਧੱਕ ਰਹੇ ਹਨ।ਸਿਆਗ ਨੇ ਕਿਹਾ ਕਿ ਅੱਜ ਪੰਜਾਬ ਦੇ ਨਿਰਾਸ਼ਜਨਕ ? ਸ਼ਾਸਨ ਤੋਂ ਆਸ ਛੱਡ ਕੇ ਨੌਜਵਾਨ ਰੁਜ਼ਗਾਰ ਦੀ ਭਾਲ ਵਿਚ ਪੰਜਾਬ ਦੇ ਪਿੰਡਾਂ ਨੂੰ ਛੱਡ ਕੇ ਵਿਦੇਸ਼ਾਂ ਵਿਚ ਆਪਣਾ ਭਵਿੱਖ ਲੱਭ ਰਹੇ ਹਨ।ਆਪ ਪਾਰਟੀ ਨੂੰ 2022 ਦੇ ਵਿੱਚ ਮੌਕਾ ਦਿੱਤਾ ਗਿਆ ਸੀ,ਪਰ ਆਪ ਪਾਰਟੀ ਨੇ ਪੰਜਾਬ ਨੂੰ ਡੇਮੋ ਵਜੋਂ ਹੀ ਵਰਤਿਆ ਅਤੇ 'ਆਪ' ਸਰਕਾਰ ਲਗਾਤਾਰ ਕਰਜ਼ੇ ਲੈ ਕੇ ਪੰਜਾਬ ਦੀ ਕੀਮਤ 'ਤੇ ਪੂਰੇ ਦੇਸ਼ ਵਿਚ ਆਪਣੀ ਪਾਰਟੀ ਦਾ ਪ੍ਰਚਾਰ ਕਰ ਰਹੀ ਹੈ ਅਤੇ ਇਸ ਨੇ ਆਪਣੇ ਅਤਜੁਰਬੇਕਾਰ ਨਾਲ ਪੰਜਾਬ ਨੂੰ ਕਈ ਦਹਾਕੇ ਪਿੱਛੇ ਧੱਕ ਦਿੱਤਾ ਹੈ।ਸਿਆਗ ਨੇ ਦਾਅਵਾ ਕੀਤਾ ਕਿ ਪੰਜਾਬ ਲਈ ਉਮੀਦ ਦੀ ਇੱਕ ਨਵੀਂ ਕਿਰਨ ਭਾਰਤੀ ਜਨਤਾ ਪਾਰਟੀ ਹੈ ਜਿਸ ਨੇ ਹਮੇਸ਼ਾ ਹੀ ਸਿੱਖ ਕੌਮ ਅਤੇ ਪੰਜਾਬੀਆਂ ਦੇ ਹਿੱਤਾਂ ਦੀ ਰਾਖੀ ਕੀਤੀ ਹੈ।ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਸਾਹਿਬਜ਼ਾਦਿਆਂ ਦਾ ਸ਼ਹੀਦੀ ਦਿਵਸ ਵੀਰ ਬਾਲਕ ਦਿਵਸ ਵਜੋਂ ਮਨਾਇਆ ਗਿਆ,ਨਨਕਾਣਾ ਸਾਹਿਬ ਦਾ ਲਾਂਘਾ ਖੋਲ ਕੇ ਸਿੱਖਾਂ ਨੂੰ ਖੁੱਲ੍ਹੇ ਦਰਸ਼ਨ ਦੀਦਾਰ ਕਰਨ ਦਾ ਮੌਕਾ ਪ੍ਰਦਾਨ ਕੀਤਾ ਗਿਆ ਸੀ।ਪ੍ਰਧਾਨ ਮੰਤਰੀ ਮੋਦੀ ਪੰਜਾਬ ਲਈ ਇੱਕ ਵਿਜ਼ਨ ਰੱਖਦੇ ਹਨ ਅਤੇ ਅੱਧੀ ਸਦੀ ਤੋਂ ਪੰਜਾਬ ਜਿਨਾਂ ਸਮੱਸਿਆਵਾਂ ਦਾ ਸਾਹਮਣਾ ਕਰ ਰਿਹਾ ਹੈ ਅਤੇ ਲਟਕਦੇ ਮਸਲਿਆਂ ਨੂੰ ਹੱਲ ਕਰਨਾ ਚਾਹੁੰਦੇ ਹਨ,ਜਿਨ੍ਹਾਂ ਨੇ ਪੰਜਾਬ ਦੇ ਲੋਕਾਂ ਨੂੰ ਉਲਝਾਇਆ ਹੋਇਆ ਹੈ। ਪਰ ਕੁਝ ਸਿਆਸੀ ਪਾਰਟੀਆਂ ਇਸ ਵਿੱਚ ਅੜਿੱਕਾ ਬਣੀਆਂ ਹੋਈਆਂ ਹਨ।





# ਕਾਰਪੋਰੇਸ਼ਨ ਚੋਣਾਂ ਮਈ 2021 ਦੀ ਵੋਟਰ ਸੂਚੀ ਅਨੁਸਾਰ ਹੋਈਆਂ ਤਾਂ ਹਜਾਰਾਂ ਨਵੇਂ ਨੋਜਵਾਨ ਵੋਟਰ ਰਹਿ ਜਾਣਗੇ ਵੋਟ ਦੇ ਅਧਿਕਾਰ ਤੋਂ ਵਾਂਝੇ - ਖੁਰਾਣਾ/ਚੰਦੀ

ਪੰਜਾਬ ਦਾ ਖੁਲਾਸਾ

**ਫਗਵਾੜਾ, 25 ਨਵੰਬਰ (ਪ੍ਰੀਤ ਕੌਰ ਪ੍ਰੀਤੀ)** ਸ਼੍ਰੋਮਣੀ ਅਕਾਲੀ ਦਲ (ਬ) ਦੇ ਹਲਕਾ ਸ਼ਹਿਰੀ ਇੰਚਾਰਜ ਰਣਜੀਤ ਸਿੰਘ ਖੁਰਾਣਾ ਅਤੇ ਦਿਹਾਤੀ ਹਲਕਾ ਇੰਚਾਰਜ ਰਾਜਿੰਦਰ ਸਿੰਘ ਚੰਦੀ ਨੇ ਐਸ.ਡੀ.ਐਮ. ਕਮ ਚੋਣ ਅਫਸਰ ਫਗਵਾੜਾ ਜਸ਼ਨਜੀਤ ਸਿੰਘ , ਡਿਪਟੀ ਕਮੀਸ਼ਨਰ ਕਪੂਰਥਲਾ ਅਤੇ ਚੋਣ ਕਮੀਸ਼ਨ ਪੰਜਾਬ ਤੋਂ ਮੰਗ ਕੀਤੀ ਹੈ ਕਿ ਅਗਲੇ ਮਹੀਨੇ ਹੋਣ ਵਾਲੀਆਂ ਕਾਰਪੋਰੇਸ਼ਨ ਚੋਣਾਂ ਦੌਰਾਨ ਵਾਰਡਬੰਦੀ 2020 ਦੇ ਨਾਲ ਵੋਟਰ ਲਿਸਟ 2024 ਵਾਲੀ ਜਾਰੀ ਕੀਤੀ ਜਾਵੇ। ਅੱਜ ਇੱਥੇ ਗੱਲਬਾਤ ਦੌਰਾਨ ਖੁਰਾਣਾ ਅਤੇ ਚੰਦੀ ਨੇ ਕਿਹਾ ਕਿ ਸੁਪਰੀਮ ਕੋਰਟ ਦੇ ਹੁਕਮਾਂ ਨਾਲ ਹੋ ਰਹੀਆਂ ਨਗਰ ਨਿਗਮ ਫਗਵਾੜਾ ਦੀਆਂ ਚੋਣਾਂ ਵਿੱਚ 2020 ਦੀ ਵਾਰਡਬੰਦੀ ਦੇ ਨਾਲ ਮਿਤੀ 05-05-2021 ਤੱਕ ਬਣੀਆਂ ਹੋਈਆ ਵੋਟਾਂ ਦੀਆਂ ਲਿਸਟਾਂ ਜਾਰੀ ਕੀਤੀਆਂ ਗਈਆਂ ਹਨ। ਜੋ ਕਿ ਸਰਾਸਰ ਧੱਕਾ ਹੈ ਜਦਕਿ 25 ਨਵੰਬਰ 2024 ਤੱਕ ਹਜ਼ਾਰਾਂ ਦੀ ਗਿਣਤੀ ਵਿੱਚ ਫਗਵਾੜਾ ਵਿੱਚ ਨਵੀਆਂ ਨੋਜਵਾਨ ਕੁੜੀਆਂ ਮੁੰਡਿਆਂ ਦੀਆਂ ਵੋਟਾਂ ਬਣ ਚੁੱਕੀਆ ਹਨ। ਇਸ ਤੋਂ ਇਲਾਵਾ ਕਈ ਵੋਟਰਾਂ ਦੀ ਮੌਤ ਹੋ ਚੁੱਕੀ ਹੈ ਅਤੇ ਕਈ ਸੰਬੰਧਤ ਵਾਰਡਾਂ ਵਿਚ ਆਪਣੀ ਰਿਹਾਇਸ਼ ਛੱਡ ਕੇ ਜਾ ਚੁੱਕੇ ਹਨ। ਇਸ ਲਈ ਲੋਕਤੰਤਰ ਦੀਆਂ ਕਦਰਾਂ-ਕੀਮਤਾਂ ਦਾ ਧਿਆਨ ਰੱਖਿਆ ਜਾਵੇ ਅਤੇ ਨਵੇਂ ਨੋਜਵਾਨ ਵੋਟਰਾਂ ਨੂੰ ਵੀ ਅਪਣੀ ਵੋਟ ਪਾਉਣ ਦਾ ਹੱਕ ਦਿੱਤਾ ਜਾਵੇ , ਇਸ ਲਈ ਮਿਤੀ 25 ਨਵੰਬਰ 2024 ਤੱਕ ਬਣੀਆ ਹੋਈਆਂ ਵੋਟਾਂ ਇਲਾਕਾ ਬੀ.ਐਲ.ਓ ਨੂੰ ਕਹਿ ਕੇ ਨਾਲ ਨੱਥੀ ਕੀਤੀਆਂ ਜਾਣ। ਰਣਜੀਤ ਸਿੰਘ ਖੁਰਾਣਾ ਨੇ ਕਿਹਾ ਕਿ ਜਿਨ੍ਹਾਂ ਵੋਟਰਾਂ ਦੀ ਮੌਤ ਹੋ ਚੁੱਕੀ ਹੈ ਜਾਂ ਏਰੀਏ ਛੱਡ ਕੇ ਜਾ ਚੁੱਕੇ ਹਨ, ਉਹਨਾਂ ਦੀਆਂ ਵੋਟਾਂ ਵੋਟਰ ਸੂਚੀਆਂ ਵਿਚੋਂ ਕੱਟੀਆਂ ਜਾਣ ਤਾਂ ਜੋ ਚੋਣ ਪ੍ਰਕ੍ਰਿਆ ਨੂੰ ਸਹੀ ਢੰਗ ਦੇ ਨਾਲ ਨੇਪਰੇ ਚਾੜ੍ਹਿਆ ਜਾ ਸਕੇ।





# ਦਿਲਚਸਪ ਮੁਕਾਬਲੇ ਵਿੱਚ ਆਈ.ਟੀ.ਬੀ.ਪੀ. ਸੀਆਰਪੀਐਫ ਦੀ ਟੀਮ ਨੂੰ ਹਰਾ ਕੇ ਫੁੱਟਬਾਲ ਟੂਰਨਾਮੈਂਟ ਜਿੱਤਿਆ

ਪੰਜਾਬ ਦਾ ਖੁਲਾਸਾ

**ਫਗਵਾੜਾ, 25 ਨਵੰਬਰ (ਪ੍ਰੀਤ ਕੌਰ ਪ੍ਰੀਤੀ)** ਫਗਵਾੜਾ ਫੁੱਟਬਾਲ ਅਕੈਡਮੀ ਵੱਲੋਂ ਅਕਾਲ ਸਟੇਡੀਅਮ ਫਗਵਾੜਾ ਵਿਖੇ ਫੁੱਟਬਾਲ ਟੂਰਨਾਮੈਂਟ ਕਰਵਾਇਆ ਗਿਆ। ਇਸ ਟੂਰਨਾਮੈਂਟ ਦੇ ਫਾਈਨਲ ਮੈਚ ਵਿੱਚ ਆਈ.ਟੀ.ਬੀ.ਪੀ ਲੁਧਿਆਣਾ ਅਤੇ ਸੀ.ਆਰ.ਪੀ.ਐਫ ਜਲੰਧਰ ਵਿਚਕਾਰ ਰੋਮਾਂਚਕ ਮੁਕਾਬਲਾ ਦੇਖਣ ਨੂੰ ਮਿਲਿਆ। 90 ਮਿੰਟ ਦੇ ਨਿਰਧਾਰਤ ਸਮੇਂ ਵਿੱਚ ਕੋਈ ਗੋਲ ਨਹੀਂ ਹੋ ਸਕਿਆ। ਜਿਸ ਤੋਂ ਬਾਅਦ ਪੰਦਰਾਂ ਮਿੰਟ ਦਾ ਵਾਧੂ ਸਮਾਂ ਦਿੱਤਾ ਗਿਆ। ਆਈਟੀਬੀਪੀ ਦੀ ਟੀਮ ਨੇ ਸੀਆਰਪੀਐਫ ਖ਼ਿਲਾਫ਼ ਗੋਲ ਕੀਤਾ ਪਰ ਦੂਜੇ ਪੰਦਰਾਂ ਮਿੰਟਾਂ ਵਿੱਚ ਕੋਈ ਗੋਲ ਨਹੀਂ ਹੋ ਸਕਿਆ ਅਤੇ ਆਈਟੀਬੀਪੀ ਨੂੰ ਜੇਤੂ ਐਲਾਨ ਦਿੱਤਾ ਗਿਆ। ਸੀਆਰਪੀਐਫ ਦੀ ਟੀਮ ਇੱਕ ਜ਼ੀਰੋ ਨਾਲ ਮੈਚ ਹਾਰ ਗਈ। ਟੂਰਨਾਮੈਂਟ ਦੇ ਪ੍ਰਬੰਧਕ ਤ੍ਰਿਲੋਚਨ ਸਿੰਘ ਨੇ ਦੱਸਿਆ ਕਿ ਫਗਵਾੜਾ ਫੁੱਟਬਾਲ ਅਕੈਡਮੀ ਦੀ ਸਥਾਪਨਾ ਕਰੀਬ 25 ਸਾਲ ਪਹਿਲਾਂ ਹੋਈ ਸੀ, ਇਹ ਟੂਰਨਾਮੈਂਟ ਫਗਵਾੜਾ ਫੁੱਟਬਾਲ ਅਕੈਡਮੀ ਵੱਲੋਂ 23ਵੇਂ ਚਰਨਜੀਤ ਸਿੰਘ ਦੀ ਯਾਦ 'ਚ ਕਰਵਾਇਆ ਜਾਣ ਵਾਲਾ ਦਸਵਾਂ ਟੂਰਨਾਮੈਂਟ ਹੈ ? ਪਹਿਲੀ ਟੀਮ ਨੂੰ 1 ਲੱਖ ਰੁਪਏ ਦਾ ਨਕਦ ਇਨਾਮ ਅਤੇ ਉਪ ਜੇਤੂ ਟੀਮ ਨੂੰ 50 ਹਜ਼ਾਰ ਰੁਪਏ ਦਾ ਨਕਦ ਇਨਾਮ ਦਿੱਤਾ ਗਿਆ। ਇਸ ਦੌਰਾਨ ਮੁੱਖ ਮਹਿਮਾਨ ਵਜੋਂ ਪੁੱਜੇ ਹਲਕਾ ਫਗਵਾੜਾ ਦੇ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਖਿਡਾਰੀਆਂ ਨੂੰ ਸਨਮਾਨਿਤ ਕੀਤਾ ਅਤੇ ਦੋਵਾਂ ਟੀਮਾਂ ਨੂੰ ਟਰਾਫ਼ੀਆਂ ਭੇਟ ਕੀਤੀਆਂ ? ਇਸ ਮੌਕੇ ਸੁਨੀਲ ਕੁਮਾਰ ਆਈ.ਆਰ.ਐਸ ਅਤੇ ਪ੍ਰਸਿੱਧ ਅਧਿਆਪਕ ਪੀ.ਆਰ.ਸੋਂਧੀ ਸਾਬਕਾ ਕੁਸ਼ਤੀ ਕੋਚ ਬੀ.ਐਸ. ਬਾਗਲਾ ਪ੍ਰਿੰਸੀਪਲ ਫਗਵਾੜਾ ਫੁਟਬਾਲ ਅਕੈਡਮੀ, ਰਜਿੰਦਰ ਸਿੰਘ ਪੰਜਾਬ ਪੁਲੀਸ, ਵਰੁਣ ਸ਼ਿੰਗਾਰੀ, ਗੁਰਦੀਪ ਸੈਣੀ, ਨੀਰਜ ਭੱਲਾ, ਸਨਫਲਾਵਰ ਸਕੂਲ ਦੇ ਪ੍ਰਿੰਸੀਪਲ ਰੋਬਿਨ ਸਿੰਘ, ਹਰਕ੍ਰਿਪਾਲ ਸਿੰਘ ਬਾਜਵਾ, ਐਚ.ਸੀ. ਭਨੋਟ, ਗਿਆਨਚੰਦ, ਰਾਮ ਪ੍ਰਕਾਸ਼, ਸਰਬਜੀਤ, ਅਜੇ ਕੁਮਾਰ ਜੰਜੂਆ, ਅਵਤਾਰ ਸਿੰਘ ਕੈਲੇ, ਪਿ੍ਰੰਸੀਪਲ ਜਸਵੀਰ ਸਿੰਘ, ਨਰਿੰਦਰ ਸਿੰਘ ਗੋਲਡੀ, ਇੰਸਪੈਕਟਰ ਸੁਰਿੰਦਰ ਸਿੰਘ ਪਰਮਾਰ, ਪਿ੍ਰੰਸੀਪਲ ਜੁਗਲ ਕਿਸ਼ੋਰ, ਕਿਸ਼ੋਰ ਚਾਹਲ, ਸੇਵਾਮੁਕਤ ਡੀਐੱਸਪੀ ਅਜੀਤ ਸਿੰਘ, ਮਨਜੀਤ ਸਿੰਘ, ਰੂਪ ਲਾਲ, ਜੱਸੀ ਵਿੱਕੀ, , ਅਰੁਣ ਧੀਰ, ਬੰਟੀ ਵਾਲੀਆ, ਡਾ. ਰਮਨ ਸ਼ਰਮਾ, ਸੰਜੀਵ ਸ਼ਰਮਾ, ਸੋਹਣ ਸਿੰਘ, ਰਾਮਕੁਮਾਰ, ਦੀਪਾ ਸੈਣੀ, ਸੁਰਜੀਤ ਸਿੰਘ ਪੰਜਾਬ ਪੁਲਿਸ ਲੰਬਰ, ਰਿਸ਼ੀ, ਪੂਜਾ ਕੁਮਾਰੀ, ਦਮਨ, ਹਰਜਿੰਦਰ ਸਿੰਘ, ਕਸ਼ਮੀਰਾ ਸਿੰਘ ਆਦਿ ਹਾਜ਼ਰ ਸਨ ।



# ਅਸ਼ੋਕ ਭਾਟੀਆ ਦੀ ਪ੍ਰੇਰਣਾ ਸਦਕਾ ਵਾਰਡ ਨੰਬਰ 35 ਤੇ 37 ਦੇ ਅਨੇਕਾਂ ਪਰਿਵਾਰ ਆਪ ਪਾਰਟੀ 'ਚ ਹੋਏ ਸ਼ਾਮਲ





ਪੰਜਾਬ ਦਾ ਖੁਲਾਸਾ

**ਫਗਵਾੜਾ, 25 ਨਵੰਬਰ ( ਪ੍ਰੀਤ ਕੌਰ ਪ੍ਰੀਤੀ)** ਆਮ ਆਦਮੀ ਪਾਰਟੀ ਜਿਲ੍ਹਾ ਕਪੂਰਥਲਾ ਦੇ ਸਕੱਤਰ ਅਸ਼ੋਕ ਭਾਟੀਆ ਦੀ ਪ੍ਰੇਰਣਾ ਸਦਕਾ ਸ਼ਹਿਰ ਦੇ ਵਾਰਡ ਨੰਬਰ 35 ਅਤੇ 37 ਦੇ ਅਨੇਕਾਂ ਪਰਿਵਾਰਾਂ ਨੇ ਅੱਜ ਆਪ ਪਾਰਟੀ ਵਿਚ ਸ਼ਾਮਲ ਹੋਣ ਦਾ ਐਲਾਨ ਕੀਤਾ ਹੈ। ਵੱਖੋ-ਵੱਖਰੀਆਂ ਪਾਰਟੀਆਂ ਨੂੰ ਛੱਡ ਕੇ ਆਪ ਵਿਚ ਸ਼ਾਮਲ ਹੋਏ ਜੀਤ ਰਾਮ, ਬਲਬੀਰ ਕੁਮਾਰ, ਮਦਨ ਲਾਲ, ਮਹਿੰਦਰ ਕੁਮਾਰ, ਰਾਜਵਿੰਦਰ ਅਤੇ ਸਤੀਸ਼ ਕੁਮਾਰ ਬੰਟੀ ਆਦਿ ਨੇ ਕਿਹਾ ਕਿ ਉਹਨਾਂ ਨੇ ਸਾਰੀਆਂ ਹੀ ਪਾਰਟੀਆਂ ਨੂੰ ਆਜਮਾ ਕੇ ਦੇਖ ਲਿਆ ਹੈ ਪਰ ਜੋ ਕੰਮ ਸਿਰਫ ਢਾਈ ਸਾਲ ਦੇ ਸਮੇਂ ਵਿਚ ਭਗਵੰਤ ਮਾਨ ਸਰਕਾਰ ਨੇ ਕੀਤਾ ਹੈ, ਉਸਦੀ ਇਤਿਹਾਸ ਵਿਚ ਕੋਈ ਮਿਸਾਲ ਨਹੀਂ ਹੈ। ਇਸ ਲਈ ਉਹ ਹੁਣ ਹਮੇਸ਼ਾ ਆਪ ਪਾਰਟੀ ਦੇ ਵਫਾਦਾਰ ਸਿਪਾਹੀ ਬਣ ਕੇ ਪਾਰਟੀ ਦੀ ਮਜਬੂਤੀ ਲਈ ਕੰਮ ਕਰਨਗੇ। ਆਪ ਵਿਚ ਸ਼ਾਮਲ ਹੋਏ ਨਵੇਂ ਮੈਂਬਰਾਂ ਦਾ ਸਵਾਗਤ ਅਸ਼ੋਕ ਭਾਟੀਆ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਜਿਲ੍ਹਾ ਜੁਆਇੰਟ ਸਕੱਤਰ ਹਰਜਿੰਦਰ ਸਿੰਘ ਵਿਰਕ, ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਕਸ਼ਮੀਰ ਸਿੰਘ ਮੱਲ੍ਹੀ ਐਡਵੋਕੇਟ, ਮਾਰਕਿਟ ਕਮੇਟੀ ਫਗਵਾੜਾ ਦੇ ਚੇਅਰਮੈਨ ਤਵਿੰਦਰ ਰਾਮ ਅਤੇ ਬਲਾਕ ਪ੍ਰਧਾਨ ਜੋਗਿੰਦਰ ਪਾਲ (ਗੋਪੀ) ਬੇਦੀ ਵਲੋਂ ਬੜੀ ਹੀ ਗਰਮਜੋਸ਼ੀ ਨਾਲ ਕੀਤਾ ਗਿਆ। ਸਮੂਹ ਆਪ ਆਗੂਆਂ ਨੇ ਨਵੇਂ ਸ਼ਾਮਲ ਹੋਏ ਆਪ ਮੈਂਬਰਾਂ ਨੂੰ ਭਰੋਸਾ ਦਿੱਤਾ ਕਿ ਉਹਨਾਂ ਨੂੰ ਪਾਰਟੀ ਵਿਚ ਬਣਦਾ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ। ਅਸ਼ੋਕ ਭਾਟੀਆ ਨੇ ਕਿਹਾ ਕਿ ਪੰਜਾਬ 'ਚ ਹੋਈਆਂ ਚਾਰ ਵਿਧਾਨਸਭਾ ਹਲਕਿਆਂ ਦੀਆਂ ਜਿਮਨੀ ਚੋਣਾਂ 'ਚ ਤਿੰਨ ਸੀਟਾਂ ਤੇ ਪਾਰਟੀ ਨੂੰ ਮਿਲੀ ਸ਼ਾਨਦਾਰ ਜਿੱਤ ਅਤੇ ਆਮ ਲੋਕਾਂ ਵਿਚ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਕੰਮ ਕਰ ਰਹੀ ਸੂਬਾ ਸਰਕਾਰ ਦੀ ਮਕਬੂਲੀਅਤ ਨੂੰ ਦੇਖ ਕੇ ਸਪਸ਼ਟ ਹੈ ਕਿ ਅਗਲੇ ਮਹੀਨੇ ਹੋਣ ਜਾ ਰਹੀਆਂ ਕਾਰਪੋਰੇਸ਼ਨ ਚੋਣਾਂ ਵਿਚ ਫਗਵਾੜਾ ਕਾਰਪੋਰੇਸ਼ਨ ਤੇ ਆਪ ਪਾਰਟੀ ਦਾ ਹੀ ਝੰਡਾ ਲਹਿਰਾਏਗਾ।

# ਭਰਤ ਬੇਦੀ ਨੂੰ ਐਲਾਨਿਆ ਖੱਤਰੀ ਸਭਾ ਫਗਵਾੜਾ ਦੀ ਯੂਥ ਇਕਾਈ ਦਾ ਪ੍ਰਧਾਨ

ਪੰਜਾਬ ਦਾ ਖੁਲਾਸਾ

**ਫਗਵਾੜਾ, 25 ਨਵੰਬਰ ( ਪ੍ਰੀਤ ਕੌਰ ਪ੍ਰੀਤੀ )** ਖੱਤਰੀ ਸਭਾ ਰਜਿ. ਫਗਵਾੜਾ ਦੀ ਇੱਕ ਵਿਸ਼ੇਸ਼ ਮੀਟਿੰਗ ਸਭਾ ਦੇ ਸਰਪ੍ਰਸਤ ਤਰਲੋਚਨ ਸਿੰਘ ਪੁਰੀ ਦੀ ਪ੍ਰਧਾਨਗੀ ਹੇਠ ਸਤਿਸੰਗ ਭਵਨ (ਬੈਕ ਸਾਈਡ ਮੋਹਨ ਫਾਸਟ ਫੂਡ) ਦਾਣਾ ਮੰਡੀ ਵਿਖੇ ਹੋਈ। ਜਿਸ ਵਿੱਚ ਯੂਥ ਪ੍ਰਧਾਨ ਪੰਜਾਬ ਪ੍ਰਮੋਦ ਝਾਂਜੀ ਤੋਂ ਇਲਾਵਾ ਫਗਵਾੜਾ ਪ੍ਰਧਾਨ ਮਦਨ ਮੋਹਨ ਬਜਾਜ (ਗੁਡ) ਅਤੇ ਉਪ ਪ੍ਰਧਾਨ ਦਵਿੰਦਰ ਭੱਲਾ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਸ ਦੌਰਾਨ ਯੂਥ ਇਕਾਈ ਦਾ ਗਠਨ ਕਰਦਿਆਂ ਭਰਤ ਬੇਦੀ ਨੂੰ ਫਗਵਾੜਾ ਯੂਥ ਵਿੰਗ ਦਾ ਪ੍ਰਧਾਨ ਐਲਾਨਿਆ ਗਿਆ ਅਤੇ ਪੰਜਾਬ ਪ੍ਰਧਾਨ ਪ੍ਰਮੋਦ ਝਾਂਜੀ ਨੇ ਉਨ੍ਹਾਂ ਨੂੰ ਕਾਰਜਕਾਰਨੀ ਗਠਿਤ ਕਰਨ ਦਾ ਅਧਿਕਾਰ ਦਿੱਤਾ। ਪੰਜਾਬ ਪ੍ਰਧਾਨ ਪ੍ਰਮੋਦ ਝਾਂਜੀ ਤੋਂ ਇਲਾਵਾ ਪੰਜਾਬ ਕਾਰਜਕਾਰਨੀ ਮੈਂਬਰਾਂ ਅਮਿਤ ਵਰਮਾ ਅਤੇ ਸੁਧੀਰ ਕੱਕੜ ਨੇ ਵੀ ਨਵ-ਨਿਯੁਕਤ ਪ੍ਰਧਾਨ ਭਰਤ ਬੇਦੀ ਨੂੰ ਸ਼ੁੱਭ ਇੱਛਾਵਾਂ ਦਿੱਤੀਆਂ। ਮੀਟਿੰਗ ਦੌਰਾਨ ਹਾਜ਼ਰ ਖੱਤਰੀ ਸਮਾਜ ਦੇ ਪਤਵੰਤਿਆਂ ਨੂੰ ਸੰਬੋਧਨ ਕਰਦਿਆਂ ਮਦਨ ਮੋਹਨ ਬਜਾਜ ਗੁਡ ਨੇ ਕਿਹਾ ਕਿ ਜਿਸ ਤਰ੍ਹਾਂ ਦੇਸ਼ ਦੇ ਵਿਕਾਸ ਅਤੇ ਸਮਾਜ ਨੂੰ ਉੱਚਾ ਚੁੱਕਣ ਲਈ ਨੌਜਵਾਨ ਹਮੇਸ਼ਾ ਅਹਿਮ ਭੂਮਿਕਾ ਨਿਭਾਉਂਦੇ ਹਨ, ਉਸੇ ਤਰ੍ਹਾਂ ਯੂਥ ਵਿੰਗ ਖਤਰੀ ਸਭਾ ਦੀ ਤਾਕਤ ਦਾ ਕੰਮ ਕਰੇਗਾ। ਮੀਤ ਪ੍ਰਧਾਨ ਦਵਿੰਦਰ ਭੱਲਾ ਨੇ ਮੀਟਿੰਗ ਵਿੱਚ ਔਰਤਾਂ ਦੀ ਹਾਜ਼ਰੀ ਦਾ ਵਿਸ਼ੇਸ਼ ਤੌਰ 'ਤੇ ਜ਼ਿਕਰ ਕਰਦਿਆਂ ਕਿਹਾ ਕਿ ਅੱਜ ਦੀ ਮੀਟਿੰਗ ਵਿੱਚ ਸ਼ਾਮਲ ਹੋ ਕੇ ਔਰਤਾਂ ਵੱਲੋਂ ਦਿਖਾਏ ਗਏ ਉਤਸ਼ਾਹ ਨੂੰ ਧਿਆਨ ਵਿੱਚ ਰੱਖਦਿਆਂ ਜਲਦੀ ਹੀ ਮਹਿਲਾ ਵਿੰਗ ਦੇ ਗਠਨ ਬਾਰੇ ਵੀ ਵਿਚਾਰ ਕੀਤਾ ਜਾਵੇਗਾ। ਅਖੀਰ ਵਿਚ ਨਵ-ਨਿਯੁਕਤ ਯੂਥ ਪ੍ਰਧਾਨ ਭਰਤ ਬੇਦੀ ਨੇ ਆਪਣੀ ਨਿਯੁਕਤੀ ਲਈ ਸੀਨੀਅਰ ਅਹੁਦੇਦਾਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਜਲਦੀ ਹੀ ਸਾਰਿਆਂ ਨਾਲ ਵਿਚਾਰ ਵਟਾਂਦਰਾ ਕਰਕੇ ਆਪਣੀ ਕਾਰਜਕਾਰਨੀ ਦਾ ਗਠਨ ਕਰਨਗੇ ਅਤੇ ਵੱਧ ਤੋਂ ਵੱਧ ਨੌਜਵਾਨਾਂ ਨੂੰ ਜਥੇਬੰਦੀ ਨਾਲ ਜੋੜਨਾ ਉਨ੍ਹਾਂ ਦੀ ਤਰਜੀਹ ਹੋਵੇਗੀ। ਸਭਾ ਦੇ ਜਨਰਲ ਸਕੱਤਰ ਸ਼ੰਕਰ ਝਾਂਜੀ ਨੇ ਆਏ ਹੋਏ ਸਮੂਹ ਪਤਵੰਤਿਆਂ ਦਾ ਧੰਨਵਾਦ ਕੀਤਾ। ਸਟੇਜ ਦਾ ਸੰਚਾਲਨ ਲੈਕਚਰਾਰ ਹਰਜਿੰਦਰ ਗੋਗਨਾ ਨੇ ਆਪਣੇ ਜਾਣੇ-ਪਛਾਣੇ ਅੰਦਾਜ਼ ਵਿੱਚ ਕੀਤਾ। ਇਸ ਮੌਕੇ ਸਭਾ ਦੇ ਸਕੱਤਰ ਵਿਤਿਨ ਪੁਰੀ, ਕੈਸ਼ੀਅਰ ਭਾਰਤ ਭੂਸ਼ਨ ਬੇਦੀ, ਪਰਵੀਨ ਪੱਬੀ, ਇੰਦਰਜੀਤ ਜੈਰਥ, ਪ੍ਰੇਮ ਬਜਾਜ, ਗੋਪੀ ਬੇਦੀ, ਵਿਪਨ ਧੀਰ, ਡਾ. ਅਨਿਲ ਓਹਰੀ, ਡਾ. ਅਜੈ ਓਹਰੀ, ਰਾਕੇਸ਼ ਵਢੇਰਾ, ਪਰਵੇਸ਼ ਕੁਮਾਰ, ਮੁਕੇਸ਼ ਮੈਣੀ, ਨਰੇਸ਼ ਕੋਹਲੀ, ਹਰੀਸ਼ ਧੀਰ ਗੋਲਡੀ, ਸੰਜੀਵ ਸੌਂਧੀ, ਨਵੀਨ ਜਲੋਟਾ, ਅਰਨਵ ਧੀਰ, ਪਵਨ ਭੰਡਾਰੀ, ਅਮਿਤ ਬਹਿਲ, ਮੰਗੇਸ਼ ਭੱਲਾ, ਰਣਜੀਤ ਸੌਂਧੀ, ਰਾਜਨ ਸੌਂਧੀ, ਅਜੇ ਜਲੋਟਾ, ਰਾਜਨ ਘੁੱਲਾ, ਗੌਰਵ ਸੌਂਧੀ ਤੋਂ ਇਲਾਵਾ ਸ਼੍ਰੀਮਤੀ ਰਵੀ ਭੱਲਾ, ਸਾਕਸ਼ੀ ਭੰਡਾਰੀ, ਸੀਮਾ ਬਜਾਜ, ਸਵਿਤਾ ਭੱਲਾ, ਨੀਲਮ ਸੌਂਧੀ, ਗੀਤੂ ਸੌਂਧੀ, ਸ਼ਿਖਾ ਝਾਂਜੀ, ਰਜਨੀ ਝਾਂਜੀ, ਸ਼ਵੇਤਾ, ਸਾਨਵੀ, ਦੀਆ ਕੌੜਾ ਆਦਿ ਹਾਜ਼ਰ ਸਨ।





# ਪੁਸਤਕ ਰੀਵਿਊ, ਭੂਤਾਂ ਦੇ ਸਿਰਨਾਵੇਂ ਨਾਵਲ

ਡਾ. ਸਾਧੂ ਰਾਮ ਲੰਗੇਆਣਾ ਬਹੁਪੱਖੀ ਸ਼ਖਸ਼ੀਅਤ ਦੇ ਮਾਲਕ ਹਨ। ਆਪ ਗੀਤ, ਕਵਿਤਾ, ਮਿੰਨੀ ਕਹਾਣੀ, ਵਿਅੰਗ ਅਤੇ ਬਾਲ ਸਹਿਤ ਦੇ ਖੇਤਰ ਵਿੱਚ ਇਕੋ ਸਮੇਂ ਜ਼ਿਕਰਯੋਗ ਕਾਰਜ ਕਰ ਰਹੇ ਹਨ। ਆਪ ਸਮਾਜਿਕ ਬੁਰਾਈਆਂ ਦੇ ਖਿਲਾਫ ਟੈਲੀਫਿਲਮਾਂ ਦੇ ਨਿਰਮਾਣ ਵਿੱਚ ਨਿਰੰਤਰ ਕਾਰਜ ਕਰ ਰਹੇ ਹਨ। ਐਕਟਿੰਗ ਦੇ ਨਾਲ-ਨਾਲ ਡਾਇਰੈਕਸ਼ਨ ਦੇ ਖੇਤਰ ਵਿੱਚ ਵੀ ਜੁੱਟੇ ਹੋਏ ਹਨ। ਹੱਥਲਾ ਨਾਵਲ 'ਭੂਤਾਂ ਦੇ ਸਿਰਨਾਵੇਂ' (ਬਾਲ ਨਾਵਲ) ਲੇਖਕ ਦੀ 8ਵੀਂ ਪੁਸਤਕ ਹੈ। ਇਸ ਤੋਂ ਪਹਿਲਾਂ ਲੇਖਕ ਨੇ ਹਾਸ ਵਿਅੰਗ ਦੀਆਂ 3 ਪੁਸਤਕਾਂ, ਬਾਲ ਗੀਤ, ਬਾਲ ਕਵਿਤਾਵਾਂ ਅਤੇ 2 ਕਵਿਤਾਵਾਂ ਦੀਆਂ ਕਿਤਾਬਾਂ ਪੰਜਾਬੀ ਸਾਹਿਤ ਦੀ ਝੋਲੀ ਵਿੱਚ ਪਾ ਚੁੱਕੇ ਹਨ। ਆਪ ਮਾਂ-ਬੋਲੀ ਪੰਜਾਬੀ ਦੀ ਨਿਰੰਤਰ ਸੇਵਾ ਕਰ ਰਹੇ ਹਨ। 'ਭੂਤਾਂ ਦੇ ਸਿਰਨਾਵੇਂ' ਆਪ ਦਾ ਨਵਾਂ ਤਰਕਸ਼ੀਲ ਬਾਲ ਨਾਵਲ ਹੈ। ਨਾਵਲ ਵਿੱਚ ਤਾਈਂ ਨਿਹਾਲੀ ਅਤੇ ਲਾਜੋ ਨਾਮ ਦੇ ਦੋ ਪਾਤਰ ਸਿਰਜਕੇ ਮੁਹੱਲੇ ਦੇ ਬਾਲ ਪਾਤਰਾਂ ਦੇ ਸਵਾਲਾਂ ਅਤੇ ਲਾਜੋ ਦੇ ਜਵਾਬਾਂ ਨਾਲ ਇਹ ਨਾਵਲ ਵਹਿਮਾਂ ਭਰਮਾਂ ਦੇ ਖਿਲਾਫ ਸੰਦੇਸ਼ ਦੇਣ ਵਿੱਚ ਕਾਮਯਾਬ ਰਿਹਾ ਹੈ। ਦਾਦੀ ਮਾਂ (ਲਾਜੋ) ਤਰਕਮਈ ਅਤੇ ਵਿਗਿਆਨਿਕ ਢੰਗ ਨਾਲ ਉੱਤਰ ਦੇ ਕੇ ਸਮਾਜ ਵਿੱਚ ਫੈਲੇ ਹੋਏ ਭਰਮ ਭੁਲੇਖੇ, ਅੰਧ ਵਿਸ਼ਵਾਸ ਅਤੇ ਚਮਤਕਾਰਾਂ ਦੇ ਜਾਲੇ ਦੂਰ ਕਰਦੀ ਹੈ। ਦਾਦੀ ਆਪਣੇ ਤਜਰਬਿਆਂ ਨਾਲ ਕਰਮ ਕਾਂਡਾਂ ਵਿੱਚੋਂ ਬਾਹਰ ਕੱਢ ਕੇ ਉਨ੍ਹਾਂ ਨੂੰ ਭੂਤਾਂ ਦੇ ਸਿਰਨਾਵੇਂ ਦਿਖਾਕੇ ਇਕ ਵਧੀਆਂ ਤਰੀਕੇ ਨਾਲ ਜਿੰਦਗੀ ਜਿਉਣ ਦੇ ਰਾਹ ਤੋਰਿਆ। ਇਸ ਨਾਵਲ ਵਿੱਚ ਡਾ. ਸਾਧੂ ਰਾਮ ਲੰਗੇਆਣਾ ਨੇ ਬੱਚਿਆਂ ਦੇ ਮਨੋਵਿਗਿਆਨ ਨੂੰ ਸਮਝਦਿਆਂ ਉਹਨਾਂ ਦੇ ਮਨਾਂ ਵਿੱਚ ਉੱਠਦੇ ਸ਼ੰਕਿਆਂ, ਸਵਾਲਾਂ ਦੇ ਜਵਾਬ ਤਰਕਸ਼ੀਲ ਨਜ਼ਰੀਏ ਨਾਲ ਦਿੱਤੇ ਹਨ। ਪੀੜੀ ਦਰ ਪੀੜੀ ਚੱਲੇ ਆ ਰਹੇ ਅੰਧ ਵਿਸ਼ਵਾਸ ਅਤੇ ਵਹਿਮਾਂ ਭਰਮਾਂ ਨੂੰ ਦੂਰ ਕਰਨ ਦੀ ਸਾਰਥਿਕ ਕੋਸ਼ਿਸ਼ ਕੀਤੀ ਹੈ। ਬਾਬਿਆਂ ਤੋਂ ਹਥੋਲਾ ਪਾਉਣ ਦੇ ਵਹਿਮ ਨੂੰ ਦੂਰ ਕਰਨਾ, ਤ੍ਰਿਵੇਣੀ ਦੇ ਗੁਣਾਂ ਬਾਰੇ ਬਹੁਤ ਸਰਲ ਤਰੀਕੇ ਨਾਲ ਸਮਝਾਇਆ ਹੈ। ਗੱਪੂ ਟੇਸ਼ਨ ਵਾਲੇ ਬਾਬੇ ਦੇ ਕਰਮ ਕਾਂਡਾਂ ਨੂੰ ਸਮਾਜ ਦੇ ਵਰਤਾਰੇ ਨੂੰ ਰੂਪਮਾਨ ਕਰਨ ਦੀ ਕੋਸ਼ਿਸ਼ ਕੀਤੀ ਹੈ। ਔਤਰਿਆਂ ਦੀ ਸਮਾਧ ਬਣਾਉਣ ਪਿੱਛੇ ਕਾਰਨ ਵਧੀਆਂ ਢੰਗ ਨਾਲ ਸਮਝਾਏ ਹਨ। ਨਾਵਲ ਨੂੰ ਰੋਚਕ ਬਣਾਉਣ ਲਈ ਲੇਖਕ ਨੇ ਬਹੁਤ ਸਾਰੀਆਂ ਕਵਿਤਾਵਾਂ ਦਾ ਵੀ ਸਹਾਰਾ ਲਿਆ ਹੈ। ਕਾਵਿ ਵਿਅੰਗ ਵੀ ਕਮਾਲ ਦੇ ਹਨ। ਇਹ ਸਭ ਲੇਖਕ ਦੀ ਸਮਰੱਥਾ ਨੂੰ ਦਰਸਾਉਂਦੇ ਹਨ। ਲੇਖਕ ਨੇ ਬਹੁਤ ਵਧੀਆਂ ਢੰਗ ਨਾਲ ਨਾਵਲ ਦੀ ਰਚਨਾ ਕੀਤੀ ਹੈ। ਨਾਵਲ ਨੂੰ ਅੱਠ ਭਾਗਾਂ ਵਿੱਚ ਵੰਡ ਕੇ ਰਚਨਾ ਕੀਤੀ ਹੈ। ਵਾਕ ਬਣਤਰ ਬਹੁਤ ਸਰਲ ਹੈ। ਇਹ ਵਾਕ ਬਣਤਰ ਬੱਚਿਆਂ ਦੇ ਹਾਣ ਦੀ ਹੈ। ਇਸ ਨਾਵਲ ਨੂੰ ਬੱਚਿਆਂ ਦੇ ਨਾਲ-ਨਾਲ ਆਮ ਵਿਅਕਤੀ ਵੀ ਪੜ੍ਹਕੇ ਅੰਧ ਵਿਸ਼ਵਾਸ ਵਿੱਚੋਂ ਬਾਹਰ ਆ ਸਕਦਾ ਹੈ। ਦਰੱਖਤਾਂ ਦੁਆਲੇ ਦੀਵੇ ਜਗਾਉਣ ਤੋਂ ਪਰਦਾ ਚੁੱਕਿਆ ਹੈ। ਇਸ ਤੋਂ ਇਲਾਵਾ ਹੋਰ ਬਹੁਤ ਸਾਰੇ ਅੰਧ ਵਿਸ਼ਵਾਸ ਦੂਰ ਕੀਤੇ ਹਨ। ਲੇਖਕ ਨੇ ਬਾਲ ਰੂਪ ਵਿੱਚ ਸਵਾਲ ਕਰਕੇ ਅਤੇ ਦਾਦੀ ਮਾਂ ਦੇ ਰੂਪ ਵਿੱਚ ਜਵਾਬ ਦੇ ਕੇ ਕਮਾਲ ਦੇ ਨਾਵਲ ਦੀ ਰਚਨਾ ਕੀਤੀ ਹੈ। ਨਾਵਲ ਪੜ੍ਹਕੇ ਇਨਸਾਨ ਹੌਲਾ ਮਹਿਸੂਸ ਕਰਦਾ ਹੈ। ਉਸਦੇ ਮਨ ਵਿੱਚ ਘਰ ਕੀਤੇ ਬਹੁਤ ਸਾਰੇ ਅੰਧ ਵਿਸ਼ਵਾਸ ਦੂਰ ਹੋ ਜਾਂਦੇ ਹਨ। ਡਾ. ਸਾਧੂ ਰਾਮ ਲੰਗੇਆਣਾ ਦੇ ਨਾਵਲ 'ਭੂਤਾਂ ਦੇ ਸਿਰਨਾਵੇਂ' ਨੂੰ ਪੰਜਾਬੀ ਸਾਹਿਤ ਵਿੱਚ ਜੀ ਆਇਆ ਕਹਿਣਾ ਬਣਦਾ ਹੈ।




**ਪਰਗਟ ਸਿੰਘ ਜੰਬਰ**
85280-26566,
88377-26702

# ਰੈਸਟ ਹਾਊਸ ਫਗਵਾੜਾ ਵਿਖੇ ਹੋਈ ਜੇਸੀਟੀ ਮਿੱਲ ਮਜ਼ਦੂਰ ਯੂਨੀਅਨ ਦੀ ਹੰਗਾਮੀ ਮੀਟਿੰਗ

ਪੰਜਾਬ ਦਾ ਖੁਲਾਸਾ

**ਫਗਵਾੜਾ, 25 ਨਵੰਬਰ ( ਪ੍ਰੀਤ ਕੌਰ ਪ੍ਰੀਤੀ )** ਜੇ.ਸੀ.ਟੀ ਮਿੱਲ ਮਾਲਕਾਂ ਵਲੋਂ ਮਜ਼ਦੂਰਾਂ ਦੇ ਬਕਾਏ ਲਈ ਸੰਘਰਸ਼ ਕਰ ਰਹੀ ਜੇ.ਸੀ.ਟੀ ਮਿੱਲ ਮਜ਼ਦੂਰ ਯੂਨੀਅਨ ਦੀ ਇੱਕ ਹੰਗਾਮੀ ਮੀਟਿੰਗ ਸਥਾਨਕ ਰੈਸਟ ਹਾਊਸ ਵਿਖੇ ਹੋਈ। ਯੂਨੀਅਨ ਦੇ ਪ੍ਰਧਾਨ ਰਵੀ ਸਿੱਧੂ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਦੌਰਾਨ ਯੂਨੀਅਨ ਦੇ ਚੇਅਰਮੈਨ ਸੁਨੀਲ ਪਾਂਡੇ ਤੋਂ ਇਲਾਵਾ ਸ਼ਿਵ ਸੈਨਾ (ਯੂਬੀਟੀ) ਦੇ ਸੂਬਾ ਪ੍ਰੈਸ ਸਕੱਤਰ ਕਮਲ ਸਰੋਜ ਅਤੇ ਸਾਬਕਾ ਮਹਿਲਾ ਕੌਂਸਲਰ ਤ੍ਰਿਪਤਾ ਸ਼ਰਮਾ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਪ੍ਰਧਾਨ ਰਵੀ ਸਿੱਧੂ, ਚੇਅਰਮੈਨ ਸੁਨੀਲ ਪਾਂਡੇ ਅਤੇ ਅਜੇ ਯਾਦਵ ਨੇ ਕਿਹਾ ਕਿ ਪੁਲੀਸ ਨੇ ਮਿੱਲ ਮਾਲਕਾਂ ਖ਼ਿਲਾਫ਼ ਐਫ.ਆਈ.ਆਰ. ਤਾਂ ਦਰਜ ਕੀਤੀ ਪਰ ਅੱਜ ਤੱਕ ਨਾ ਤਾਂ ਦੋਸ਼ੀ ਮਿੱਲ ਮਾਲਕਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ ਅਤੇ ਨਾ ਹੀ ਮਾਲਕਾਂ ਵਲੋਂ ਕੀਤੀ ਧੋਖਾਧੜੀ ਅਤੇ ਗੁੰਡਾਗਰਦੀ ਵਿੱਚ ਸ਼ਾਮਲ ਮਿੱਲ ਪ੍ਰਬੰਧਕਾਂ ਖਿਲਾਫ ਕੋਈ ਪੁਲਿਸ ਕਾਰਵਾਈ ਕੀਤੀ ਗਈ ਹੈ। ਇਹ ਵੀ ਪਤਾ ਲੱਗਾ ਹੈ ਕਿ ਪੁਲਿਸ ਐਫ.ਆਈ.ਆਰ ਰੱਦ ਕਰਨ ਦੀ ਕਾਰਵਾਈ ਕਰਨ ਜਾ ਰਹੀ ਹੈ। ਜਿਸ ਲਈ ਉਹ ਚੇਤਾਵਨੀ ਦੇਣਾ ਚਾਹੁੰਦੇ ਹਨ ਕਿ ਇਸ ਮਾਮਲੇ ਨੂੰ ਰਫਾ-ਦਫਾ ਕਰਨ ਜਾਂ ਇਸ 'ਤੇ ਪਰਦਾ ਪਾਉਣ ਦੀ ਕਿਸੇ ਵੀ ਕੋਸ਼ਿਸ਼ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਜੇਕਰ ਪੁਲਿਸ ਨੇ ਅਜਿਹਾ ਕੁਝ ਕਰਨ ਦੀ ਕੋਸ਼ਿਸ਼ ਕੀਤੀ ਤਾਂ ਤਿੱਖਾ ਵਿਰੋਧ ਕੀਤਾ ਜਾਵੇਗਾ। ਇੱਥੋਂ ਤੱਕ ਕਿ ਮਿੱਲ ਮਾਲਕਾਂ ਅਤੇ ਪ੍ਰਬੰਧਕਾਂ ਨੂੰ ਵੀ ਮਿੱਲ ਅੰਦਰ ਨਹੀਂ ਜਾਣ ਦਿੱਤਾ ਜਾਵੇਗਾ ਅਤੇ ਨਾ ਹੀ ਮਿੱਲ ਦਾ ਕੋਈ ਸਾਮਾਨ ਬਾਹਰ ਜਾਣ ਦਿੱਤਾ ਜਾਵੇਗਾ। ਸ਼ਿਵ ਸੈਨਾ ਆਗੂ ਕਮਲ ਸਰੋਜ ਨੇ ਵੀ ਕਿਹਾ ਕਿ ਜਦੋਂ ਤੱਕ ਮਿੱਲ ਦੇ ਤਿੰਨ ਹਜ਼ਾਰ ਦੇ ਕਰੀਬ ਮਜ਼ਦੂਰਾਂ ਦੇ ਹੱਕ ਦਾ ਇੱਕ-ਇੱਕ ਪੈਸਾ ਅਦਾ ਨਹੀਂ ਕੀਤਾ ਜਾਂਦਾ, ਉਦੋਂ ਤੱਕ ਉਹ ਮਜ਼ਦੂਰ ਭਾਈਚਾਰੇ ਨਾਲ ਡਟ ਕੇ ਖੜ੍ਹੇ ਰਹਿਣਗੇ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਮਿੱਲ ਮਾਲਕਾਂ ਅਤੇ ਪ੍ਰਬੰਧਕਾਂ ਵਾਂਗ ਪੁਲਿਸ ਜਾਂ ਪ੍ਰਸ਼ਾਸਨ ਨੇ ਵੀ ਮਜ਼ਦੂਰ ਭਾਈਚਾਰੇ 'ਤੇ ਕਿਸੇ ਵੀ ਤਰ੍ਹਾਂ ਦਾ ਅੱਤਿਆਚਾਰ ਕਰਨ ਦੀ ਕੋਸ਼ਿਸ਼ ਕੀਤੀ ਤਾਂ ਇਸ ਨਾਲ ਪੈਦਾ ਹੋਣ ਵਾਲੀ ਸਥਿਤੀ ਦੀ ਜ਼ਿੰਮੇਵਾਰੀ ਸਥਾਨਕ ਪੁਲਿਸ ਅਤੇ ਪ੍ਰਸ਼ਾਸਨ ਦੇ ਉੱਚ ਅਧਿਕਾਰੀਆਂ ਦੀ ਹੋਵੇਗੀ। ਕਮਲ ਸਰੋਜ ਨੇ ਪ੍ਰਸ਼ਾਸਨ ਅਤੇ ਪੰਜਾਬ ਸਰਕਾਰ ਤੋਂ ਪੁਰਜ਼ੋਰ ਮੰਗ ਕੀਤੀ ਕਿ ਮਿੱਲ ਮਾਲਕਾਂ ਖਿਲਾਫ ਲੰਮੇ ਸਮੇਂ ਤੋਂ ਸੰਘਰਸ਼ ਕਰਨ ਲਈ ਮਜਬੂਰ ਤਿੰਨ ਹਜ਼ਾਰ ਮਜ਼ਦੂਰਾਂ ਦੇ ਬਕਾਏ ਤੁਰੰਤ ਦਿਵਾਉਣ ਲਈ ਕਾਰਗਰ ਕਦਮ ਚੁੱਕੇ ਜਾਣ। ਇਸ ਮੌਕੇ ਯੂਨੀਅਨ ਦੇ ਮੀਤ ਪ੍ਰਧਾਨ ਸ਼ਰਧਾਨੰਦ ਸਿੰਘ, ਨਵਲ ਕਿਸ਼ੋਰ ਸਿੰਘ ਜਨਰਲ ਸਕੱਤਰ, ਅਨਿਲ ਮਿਸ਼ਰਾ ਸਕੱਤਰ, ਧਰਮਿੰਦਰ ਸਿੰਘ ਕੈਸ਼ੀਅਰ ਤੋਂ ਇਲਾਵਾ ਮਦਨ ਕੁਮਾਰ ਮਿਸ਼ਰਾ ਮੀਡੀਆ ਇੰਚਾਰਜ, ਤਰੁਣ ਸ਼ਰਮਾ ਲੱਕੀ, ਜਸਵੀਰ ਜੱਸੀ, ਰਾਮ ਈਸ਼ਵਰ ਕੁਮਾਰ, ਜਤਿੰਦਰ ਕੁਮਾਰ, ਰਾਮ ਭਰੋਸੇ ਯਾਦਵ, ਸੰਤੋਸ਼ ਕੁਮਾਰ, ਸਾਗਰ ਸ਼ਰਮਾ, ਬੱਚੂ ਸਿੰਘ, ਸੰਤੋਸ਼ ਪਾਂਡੇ, ਰਜਿੰਦਰ ਯਾਦਵ, ਸਤਿਆਨਾਰਾਇਣ ਸਿੰਘ, ਪੁਸ਼ਪਾ ਦੇਵੀ, ਗੀਤਾ ਤਿਵਾੜੀ, ਰਿਧੀ ਦੇਵੀ ਸਮੇਤ ਵੱਡੀ ਗਿਣਤੀ ਵਿੱਚ ਮਿੱਲ ਵਰਕਰ ਹਾਜ਼ਰ ਸਨ।

# ਭਾਰਤੀ ਜਾਦੂ ਕਲਾ ਦੇ ਬਾਦਸ਼ਾਹ: ਸਮਰਾਟ ਸ਼ੰਕਰ



## ਸਮਰਾਟ ਸ਼ੰਕਰ ਨੇ ਆਪਣੇ ਜਾਦੂਗਰੀ ਜੀਵਨ ਵਿੱਚ 30,000 ਤੋਂ ਵੱਧ ਸ਼ੋਅ ਕਰਕੇ ਇੱਕ ਰਿਕਾਰਡ ਵੀ ਬਣਾਇਆ ਹੈ। ਜਿਸ ਵਿੱਚੋਂ 18000 ਤੋਂ ਵੱਧ ਸ਼ੋਅ ਸਿਰਫ਼ ਚੈਰਟੀ ( ਦਾਨ) ਲਈ ਹੀ ਕੀਤੇ ਹਨ।

ਜਾਦੂ ਇੱਕ ਅਜਿਹੀ ਕਲਾ ਹੈ ਜੋ ਮਨੁੱਖੀ ਕਲਪਨਾ ਜਗਤ ਨੂੰ ਹਕੀਕਤ ਦੇ ਰੂਪ ਵਿੱਚ ਪੇਸ਼ ਕਰਦੀ ਹੈ। ਇਸ ਕਲਾ ਦਾ ਪ੍ਰਾਚੀਨ ਭਾਰਤੀ ਸਭਿਆਚਾਰ ਨਾਲ ਡੂੰਘਾ ਸੰਬੰਧ ਹੈ। ਕਿਹਾ ਜਾਂਦਾ ਹੈ ਕਿ ਭਾਰਤੀ ਜਾਦੂਗਰਾਂ ਨੇ ਆਪਣੀ ਕਲਾ ਦੇ ਜ਼ਰੀਏ ਦੁਨੀਆਂ ਭਰ ਵਿੱਚ ਪ੍ਰਸਿੱਧੀ ਹਾਸਲ ਕੀਤੀ ਹੈ। ਗੋਗੀਆ ਪਾਸ਼ਾ ਅਤੇ ਸੀਨੀਅਰ ਪੀ.ਸੀ. ਸਰਕਾਰ ਵਰਗੇ ਪ੍ਰਸਿੱਧ ਜਾਦੂਗਰਾਂ ਨੇ ਇਸ ਕਲਾ ਨੂੰ ਇੱਕ ਨਵਾਂ ਮੁਕਾਮ ਦਿੱਤਾ। ਉਹਨਾਂ ਵਲੋਂ ਅਦਭੁਤ ਜਾਦੂਗਰੀ ਪ੍ਰਦਰਸ਼ਨਾਂ ਨੇ ਜਾਦੂ ਨੂੰ ਲੋਕਪ੍ਰਿਅ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਹਾਲਾਂਕਿ, ਅੱਜ ਇਹ ਕਲਾ ਭਾਰਤ ਵਿੱਚ ਬਹੁਤ ਘਟ ਵੇਖਣ ਨੂੰ ਮਿਲਦੀ ਹੈ। ਨਵੀਆਂ ਤਕਨੀਕਾਂ ਅਤੇ ਮਨੋਰੰਜਨ ਦੇ ਹੋਰ ਸਾਧਨਾਂ ਦੇ ਕਾਰਨ ਪ੍ਰਾਚੀਨ ਜਾਦੂ ਕਲਾ ਹੁਣ ਅਲੋਪ ਹੋਣ ਦੀ ਕਗਾਰ 'ਤੇ ਹੈ। ਪਰ ਇਹ ਵੀ ਸੱਚ ਹੈ ਕਿ ਕੁਝ ਵਿਸ਼ੇਸ਼ ਜਾਦੂਗਰ ਅੱਜ ਵੀ ਇਸ ਕਲਾ ਨੂੰ ਨਵੀਂ ਪੀੜ੍ਹੀ ਤੱਕ ਲਿਜਾ ਰਹੇ ਹਨ। ਅਜਿਹੇ ਹੀ ਇੱਕ ਨਾਮਵਰ ਜਾਦੂਗਰ ਹਨ, ਸਮਰਾਟ ਸ਼ੰਕਰ। ਜੋ ਪਿੱਛਲੇ ਪੰਜ ਦਹਾਕਿਆਂ ਤੋਂ ਜਾਦੂ ਦੀ ਦੁਨੀਆਂ ਦੇ ਚਮਕਦਾਰ ਸਿਤਾਰੇ ਹਨ। ਸਮਰਾਟ ਸ਼ੰਕਰ ਆਪਣੀ ਕਲਾ ਸਦਕਾ ਨਾ ਸਿਰਫ਼ ਭਾਰਤ ਵਿੱਚ ਸਗੋਂ ਵਿਦੇਸ਼ਾਂ ਵਿੱਚ ਵੀ ਪ੍ਰਸਿੱਧ ਹਨ। ਸਮਰਾਟ ਸ਼ੰਕਰ ਨੇ ਆਪਣੇ ਜਾਦੂਗਰੀ ਜੀਵਨ ਵਿੱਚ 30,000 ਤੋਂ ਵੱਧ ਸ਼ੋਅ ਕਰਕੇ ਇੱਕ ਰਿਕਾਰਡ ਵੀ ਬਣਾਇਆ ਹੈ। ਜਿਸ ਵਿੱਚੋਂ 18000 ਤੋ ਵੱਧ ਸ਼ੋਅ ਸਿਰਫ਼ ਚੈਰਟੀ ( ਦਾਨ ) ਲਈ ਹੀ ਕੀਤੇ ਹਨ। ਉਹ 75 ਸਾਲ ਦੀ ਉਮਰ ਵਿੱਚ ਵੀ ਜ਼ਿੰਦਗੀ ਦੇ ਜੋਸ਼ ਨਾਲ ਭਰਪੂਰ ਹਨ। ਉਹਨਾਂ ਦੇ ਪ੍ਰਦਰਸ਼ਨ ਅਜਿਹੇ ਹਨ ਕਿ ਦਰਸ਼ਕ ਹਰ ਵਾਰ ਹੈਰਾਨ ਹੋ ਜਾਂਦੇ ਹਨ। ਸਮਰਾਟ ਸ਼ੰਕਰ ਦੀ ਕਲਾ ਸਿਰਫ਼ ਲੋਕਾਂ ਦਾ ਮਨੋਰੰਜਨ ਕਰਨ ਤੱਕ ਸੀਮਿਤ ਨਹੀਂ ਹੈ,ਉਹ ਇਸ ਜ਼ਰੀਏ ਇੱਕ ਸੰਦੇਸ਼ ਵੀ ਦੇਂਦੇ ਹਨ। ਉਹ ਕਹਿੰਦੇ ਹਨ ਕਿ ਜਾਦੂ ਸਿਰਫ਼ ਹੱਥ-ਚਲਾਕੀ ਹੀ ਨਹੀਂ, ਸਗੋਂ ਇੱਕ ਵਿਗਿਆਨ ਦੀ ਕਲਾ ਵੀ ਹੈ। ਸਮਰਾਟ ਸ਼ੰਕਰ ਨੇ ਸਿਆਸੀ ਅਤੇ ਫਿਲਮੀ ਦੁਨੀਆਂ ਦੇ ਕਈ ਮਹਾਨ ਵਿਅਕਤੀਆਂ ਨੂੰ ਆਪਣੀ ਕਲਾ ਨਾਲ ਮੋਹਿਆ। ਗਿਆਨੀ ਜ਼ੈਲ ਸਿੰਘ ਤੋਂ ਲੈਕੇ ਮੌਜੂਦਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੱਕ ਅਤੇ ਧਰਮਿੰਦਰ ਤੋਂ ਕੈਟਰੀਨਾ ਕੈਫ ਤੱਕ ਉਹ ਹਰ ਕਿਸੇ ਦੇ ਦਿਲ ਤੇ ਅਸਰ ਛੱਡਣ ਵਿੱਚ ਕਾਮਯਾਬ ਹੋਏ। ਉਹਨਾਂ ਦੇ ਜਾਦੂਗਰੀ ਪ੍ਰਦਰਸ਼ਨ ਸਿਰਫ਼ ਮਨੋਰੰਜਨ ਹੀ ਨਹੀਂ, ਸਗੋਂ ਵਿਰਾਸਤੀ ਗੌਰਵ ਨੂੰ ਦਰਸਾਉਂਦੇ ਵੀ ਹਨ।ਇਹ ਵੀ ਕਿਹਾ ਜਾਂਦਾ ਹੈ ਕਿ ਮਸ਼ਹੂਰ ਅੰਤਰਰਾਸ਼ਟਰੀ ਜਾਦੂਗਰ ਫ੍ਰਾਂਸਿਸ ਹਰਾਰੇ ਵੀ ਸਮਰਾਟ ਸ਼ੰਕਰ ਦੇ ਪ੍ਰਦਰਸ਼ਨ ਤੋਂ ਪ੍ਰਭਾਵਿਤ ਹੋਏ ਅਤੇ ਉਹਨਾਂ ਦੀ ਤਾਰੀਫ਼ ਕੀਤੀ। ਜਾਦੂਈ ਕਲਾ ਨੂੰ ਜਿਉਂਦਾ ਰੱਖਣ ਲਈ ਸਮਰਾਟ ਸ਼ੰਕਰ ਦਾ ਯੋਗਦਾਨ ਬੇਮਿਸਾਲ ਹੈ। ਉਹ ਅੱਜ ਵੀ ਜਾਦੂ ਦੇ ਜ਼ਰੀਏ ਦੁਨੀਆਂ ਨੂੰ ਹੈਰਾਨ ਕਰ ਰਹੇ ਹਨ ਅਤੇ ਨਵੀਂ ਪੀੜ੍ਹੀ ਨੂੰ ਪ੍ਰੇਰਿਤ ਕਰ ਇਸ ਕਲਾ ਨੂੰ ਅੱਗੇ ਲਿਜਾ ਰਹੇ ਹਨ।

ਭਾਰਤ ਦੀ ਜਾਦੂ ਕਲਾ ਸਿਰਫ਼ ਇੱਕ ਕਲਾ ਹੀ ਨਹੀਂ, ਸਗੋਂ ਭਾਰਤੀ ਸਭਿਆਚਾਰ ਅਤੇ ਇਤਿਹਾਸ ਦਾ ਅਮੁੱਲ ਹਿੱਸਾ ਵੀ ਹੈ। ਸਮਰਾਟ ਸ਼ੰਕਰ ਵਰਗੇ ਜਾਦੂਗਰ ਇਸ ਕਲਾ ਨੂੰ ਇੱਕ ਨਵੀਂ ਉਚਾਈ ਤੱਕ ਲਿਜਾ ਰਹੇ ਹਨ। ਉਹਨਾਂ ਦੀ ਮਿਹਨਤ ਅਤੇ ਜੋਸ਼ ਸਦਕਾ ਹੀ ਭਾਰਤੀ ਜਾਦੂ ਕਲਾ ਦੀ ਚਮਕ ਅੱਜ ਵੀ ਬਰਕਰਾਰ ਹੈ।



**ਬਲਦੇਵ ਸਿੰਘ ਬੇਦੀ, ਜਲੰਧਰ**